ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

You Tube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 10 ਮਾਰਚ 2026 (ਨਾਨਕਸ਼ਾਹੀ ਸੰਮਤ : ੫੫੭, ੨੭ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਕਿਸ਼ਤੀ ਡੁੱਬਣ ਕਾਰਨ 14 ਪ੍ਰਵਾਸੀਆਂ ਦੀ ਮੌਤ, ਤੁਰਕੀ 'ਚ ਵਾਪਰਿਆ ਵੱਡਾ ਹਾਦਸਾ

**ਅੰਕਾਰਾ (ਤੁਰਕੀ), 9 ਮਾਰਚ (ਆਵਾਜ਼ਿ ਕੌਮ ਬਿਊਰੋ)**-ਤੁਰਕੀ ਦੇ ਮੈਡੀਟੇਰੀਅਨ ਤੱਟ 'ਤੇ ਸੋਮਵਾਰ ਨੂੰ ਇਕ ਦਰਦਨਾਕ ਹਾਦਸਾ ਵਾਪਰਿਆ, ਜਿਸ ਵਿਚ ਘੱਟੋ-ਘੱਟ 14 ਪ੍ਰਵਾਸੀਆਂ ਦੀ ਡੁੱਬਣ ਕਾਰਨ ਮੌਤ ਹੋ ਗਈ। ਸਰਕਾਰੀ ਅਧਿਕਾਰੀਆਂ ਅਨੁਸਾਰ, ਇਹ ਹਾਦਸਾ ਉਸ ਸਮੇਂ ਵਾਪਰਿਆ ਜਦੋਂ ਪ੍ਰਵਾਸੀਆਂ ਦੀ ਇਕ ਕਿਸ਼ਤੀ ਦੀ ਕੋਸਟ ਗਾਰਡ ਦੀ ਕਿਸ਼ਤੀ ਨਾਲ ਟੱਕਰ ਹੋ ਗਈ। ਜਾਣਕਾਰੀ ਮੁਤਾਬਕ ਇਹ ਘਟਨਾ ਅੰਤਾਲਿਆ ਸੂਬੇ ਦੇ ਡੇਮਰੇ ਤੱਟ ਦੇ ਨੇੜੇ ਵਾਪਰੀ। ਰਾਜਪਾਲ ਹੁਲੂਸੀ ਸਾਹਿਨ ਨੇ ਦੱਸਿਆ ਕਿ ਅਫਗਾਨ ਪ੍ਰਵਾਸੀਆਂ ਨੂੰ ਲੈ ਕੇ ਜਾ ਰਹੀ ਕਿਸ਼ਤੀ ਨੇ ਕੋਸਟ ਗਾਰਡ ਦੇ ਰੁਕਣ ਦੇ ਇਸ਼ਾਰਿਆਂ ਨੂੰ ਨਜ਼ਰਅੰਦਾਜ਼ ਕਰ ਦਿੱਤਾ ਸੀ। ਕਿਸ਼ਤੀ ਨੇ ਬਚਣ ਲਈ ਤੇਜ਼ ਰਫਤਾਰ ਨਾਲ ਖਤਰਨਾਕ ਮੋੜ ਕੱਟਣ ਦੀ ਕੋਸ਼ਿਸ਼ ਕੀਤੀ, ਜਿਸ ਦੌਰਾਨ ਇਹ ਟੱਕਰ ਹੋ ਗਈ।

ਕੋਸਟ ਗਾਰਡ ਦੀਆਂ ਟੀਮਾਂ ਨੇ ਸਮੁੰਦਰ ਵਿਚੋਂ 7 ਲੋਕਾਂ ਨੂੰ ਸੁਰੱਖਿਅਤ ਬਚਾ ਲਿਆ ਹੈ, ਜਿਨ੍ਹਾਂ ਨੂੰ ਤੁਰੰਤ ਡਾਕਟਰੀ ਸਹਾਇਤਾ ਦਿੱਤੀ ਜਾ ਰਹੀ ਹੈ। ਇਸ ਤੋਂ ਇਲਾਵਾ, 14 ਹੋਰ ਪ੍ਰਵਾਸੀ ਜੋ ਕਿਨਾਰੇ ਤੱਕ ਪਹੁੰਚਣ ਵਿਚ ਸਫਲ ਰਹੇ, ਨੂੰ ਪੁਲਿਸ (ਜੈਂਡਰਮੇਰੀ ਯੂਨਿਟਾਂ) ਵੱਲੋਂ ਹਿਰਾਸਤ ਵਿਚ ਲੈ ਲਿਆ ਗਿਆ ਹੈ। ਲਾਪਤਾ ਲੋਕਾਂ ਦੀ ਭਾਲ ਲਈ ਜ਼ਮੀਨੀ, ਸਮੁੰਦਰੀ ਤੇ ਹਵਾਈ ਰਸਤਿਆਂ ਰਾਹੀਂ ਵੱਡੇ ਪੱਧਰ 'ਤੇ ਸਰਚ ਆਪ੍ਰੇਸ਼ਨ ਚਲਾਇਆ ਜਾ ਰਿਹਾ ਹੈ। ਅਧਿਕਾਰੀਆਂ ਨੇ ਇਸ ਪੂਰੀ ਘਟਨਾ ਦੀ ਨਿਆਂਇਕ ਤੇ ਪ੍ਰਸ਼ਾਸਨਿਕ ਜਾਂਚ ਦੇ ਹੁਕਮ ਦੇ ਦਿੱਤੇ ਹਨ।

## ਗੁਰਦਾਸਪੁਰ 'ਚ 'ਆਪ' ਰੈਲੀ ਦੌਰਾਨ ਮੁੱਖ ਮੰਤਰੀ ਦਾ ਤਿੱਖਾ ਵਿਰੋਧ

# ਪੁਲਿਸ ਤੇ ਕਿਸਾਨਾਂ ਵਿਚਾਲੇ ਝੜਪ, ਕਈਆਂ ਦੀਆਂ ਪੱਗਾਂ ਲੱਥੀਆਂ

**ਗੁਰਦਾਸਪੁਰ, 9 ਮਾਰਚ (ਆਵਾਜ਼ਿ ਕੌਮ ਬਿਊਰੋ)**-ਗੁਰਦਾਸਪੁਰ 'ਚ ਅੱਜ ਆਮ ਆਦਮੀ ਪਾਰਟੀ ਦੀ ਰੈਲੀ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਦਾ ਕਿਸਾਨਾਂ ਵੱਲੋਂ ਤਿੱਖਾ ਵਿਰੋਧ ਕੀਤਾ ਗਿਆ। ਇਸ ਦੌਰਾਨ ਕਿਸਾਨਾਂ ਦੀ ਪੁਲਿਸ ਨਾਲ ਤਿੱਖੀ ਝੜਪ ਵੀ ਹੋਈ, ਜਿਸ ਦੌਰਾਨ ਕਈ ਕਿਸਾਨਾਂ ਦੀਆਂ ਪੱਗਾਂ ਵੀ ਲੱਥੀਆਂ। ਕਿਸਾਨ ਆਗੂਆਂ ਨੇ ਇਲਜ਼ਾਮ ਲਾਇਆ ਕਿ ਪੁਲਿਸ ਨੇ ਉਨ੍ਹਾਂ ਦੀਆਂ ਪੱਗਾਂ ਵੀ ਉਛਾਲੀਆਂ।" ਜਾਣਕਾਰੀ ਅਨੁਸਾਰ, ਆਮ ਆਦਮੀ ਪਾਰਟੀ ਪੰਜਾਬ ਵੱਲੋਂ ਗੁਰਦਾਸਪੁਰ ਦੇ ਕਾਹਨੂੰਵਾਨ 'ਚ ਰੈਲੀ ਰੱਖੀ ਗਈ ਸੀ, ਜਿਸ ਵਿੱਚ



ਸ਼ਾਮਲ ਹੋਣ ਲਈ ਜਿਵੇਂ ਹੀ ਮੁੱਖ ਮੰਤਰੀ ਮਾਨ ਪਹੁੰਚੇ ਤਾਂ ਪਹਿਲਾਂ ਤੋਂ ਹੀ ਤਿਆਰ ਬੈਠੇ ਕਿਸਾਨਾਂ ਵੱਲੋਂ ਸਵਾਲ ਜਵਾਬ ਕਰਨ ਲਈ ਸ਼ਾਂਤਮਈ ਢੰਗ ਨਾਲ ਉਸ ਪਾਸੇ ਵੱਲ ਚਾਲੇ ਪਾ ਦਿੱਤੇ। ਪਰੰਤੂ ਇਸ ਦੌਰਾਨ ਪੁਲਿਸ ਨੇ ਰਸਤੇ ਵਿੱਚ ਕਿਸਾਨਾਂ ਨੂੰ ਰੋਕਾਂ ਲਾ ਕੇ ਰੋਕ ਦਿੱਤਾ। ਕਿਸਾਨਾਂ 'ਚ ਇਸ ਕਾਰਨ ਰੋਸ ਪਾਇਆ ਗਿਆ, ਜਿਸ ਕਾਰਨ ਕਈ ਕਿਸਾਨਾਂ ਵੱਲੋਂ ਸੀਐਮ ਵੱਲ ਜਾਣ ਲਈ ਰੋਕਾਂ ਤੋੜ ਕੇ ਖੇਤਾਂ ਵਿਚੋਂ ਹੁੰਦੇ ਹੋਏ ਵਿਰੋਧ ਲਈ ਅੱਗੇ ਵੱਧੇ, ਜਿਸ ਦੌਰਾਨ ਪੁਲਿਸ ਅਤੇ ਕਿਸਾਨਾਂ ਵਿਚਕਾਰ ਤਿੱਖੀ ਝੜਪ ਹੋਈ। ਇਸ ਦੇ ਰੋਸ ਵੱਜੋਂ ਕਿਸਾਨਾਂ ਵੱਲੋਂ ਗੁਰਦਾਸਪੁਰ ਦੇ ਪਿੰਡ ਵੜੈਚ ਵਿਖੇ ਧਰਨਾ ਲਾ ਕੇ ਰੋਡ ਜਾਮ ਕਰ ਦਿੱਤਾ ਗਿਆ। ਕਿਸਾਨ ਆਗੂ ਹਰਵਿੰਦਰ ਸਿੰਘ ਮਸਾਣੀਆਂ ਅਤੇ ਸ਼ਾਮ ਸਿੰਘ ਗਿੱਲ ਮੰਜ ਨੇ ਦੋਸ਼ ਲਾਇਆ ਕਿ ਝੜਪ ਦੌਰਾਨ ਪੁਲਿਸ ਨੇ ਕਈ ਕਿਸਾਨਾਂ ਦੀਆਂ ਪੱਗਾਂ ਵੀ ਉਛਾਲੀਆਂ।

## ਵਿਧਾਨ ਸਭਾ ਬਾਹਰ ਕਾਂਗਰਸ ਤੇ ਆਪ ਵਿਧਾਇਕਾਂ 'ਚ ਤਿੱਖੀ ਬਹਿਸ, ਭਖਿਆ ਮਾਹੌਲ

**ਚੰਡੀਗੜ੍ਹ, 9 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਧਾਨ ਸਭਾ ਦੇ ਬਾਹਰ ਕਾਂਗਰਸੀ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਦੀ 'ਆਪ' ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨਾਲ ਤਿੱਖੀ ਬਹਿਸ ਹੋ ਗਈ। ਜਾਣਕਾਰੀ ਅਨੁਸਾਰ ਬਹਿਸ ਦੀ ਸ਼ੁਰੂਆਤ ਉਸ ਵੇਲੇ ਹੋਈ, ਜਦੋਂ ਕਾਂਗਰਸ ਵਿਧਾਇਕ ਲਾਡੀ ਸ਼ੇਰੋਵਾਲੀਆ ਨੇ ਸਰਪੰਚ ਦੇ ਕਤਲ ਮਾਮਲੇ ਨੂੰ ਲੈ ਕੇ ਆਮ ਆਦਮੀ ਪਾਰਟੀ ਦੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ



ਨੂੰ ਸਵਾਲਾਂ ਦੇ ਘੇਰੇ ਵਿੱਚ ਲਿਆ। ਜਲੰਧਰ ਵਿੱਚ ਹੋਏ ਇਸ ਕਤਲ ਮਾਮਲੇ 'ਚ ਸਰਪੰਚ ਨੂੰ ਗੋਲੀਆਂ ਮਾਰ ਕੇ ਹੱਤਿਆ ਕਰਨ ਦੀ ਘਟਨਾ 'ਤੇ ਕਾਂਗਰਸ ਪੱਖੋਂ ਤਿੱਖੇ ਸਵਾਲ ਚੁੱਖੇ ਗਏ। ਲਾਡੀ ਸ਼ੇਰੋਵਾਲੀਆ ਨੇ ਧਾਲੀਵਾਲ ਨੂੰ ਘੇਰਦੇ ਹੋਏ ਕਿਹਾ ਕਿ ਇਸ ਮਾਮਲੇ 'ਤੇ ਸਰਕਾਰ ਅਤੇ ਸਬੰਧਿਤ ਲੋਕਾਂ ਨੂੰ ਸਪੱਸ਼ਟ ਜਵਾਬ ਦੇਣਾ ਚਾਹੀਦਾ ਹੈ। ਇਸ ਦੌਰਾਨ ਆਮ ਆਦਮੀ ਪਾਰਟੀ ਦੇ ਹੋਰ ਵਿਧਾਇਕ ਵੀ ਮੌਕੇ 'ਤੇ ਪਹੁੰਚ ਗਏ ਅਤੇ ਉਨ੍ਹਾਂ ਨੇ ਕਾਂਗਰਸ ਵਿਧਾਇਕਾਂ ਨੂੰ ਕਿਹਾ ਕਿ ਬਾਹਰ ਹੰਗਾਮਾ ਕਰਨ ਦੀ ਥਾਂ ਵਿਧਾਨ ਸਭਾ ਦੇ ਅੰਦਰ ਆਪਣੀ ਗੱਲ ਰੱਖਣ। ਮੀਡੀਆ ਸਾਹਮਣੇ ਹੋਈ ਇਸ ਬਹਿਸ ਦੌਰਾਨ ਦੋਵੇਂ ਪੱਖਾਂ ਵਿਚਾਲੇ ਤਿੱਖੇ ਸ਼ਬਦ ਵੀ ਵਰਤੇ ਗਏ ਅਤੇ ਕੁੱਝ ਸਮੇਂ ਲਈ ਮਾਹੌਲ ਕਾਫ਼ੀ ਗਰਮ ਹੋ ਗਿਆ। ਹਾਲਾਂਕਿ ਬਾਅਦ ਵਿੱਚ ਮੌਕੇ 'ਤੇ ਮੌਜੂਦ ਹੋਰ ਵਿਧਾਇਕਾਂ ਨੇ ਦਖ਼ਲ ਦੇ ਕੇ ਦੋਵਾਂ ਪੱਖਾਂ ਨੂੰ ਸ਼ਾਂਤ ਕਰਵਾਇਆ ਗਿਆ। ਇਸ ਘਟਨਾ ਤੋਂ ਬਾਅਦ ਪੰਜਾਬ ਦੀ ਸਿਆਸਤ ਇੱਕ ਵਾਰ ਫਿਰ ਗਰਮ ਹੋ ਗਈ ਹੈ ਅਤੇ ਸਰਪੰਚ ਕਤਲ ਮਾਮਲੇ ਨੂੰ ਲੈ ਕੇ ਵਿਰੋਧੀ ਧਿਰ ਸਰਕਾਰ 'ਤੇ ਲਗਾਤਾਰ ਨਿਸ਼ਾਨਾ ਸਾਧ ਰਹੀ ਹੈ।

## ਕੈਨੇਡਾ ਗਈ ਇੱਕ ਹੋਰ ਕੁੜੀ ਨੇ ਸਹੁਰਿਆਂ ਨਾਲ ਮਾਰੀ ਠੱਗੀ ! ਸਹੁਰਾ ਪਰਿਵਾਰ ਨੇ 58 ਲੱਖ ਦੀ ਠੱਗੀ ਮਾਰਨ ਦਾ ਲਾਇਆ ਇਲਜ਼ਾਮ

**ਚੰਡੀਗੜ੍ਹ, 9 ਮਾਰਚ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ, ਕੈਨੇਡਾ ਆਦਿ ਦੇਸ਼ਾਂ 'ਚੋਂ ਜਿੱਥੇ ਪ੍ਰਵਾਸੀ ਵਿਦਿਆਰਥੀਆਂ ਅਤੇ ਨੌਜਵਾਨਾਂ ਨੂੰ ਡਿਪੋਰਟ ਕੀਤਾ ਜਾ ਰਿਹਾ ਹੈ ਉੱਥੇ ਹੀ



ਦੂਜੇ ਪਾਸੇ ਅਜੇ ਵੀ ਪੰਜਾਬ ਦੇ ਨੌਜਵਾਨਾਂ 'ਚ ਵਿਦੇਸ਼ ਜਾਣ ਦਾ ਚਾਅ ਖ਼ਤਮ ਨਹੀਂ ਹੋਇਆ ਹੈ ਅਤੇ ਆਪਣੀ ਇਸ ਚਾਅ ਦੇ ਚੱਲਦੇ ਉਹ ਠੱਗੀ ਦਾ ਵੀ ਸ਼ਿਕਾਰ ਹੋ ਰਹੇ ਹਨ। ਜਿਸਦਾ ਖਾਮਿਆਜਾ ਪੂਰੇ ਪਰਿਵਾਰ ਨੂੰ ਭੁਗਤਣਾ ਪੈਂਦਾ ਹੈ। ਇਸੇ ਤਰ੍ਹਾਂ ਦਾ ਮਾਮਲਾ ਨਾਭਾ ਦੇ ਪਿੰਡ ਰੋਹਟਾ ਤੋਂ ਸਾਹਮਣੇ ਆਇਆ ਹੈ ਜਿੱਥੇ ਇੱਕ ਵਿਦੇਸ਼ ਗਈ ਲੜਕੀ ਦੇ ਉੱਤੇ ਆਪਣੇ ਸਹੁਰਾ ਪਰਿਵਾਰ ਦੇ ਨਾਲ 58 ਲੱਖ ਰੁਪਏ ਦੀ ਠੱਗੀ ਮਾਰਨ ਦਾ ਇਲਜ਼ਾਮ ਲੱਗਿਆ ਹੈ। ਇਸ ਮਾਮਲੇ 'ਚ ਪੁਲਿਸ ਵੱਲੋਂ ਇਸ ਮਾਮਲੇ ਵਿੱਚ ਲੜਕੀ ਦੇ ਮਾਪਿਆਂ ਨੂੰ ਗ੍ਰਿਫਤਾਰ ਵੀ ਕਰ ਲਿਆ ਹੈ ਪਰ ਇਹ ਖਬਰ ਹੋਰ ਮਾਪਿਆ ਲਈ ਇੱਕ ਸਬਕ ਹੈ ਤਾਂ ਜੋ ਭਵਿੱਖ ਦੇ ਸੁਪਨਿਆਂ ਨੂੰ ਵੇਖਦੇ ਹੋਏ ਆਪਣਾ ਵਰਤਮਾਨ ਹੀ ਨਾ ਖਰਾਬ ਹੋ ਜਾਵੇ। ਦੱਸ ਦਈਏ ਕਿ ਆਪਣੇ ਨਾਲ ਹੋਈ ਇਸ ਠੱਗੀ ਤੋਂ ਬਾਅਦ ਪੀੜਤ ਲੜਕਾ ਡਿਪਰੈਸ਼ਨ ਵਿੱਚ ਚਲਾ ਗਿਆ ਕਿਉਂਕਿ ਉਸਨੂੰ ਹੁਣ ਵੀ ਉਮੀਦ ਸੀ ਕਿ ਉਸਦੀ ਪਤਨੀ ਉਸਦਾ ਸਾਥ ਨਹੀਂ ਛੱਡੇਗੀ ਪਰ ਜਿਸ ਤਰ੍ਹਾਂ ਦੀ ਠੱਗੀ ਉਸਦੇ ਪਰਿਵਾਰ ਨਾਲ ਹੋਈ ਹੈ ਉਸ ਤੋਂ ਬਾਅਦ ਲੜਕਾ ਕੈਮਰੇ ਅੱਗੇ ਆਉਣ ਤੋਂ ਵੀ ਮਨਾ ਕਰ ਗਿਆ। ਇਸ ਮਾਮਲੇ 'ਤੇ ਪੀੜਤ ਲੜਕੇ ਦੇ ਪਿਤਾ ਨੇ ਦੱਸਿਆ ਕਿ 2018 ਦੇ ਵਿੱਚ ਉਸਦੇ ਪੁੱਤਰ ਦਾ ਵਿਆਹ ਭਵਾਨੀਗੜ੍ਹ ਦੀ ਲੜਕੀ ਨਾਲ ਹੋਇਆ ਸੀ ਜਿਸ ਨੇ ਆਈਲੈਟਸ ਕੀਤੀ ਹੋਈ ਸੀ ਜਿਸ ਤੋਂ ਬਾਅਦ ਵਿਦੇਸ਼ ਭੇਜਣ ਲਈ ਸਾਰਾ ਖਰਚਾ ਸਹੁਰਾ ਪਰਿਵਾਰ ਵੱਲੋਂ ਕੀਤਾ ਗਿਆ ਪਰ ਵਿਦੇਸ਼ ਜਾ ਕੇ ਨਾ ਤਾਂ ਲੜਕੀ ਨੇ ਪੜਾਈ ਕੀਤੀ ਅਤੇ ਨਾ ਹੀ ਪੀਆਰ ਹੋਈ ਸਾਰਾ ਖਰਚ ਕਰਨ ਦੇ ਬਾਵਜੂਦ ਵੀ ਬਾਅਦ ਵਿੱਚ ਲੜਕੀ ਨੇ ਆਪਣੇ ਪਤੀ ਨੂੰ ਨਾ ਪਸੰਦ ਦਾ ਬਹਾਨਾ ਬਣਾ ਕੇ ਕਿਨਾਰਾ ਕਰ ਲਿਆ। ਉਨ੍ਹਾਂ ਅੱਗੇ ਦੱਸਿਆ ਕਿ ਇਸ ਤੋਂ ਬਾਅਦ ਇਸ ਮਾਮਲੇ ਵਿੱਚ ਕਈ ਵਾਰ ਪੰਚਾਇਤ ਨੇ ਲੜਕੀ ਦੇ ਮਾਪਿਆ ਤੱਕ ਪਹੁੰਚ ਕੀਤੀ ਪਰ ਜਦੋਂ ਉਹਨਾਂ ਨੇ ਕੋਈ ਸੁਣਵਾਈ ਨਾ ਸੁਣੀ ਤਾਂ ਪੁਲਿਸ ਕੋਲ ਇਸਦੀ ਸ਼ਿਕਾਇਤ ਕੀਤੀ ਗਈ ਤੇ ਅਖੀਰ ਪੁਲਿਸ ਨੇ ਮਾਪਿਆਂ ਨੂੰ ਗ੍ਰਿਫਤਾਰ ਕਰਕੇ ਪਟਿਆਲਾ ਜੇਲ੍ਹ ਭੇਜ ਦਿੱਤਾ ਉਹਨਾਂ ਹੋਰ ਮਾਪਿਆਂ ਨੂੰ ਅਪੀਲ ਕੀਤੀ ਕਿ ਆਪਣੇ ਬੱਚੇ ਦੇ ਭਵਿੱਖ ਲਈ ਇਸ ਤਰ੍ਹਾਂ ਦੀ ਗਲਤੀ ਨਾ ਕੀਤੀ ਜਾਵੇ ਜਿਸ ਦਾ ਖਮਿਆਜਾ ਪੂਰੇ ਪਰਿਵਾਰ ਨੂੰ ਭੁਗਤਣਾ ਪੈਂਦਾ ਹੈ।

## ਪੰਜਾਬ ਯੂਨੀਵਰਸਿਟੀ 'ਚ ਜ਼ੋਰਦਾਰ ਹੰਗਾਮਾ; ਭਾਜਪਾ ਤੇ ਆਰਐਸਐਸ ਦੀ ਸ਼ਮੂਲੀਅਤ ਵਾਲੇ ਸੈਮੀਨਾਰ ਦਾ ਵਿਰੋਧ

**ਚੰਡੀਗੜ੍ਹ, 9 ਮਾਰਚ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਦੀ ਪੰਜਾਬ ਯੂਨੀਵਰਸਿਟੀ 'ਚ ਉਸ ਸਮੇਂ ਭਾਰੀ ਹੰਗਾਮਾ ਹੋਇਆ ਜਦੋਂ ਸੈਮੀਨਾਰ ਨੂੰ ਲੈ ਕੇ ਵਿਦਿਆਰਥੀਆਂ ਵੱਲੋਂ ਵਿਰੋਧ ਪ੍ਰਦਰਸ਼ਨ ਕੀਤਾ ਗਿਆ। ਮਿਲੀ ਜਾਣਕਾਰੀ ਮੁਤਾਬਿਕ ਸੈਮੀਨਾਰ 'ਚ ਭਾਜਪਾ ਅਤੇ ਆਰਆਰਐਸ ਦੀ ਸ਼ਮੂਲੀਅਤ ਹੋਣ ਕਾਰਨ ਵਿਦਿਆਰਥੀਆਂ ਨੇ ਰੋਸ ਜਾਹਿਰ ਕੀਤਾ। ਇਸ ਦੌਰਾਨ ਪੁਲਿਸ ਨੇ ਕਈ ਵਿਦਿਆਰਥੀਆਂ ਨੂੰ ਡਿਟੇਨ ਕਰ ਲਿਆ। ਮਿਲੀ ਜਾਣਕਾਰੀ ਮੁਤਾਬਿਕ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ ਤੇ ਫਲਸਫੇ ਨਾਲ ਸਬੰਧਿਤ ਸੈਮੀਨਾਰ ਸੀ ਜਿਸ 'ਚ ਆਰਐਸਐਸ



ਦੇ ਇੱਕ ਸੀਨੀਅਰ ਅਹੁਦੇਦਾਰ ਬਨਵੀਰ ਸਿੰਘ ਅਤੇ ਬੀਜੇਪੀ ਆਗੂ ਇਕਬਾਲ ਸਿੰਘ ਲਾਲਪੁਰਾ ਮੁੱਖ ਬੁਲਾਰੇ ਸੀ। ਦੱਸ ਦਈਏ ਕਿ ਵੱਡੀ ਗਿਣਤੀ 'ਚ ਵਿਦਿਆਰਥੀਆਂ ਨੂੰ ਪੁਲਿਸ ਨੇ ਡਿਟੇਨ ਕੀਤਾ ਹੈ ਜਿਨ੍ਹਾਂ ਨੂੰ ਸਹਾਰਨਗ ਪੁਰ ਪੁਲਿਸ ਚੌਂਕੀ ਵਿਖੇ ਰੱਖਿਆ ਗਿਆ ਹੈ। ਖੈਰ ਇੱਕ ਪਾਸੇ ਜਿੱਥੇ ਵਿਦਿਆਰਥੀਆਂ ਨੂੰ ਹਿਰਾਸਤ 'ਚ ਰੱਖਿਆ ਗਿਆ ਹੈ ਦੂਜੇ ਪਾਸੇ ਸੈਮੀਨਾਰ ਯੂਨੀਵਰਸਿਟੀ 'ਚ ਜਾਰੀ ਹੈ। ਵਿਰੋਧ ਪ੍ਰਦਰਸ਼ਨ ਕਰਨ ਵਾਲੇ ਵੱਖ-ਵੱਖ ਜਥੇਬੰਦੀਆਂ ਦੇ ਵਿਦਿਆਰਥੀਆਂ ਨੇ ਦੱਸਿਆ ਕਿ ਅਸੀਂ ਸਿਧਾਂਤਾਂ ਦੀ ਲੜਾਈ ਲੜਦਿਆਂ ਹੋਇਆ ਇਸ ਦਾ ਵਿਰੋਧ ਕਰ ਰਹੇ ਸਨ। ਕਿਉਂਕਿ ਸੈਮੀਨਾਰ ਗੁਰੂ ਤੇਗ ਬਹਾਦਰ ਸਾਹਿਬ 'ਤੇ ਸੀ ਅਤੇ ਉਸ ਨੂੰ ਆਰਐਸਐਸ ਵੱਲੋਂ ਕਰਵਾਇਆ ਜਾ ਰਿਹਾ ਸੀ। ਇਸ ਲਈ ਸਾਡਾ ਵਿਰੋਧ ਸੀ। ਜਦੋਂ ਸੈਮੀਨਾਰ ਸ਼ੁਰੂ ਹੋਇਆ ਤਾਂ ਇੱਕ ਲੜਕੀ ਵੱਲੋਂ ਅੰਦਰ ਪਹੁੰਚ ਕੇ ਵੀ ਇਸ ਦਾ ਵਿਰੋਧ ਕੀਤਾ ਗਿਆ। ਸੈਮੀਨਾਰ ਹਾਲ ਦੇ ਵਿੱਚ ਉਸ ਲੜਕੀ ਦੀ ਜਦ ਆਵਾਜ਼ ਗੂੰਜੀ ਤਾਂ ਪੁਲਿਸ ਵੱਲੋਂ ਉਸ ਲੜਕੀ ਅਤੇ ਉਹਨਾਂ ਦੇ ਵਿਦਿਆਰਥੀਆਂ ਨੂੰ ਵੀ ਡਿਟੇਨ ਕਰ ਲਿਆ ਗਿਆ। ਵਿਦਿਆਰਥੀਆਂ ਦਾ ਸਾਫ ਤੌਰ 'ਤੇ ਕਹਿਣਾ ਹੈ ਕਿ ਜਦੋ ਵੀ ਕਦੇ ਅਜਿਹਾ ਕੋਈ ਪ੍ਰੋਗਰਾਮ ਹੋਵੇਗਾ ਤਾਂ ਅਸੀਂ ਉਸ ਦਾ ਵਿਰੋਧ ਡਟ ਕੇ ਕਰਾਂਗੇ ਕਿਉਂਕਿ ਇਹ ਯੂਨੀਵਰਸਿਟੀ ਵਿਦਿਆਰਥੀ ਅਤੇ ਤਮਾਮ ਜਥੇਬੰਦੀਆਂ ਨੇ ਸਿਧਾਂਤਾਂ ਦੇ ਉਲਟ ਹੈ।

**ਵਿਦਿਆਰਥੀਆਂ 'ਤੇ ਲਾਠੀਚਾਰਜ ਤੇ ਦਸਤਾਰਾਂ ਉਤਾਰਨ ਦੀ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕੀਤੀ ਨਿਖੇਧੀ :** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਚੰਡੀਗੜ੍ਹ ਪੁਲਿਸ ਵੱਲੋਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਵਿਦਿਆਰਥੀਆਂ 'ਤੇ ਲਾਠੀਚਾਰਜ ਕਰਨ ਅਤੇ ਦਸਤਾਰਾਂ ਉਤਾਰੇ ਜਾਣ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਦਸਤਾਰ ਸਿੱਖ ਦੇ ਜੀਵਨ ਦਾ ਅਹਿਮ ਅੰਗ ਹੈ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਜ਼ੋਰ ਦਾ ਪ੍ਰਯੋਗ ਕਰਦਿਆਂ ਵਿਦਿਆਰਥੀਆਂ ਦੀਆਂ ਦਸਤਾਰਾਂ ਉਤਾਰੇ ਜਾਣਾ ਸਿੱਖ ਭਾਵਨਾਵਾਂ ਅਤੇ ਸਿੱਖੀ ਦੇ ਗੌਰਵ ਦਾ ਨਿਰਾਦਰ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦਾ ਸ਼ਾਂਤਮਈ ਤਰੀਕੇ ਨਾਲ ਆਪਣੀ ਗੱਲ ਰੱਖਣਾ ਹੱਕ ਹੈ, ਜਿਸ 'ਤੇ ਕਿਸੇ ਤਰ੍ਹਾਂ ਦੀ ਰੋਕ ਲਗਾਉਣੀ ਪ੍ਰਸ਼ਾਸਨ ਦੀ ਧੱਕੇਸ਼ਾਹੀ ਹੈ।

## ਦਿੱਲੀ ਹਾਈਕੋਰਟ ਨੇ ਬਰੀ ਮੁਲਜ਼ਮਾਂ ਨੂੰ ਜਾਰੀ ਕੀਤਾ ਨੋਟਿਸ, ਕਿਹਾ - ਸਾਰੇ ਮੁਲਜ਼ਮ ਦੋਸ਼ਾਂ ਤੋਂ ਮੁਕਤ ਨਹੀਂ ਹੋਏ

**ਨਵੀਂ ਦਿੱਲੀ, 9 ਮਾਰਚ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਹਾਈ ਕੋਰਟ ਨੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ, ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਅਤੇ 21 ਹੋਰਾਂ ਨੂੰ ਸੀਬੀਆਈ ਦੀ ਅਪੀਲ 'ਤੇ ਨੋਟਿਸ ਜਾਰੀ ਕੀਤਾ ਹੈ, ਜਿਸ ਵਿੱਚ ਹੇਠਲੀ ਅਦਾਲਤ ਦੇ ਸਾਰੇ 23 ਮੁਲਜ਼ਮਾਂ ਨੂੰ ਬਰੀ ਕਰਨ



ਦੇ ਆਦੇਸ਼ ਨੂੰ ਚੁਣੌਤੀ ਦਿੱਤੀ ਗਈ ਹੈ। ਅਗਲੀ ਸੁਣਵਾਈ 16 ਮਾਰਚ ਨੂੰ ਹੋਣੀ ਹੈ। ਹਾਈ ਕੋਰਟ ਨੇ ਹੇਠਲੀ ਅਦਾਲਤ ਨੂੰ ਨਿਰਦੇਸ਼ ਦਿੱਤਾ ਕਿ ਉਹ ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਵੱਲੋਂ ਦਾਇਰ ਮਨੀ ਲਾਂਡਰਿੰਗ ਮਾਮਲੇ ਦੀ ਕਾਰਵਾਈ ਸੀਬੀਆਈ ਦੀ ਪਟੀਸ਼ਨ 'ਤੇ ਫੈਸਲਾ ਆਉਣ ਤੱਕ ਮੁਲਤਵੀ ਕਰ ਦੇਵੇ। ਅਦਾਲਤ ਨੇ ਸੀਬੀਆਈ ਅਤੇ ਇਸਦੇ ਜਾਂਚ ਅਧਿਕਾਰੀਆਂ ਵਿਰੁੱਧ ਹੇਠਲੀ ਅਦਾਲਤ ਦੀਆਂ "ਘਿਨਾਉਣੀਆਂ ਟਿੱਪਣੀਆਂ" ਅਤੇ ਵਿਭਾਗੀ ਜਾਂਚ ਦੇ ਆਦੇਸ਼ 'ਤੇ ਵੀ ਰੋਕ ਲਗਾ ਦਿੱਤੀ। " ਹਾਈ ਕੋਰਟ ਵਿੱਚ ਆਪਣੀ 974 ਪੰਨਿਆਂ ਦੀ ਪਟੀਸ਼ਨ ਵਿੱਚ, ਸੀਬੀਆਈ ਨੇ ਹੇਠਲੀ ਅਦਾਲਤ ਦੇ ਫੈਸਲੇ ਨੂੰ "ਪੂਰੀ ਤਰ੍ਹਾਂ ਗਲਤ ਅਤੇ ਗੈਰ-ਕਾਨੂੰਨੀ" ਕਰਾਰ ਦਿੱਤਾ ਹੈ। ਸੀਬੀਆਈ ਦਾ ਕਹਿਣਾ ਹੈ ਕਿ ਹੇਠਲੀ ਅਦਾਲਤ ਨੇ ਦੋਸ਼ ਤੈਅ ਕਰਨ ਦੇ ਪੜਾਅ 'ਤੇ ਇੱਕ "ਛੋਟਾ ਮੁਕੱਦਮਾ" ਸ਼ੁਰੂ ਕੀਤਾ ਅਤੇ ਸਬੂਤਾਂ ਦੀ ਜਾਂਚ ਕੀਤੀ, ਇਸ ਦੀ ਬਜਾਏ ਇਸ ਨੂੰ ਸੰਪੂਰਨ ਤੌਰ 'ਤੇ ਵਿਚਾਰਿਆ। ਏਜੰਸੀ ਦਾ ਦਾਅਵਾ ਹੈ ਕਿ ਉਸ ਕੋਲ ਇਹ ਸਾਬਤ ਕਰਨ ਲਈ ਕਾਫ਼ੀ ਸਬੂਤ ਅਤੇ ਗਵਾਹ ਹਨ ਕਿ ਇਹ ਨੀਤੀ ਗੋਆ ਚੋਣਾਂ ਨੂੰ ਫੰਡ ਦੇਣ ਲਈ "ਕੁਇਡ ਪ੍ਰੋ ਕੋ" ਦੇ ਆਧਾਰ 'ਤੇ ਬਣਾਈ ਗਈ ਸੀ। ਸੀਬੀਆਈ ਨੇ ਦਲੀਲ ਦਿੱਤੀ ਕਿ ਕੇਜਰੀਵਾਲ ਨਾ ਸਿਰਫ਼ ਮੁੱਖ ਮੰਤਰੀ ਸਨ, ਸਗੋਂ ਪਾਰਟੀ ਦੇ ਮੁਖੀ ਵੀ ਸਨ, ਇਸ ਲਈ ਉਹ "ਕਿੰਗਪਿਨ" ਅਤੇ ਇਸ ਕਥਿਤ ਸਾਜ਼ਿਸ਼ ਦਾ ਮੁੱਖ ਲਾਭਪਾਤਰੀ ਵੀ ਹਨ। 27 ਫਰਵਰੀ, 2026 ਨੂੰ, ਰਾਊਸ ਐਵੇਨਿਊ ਅਦਾਲਤ ਦੇ ਵਿਸ਼ੇਸ਼ ਜੱਜ ਜਤਿੰਦਰ ਸਿੰਘ ਨੇ ਸਾਰੇ 23 ਮੁਲਜ਼ਮਾਂ ਨੂੰ ਬਰੀ ਕਰ ਦਿੱਤਾ ਸੀ। ਜੱਜ ਨੇ ਸੁਣਵਾਈ ਦੌਰਾਨ ਕਿਹਾ ਸੀ ਕਿ ਇਸਤਗਾਸਾ ਪੱਖ ਨੀਤੀ ਪਿੱਛੇ ਕੋਈ ਵੱਡੀ ਸਾਜ਼ਿਸ਼ ਜਾਂ ਅਪਰਾਧਿਕ ਇਰਾਦਾ ਸਾਬਤ ਕਰਨ ਵਿੱਚ ਪੂਰੀ ਤਰ੍ਹਾਂ ਅਸਫਲ ਰਿਹਾ ਹੈ। ਅਦਾਲਤ ਨੇ ਸੀਬੀਆਈ ਜਾਂਚ ਨੂੰ "ਪਹਿਲਾਂ-ਯੋਜਨਾਬੱਧ ਅਤੇ ਕੋਰੀਓਗ੍ਰਾਫ਼ਡ" ਦੱਸਿਆ ਸੀ ਅਤੇ ਜਾਂਚ ਅਧਿਕਾਰੀ ਵਿਰੁੱਧ ਵਿਭਾਗੀ ਜਾਂਚ ਦੀ ਸਿਫ਼ਾਰਸ਼ ਕੀਤੀ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਨਗਰ ਕੀਰਤਨ ਐਤਵਾਰ 29 ਮਾਰਚ ਨੂੰ

**ਨਗਰ ਕੀਰਤਨ ਦਾ ਸਮਾਂ : 12 ਵਜੇ ਅਰੰਭਤਾ ਅਤੇ 5 ਵਜੇ ਸਮਾਪਤੀ ਹੋਵੇਗੀ । ਹੋਲੇ ਮਹੱਲੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ।**

**ਸ਼ਨਿੱਚਰਵਾਰ 28 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ ।**

**ਐਤਵਾਰ 29 ਮਾਰਚ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ।**

ਢਾਡੀ ਜਥਾ, ਰਾਗੀ ਜਥਾ , ਕਥਾ ਵਾਚਕ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ ।

ਤਰਾਂ-ਤਰਾਂ ਸਟਾਲ ਵੀ ਲੱਗਣਗੇ ☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ ।

## ★ ਗੁਰੂ ਪੰਥ ਦੇ ਦਾਸਰੇ ★


**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰੀ ਕਰਨਾ ਜੀ
☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾਂ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਦਮਦਮੀ ਟਕਸਾਲ

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
***Raghbir Singh Walsal***
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਖਾਲਸਾ ਸਾਜਨਾ ਦਿਵਸ ਵਿਸਾਖੀ ਨੂੰ ਸਮਰਪਿਤ

## ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਵੱਲੋਂ

# ਧਾਰਮਿਕ ਦੀਵਾਨ

## 12-13-14 ਮਾਰਚ 2026

ਸਮਾਂ : ਦੁਪਹਿਰ 12 ਤੋਂ 3 ਵਜੇ ਤੱਕ

# ਪਿੰਡ ਗਿਆਨਾ

ਜ਼ਿਲਾ ਬਠਿੰਡਾ (ਪੰਜਾਬ)

**ਸਥਾਨ : ਗੁਰਦੁਆਰਾ ਸਾਹਿਬ**



ਅੰਮ੍ਰਿਤ ਸੰਚਾਰ 14 ਮਾਰਚ ਦਿਨੇ 12 ਵਜੇ ਹੋਵੇਗਾ ਜੀ

LIVE ON
Mr. Singh Production
Nihal TV
facebook : /jathedarbaljitkhalsasinghdaduwal

ਸਰਬੱਤ ਸੰਗਤਾਂ ਸਮੇਂ ਸਿਰ ਪੁੱਜ ਕੇ ਗੁਰਬਾਣੀ ਇਤਿਹਾਸ ਦਾ ਲਾਹਾ ਪ੍ਰਾਪਤ ਕਰੋ ਜੀ।
ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ।

ਬੇਨਤੀ ਕਰਤਾ - ਸਮੂੰਹ ਗੁਰਦੁਆਰਾ ਪ੍ਰਬੰਧਕ ਕਮੇਟੀ ਸੇਵਾਦਾਰ ਸਾਧਸੰਗਤ ਅਤੇ ਨਗਰ ਪੰਚਾਇਤ ਪਿੰਡ ਗਿਆਨਾ ਜਿਲ੍ਹਾ ਬਠਿੰਡਾ

ਸੰਪਰਕ ਨੰ: 94172-09926
80546-10503


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## ਨਾਨਕਸ਼ਾਹੀ ਸੰਮਤ 558 ਅਨੁਸਾਰ ਨਵੇਂ ਸਾਲ ਦੀ ਅਰੰਭਤਾ ਹੋਣ ਜਾ ਰਹੀ ਹੈ

ਸ਼ੁੱਕਰਵਾਰ 13 ਮਾਰਚ ਸ਼ਾਮ ਨੂੰ 6:30 ਦੀਵਾਨਾ ਦੀ ਅਰੰਭਤਾ ਹੋਵੇਗੀ ਅਤੇ ਰਾਤ 12:30 ਵਜੇ ਦੀਵਾਨਾ ਸਮਾਪਤੀ ਹੋਵੇਗੀ।

## ਸੰਗਰਾਂਦ ਰਾਤ 12 ਵਜੇ ਬਾਰਾਂ ਮਾਹ ਦੀ ਬਾਣੀ ਪਾਠ ਹੋਵੇਗਾ।

ਰਾਗੀ ਜਥੇ ਕੀਰਤਨ ਦੀ ਹਾਜ਼ਰੀ ਭਰਨਗੇ ਅਤੇ ਕਥਾ ਵਾਚਕ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰੀ ਕਰਨਾ ਜੀ
☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾਂ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




# ਪੰਜਾਬ ਨੂੰ ਦੀਵਾਲੀਆਪਨ ਵੱਲ ਧੱਕ ਰਹੀ ਹੈ ਮੌਜੂਦਾ ਸਰਕਾਰ; 54,000 ਕਰੋੜ ਦਾ ਲਾਭ ਦੇਣ ਦੇ ਵਾਅਦੇ ਕਰਨ ਵਾਲੇ ਹੁਣ ਕਰਜ਼ੇ ਦੀ ਪੰਡ ਭਾਰੀ ਕਰ ਰਹੇ ਹਨ: ਕਰਨੈਲ ਸਿੰਘ ਪੀਰ ਮੁਹੰਮਦ




ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਸੀਨੀਅਰ ਮੀਤ ਪ੍ਰਧਾਨ ਸ. ਕਰਨੈਲ ਸਿੰਘ ਪੀਰ ਮੁਹੰਮਦ ਨੇ ਅੱਜ ਪੰਜਾਬ ਦੀ ਨਿਘਰਦੀ ਆਰਥਿਕ ਹਾਲਤ ’ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ’ਤੇ ਤਿੱਖੇ ਹਮਲੇ ਕੀਤੇ ਹਨ। ਉਨ੍ਹਾਂ ਕਿਹਾ ਕਿ ਜਿਹੜੀ ਸਰਕਾਰ ਪੰਜਾਬ ਦਾ ਸਾਰਾ ਕਰਜ਼ਾ ਖ਼ਤਮ ਕਰਨ ਅਤੇ ਖ਼ਜ਼ਾਨੇ ਵਿੱਚ ਸਾਲਾਨਾ 54,000 ਕਰੋੜ ਰੁਪਏ ਜਮ੍ਹਾਂ ਕਰਨ ਦੀਆਂ ਗਾਰੰਟੀਆਂ ਦੇ ਕੇ ਸੱਤਾ ਵਿੱਚ ਆਈ ਸੀ, ਅੱਜ ਉਸੇ ਦੇ ਰਾਜ ਵਿੱਚ ਪੰਜਾਬ ਦਾ ਕੁੱਲ ਕਰਜ਼ਾ ਵਧ ਕੇ 4.5 ਲੱਖ ਕਰੋੜ ਰੁਪਏ ਦੇ ਕਰੀਬ ਪਹੁੰਚ ਗਿਆ ਹੈ। ਚੋਣਾਵੀ ਨਾਅਰੇ ਅਤੇ ਆਰਥਿਕ ਦੀਵਾਲੀਆਪਨ ਸ. ਪੀਰ ਮੁਹੰਮਦ ਨੇ ਕਿਹਾ ਕਿ ਸਰਕਾਰ ਦਾ ਬਜਟ ਪੰਜਾਬ ਦੀ ਖੇਤੀਬਾੜੀ ਨੂੰ ਮਜ਼ਬੂਤ ਕਰਨ ਜਾਂ ਸੂਬੇ ਦੇ ਅਸਾਸੇ ਵਧਾਉਣ ਦੀ ਬਜਾਏ ਮਹਿਜ਼ ਚੋਣਾਵੀ ਨਾਅਰਿਆਂ ਅਤੇ ਲੋਕ-ਲੁਭਾਉਣੀਆਂ ਸਕੀਮਾਂ ’ਤੇ ਕੇਂਦਰਿਤ ਹੋ ਕੇ ਰਹਿ ਗਿਆ ਹੈ। ਉਨ੍ਹਾਂ ਕਿਹਾ, “ਬੜੇ ਅਫ਼ਸੋਸ ਦੀ ਗੱਲ ਹੈ ਕਿ ਅਗਲੀਆਂ ਚੋਣਾਂ ਵਿੱਚ ਵੋਟਾਂ ਬਟੋਰਨ ਲਈ ਮੁਫ਼ਤ ਸਹੂਲਤਾਂ ਦੇਣ ਵਾਸਤੇ ਵੀ ਸਰਕਾਰ ਨੂੰ ਭਾਰੀ ਕਰਜ਼ੇ ਲੈਣੇ ਪੈ ਰਹੇ ਹਨ। ਇਹ ਨੀਤੀ ਪੰਜਾਬ ਦੀ ਆਰਥਿਕਤਾ ਨੂੰ ਉਸ ਮੋੜ ’ਤੇ ਲੈ ਆਈ ਹੈ ਜਿੱਥੇ ਦੀਵਾਲੀਆਪਨ ਸਾਫ਼ ਦਿਖਾਈ ਦੇ ਰਿਹਾ ਹੈ।” ਮੁਲਾਜ਼ਮਾਂ ਅਤੇ ਬਜ਼ੁਰਗਾਂ ਨਾਲ ਧੋਖਾ-ਬਿਆਨ ਵਿੱਚ ਅੱਗੇ ਕਿਹਾ ਗਿਆ ਕਿ ਸਰਕਾਰ ਆਪਣੇ ਕੀਤੇ ਵਾਅਦਿਆਂ ਤੋਂ ਪੂਰੀ ਤਰ੍ਹਾਂ ਪਿੱਛੇ ਹਟ ਚੁੱਕੀ ਹੈ। ਬੁਢਾਪਾ ਪੈਨਸ਼ਨ ਵਧਾਉਣ ਦਾ ਵਾਅਦਾ ਅਜੇ ਤੱਕ ਵਫਾ ਨਹੀਂ ਹੋਇਆ ਅਤੇ ਮੁਲਾਜ਼ਮਾਂ ਨਾਲ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦਾ ਕੀਤਾ ਗਿਆ ਵੱਡਾ ਵਾਅਦਾ ਵੀ ਮਹਿਜ਼ ਕਾਗਜ਼ੀ ਕਾਰਵਾਈ ਬਣ ਕੇ ਰਹਿ ਗਿਆ ਹੈ। ਸਰਕਾਰ ਕੋਲ ਆਪਣੇ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਪੂਰੀਆਂ ਕਰਨ ਲਈ ਪੈਸਾ ਨਹੀਂ ਹੈ, ਪਰ ਇਸ਼ਿਤਹਾਰਬਾਜ਼ੀ ਅਤੇ ਚੋਣਾਵੀ ਗਾਰੰਟੀਆਂ ਲਈ ਖ਼ਜ਼ਾਨਾ ਖਾਲੀ ਨਹੀਂ ਹੁੰਦਾ।

**ਸਰਕਾਰੀ ਜ਼ਮੀਨਾਂ ਦੀ ਵਿਕਰੀ ਅਤੇ ਡੈਮੋਗ੍ਰਾਫਿਕ ਖ਼ਤਰਾ**-ਸਭ ਤੋਂ ਗੰਭੀਰ ਸਵਾਲ ਉਠਾਉਂਦਿਆਂ ਸ. ਪੀਰ ਮੁਹੰਮਦ ਨੇ ਕਿਹਾ ਕਿ ਸਰਕਾਰ ਹੁਣ ਹੌਲੀ-ਹੌਲੀ ਪੰਜਾਬ ਦੀਆਂ ਕੀਮਤੀ ਸਰਕਾਰੀ ਜ਼ਮੀਨਾਂ ਵੇਚਣ ਦੀ ਤਿਆਰੀ ਕਰ ਰਹੀ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਆਪਣੇ ਸਿਆਸੀ ਫਾਇਦੇ ਲਈ ਸਰਕਾਰ ਅਜਿਹੇ ਕਦਮ ਚੁੱਕ ਰਹੀ ਹੈ ਜੋ ਪੰਜਾਬ ਦੀ ਡੈਮੋਗ੍ਰਾਫੀ (ਜਨਸੰਖਿਆ ਦੀ ਬਣਤਰ) ਨੂੰ ਪ੍ਰਭਾਵਿਤ ਕਰ ਸਕਦੇ ਹਨ, ਜੋ ਕਿ ਪੰਜਾਬ ਦੇ ਭਵਿੱਖ ਲਈ ਇੱਕ ਬਹੁਤ ਵੱਡਾ ਖ਼ਤਰਾ ਹੈ। ਉਨ੍ਹਾਂ ਅੰਤ ਵਿੱਚ ਕਿਹਾ ਕਿ ਇਹ ਸਿਰਫ਼ ਆਰਥਿਕ ਮੁੱਦਾ ਨਹੀਂ ਹੈ, ਸਗੋਂ ਪੰਜਾਬ ਦੀ ਹੋਂਦ ਅਤੇ ਆਉਣ ਵਾਲੀਆਂ ਨਸਲਾਂ ਦੇ ਭਵਿੱਖ ਦਾ ਸਵਾਲ ਹੈ। ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਪੰਜਾਬ ਦੇ ਲੋਕਾਂ ਨੂੰ ਅਪੀਲ ਕਰਦਾ ਹੈ ਕਿ ਉਹ ਸਰਕਾਰ ਦੀਆਂ ਇਨ੍ਹਾਂ ਮਾਰੂ ਨੀਤੀਆਂ ਵਿਰੁੱਧ ਲਾਮਬੰਦ ਹੋਣ ਤਾਂ ਜੋ ਪੰਜਾਬ ਨੂੰ ਮੁੜ ਖੁਸ਼ਹਾਲੀ ਦੀ ਲੀਹ ’ਤੇ ਲਿਆਂਦਾ ਜਾ ਸਕੇ।

## ਪੰਜਾਬ ਯੂਨੀਵਰਸਿਟੀ ’ਚ ਵਿਦਿਆਰਥੀਆਂ ’ਤੇ ਲਾਠੀਚਾਰਜ ਕਰਨ ਅਤੇ ਦਸਤਾਰਾਂ ਉਤਾਰਨ ਦੀ ਐਡਵੋਕੇਟ ਧਾਮੀ ਨੇ ਕੀਤੀ ਨਿਖੇਧੀ

**ਅੰਮ੍ਰਿਤਸਰ, 9 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਚੰਡੀਗੜ੍ਹ ਪੁਲਿਸ ਵੱਲੋਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਵਿਦਿਆਰਥੀਆਂ ’ਤੇ ਲਾਠੀਚਾਰਜ ਕਰਨ ਅਤੇ ਦਸਤਾਰਾਂ ਉਤਾਰੇ ਜਾਣ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਦਸਤਾਰ ਸਿੱਖ ਦੇ ਜੀਵਨ ਦਾ ਅਹਿਮ ਅੰਗ ਹੈ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਜ਼ੋਰ ਦਾ ਪ੍ਰਯੋਗ ਕਰਦਿਆਂ ਵਿਦਿਆਰਥੀਆਂ ਦੀਆਂ ਦਸਤਾਰਾਂ ਉਤਾਰੇ ਜਾਣਾ ਸਿੱਖ ਭਾਵਨਾਵਾਂ ਅਤੇ ਸਿੱਖੀ ਦੇ ਗੌਰਵ ਦਾ ਨਿਰਾਦਰ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦਾ ਸ਼ਾਂਤਮਈ ਤਰੀਕੇ ਨਾਲ ਆਪਣੀ ਗੱਲ ਰੱਖਣਾ ਹੱਕ ਹੈ, ਜਿਸ ’ਤੇ ਕਿਸੇ ਤਰ੍ਹਾਂ ਦੀ ਰੋਕ ਲਗਾਉਣੀ ਪ੍ਰਸ਼ਾਸਨ ਦੀ ਧੱਕੇਸ਼ਾਹੀ ਹੈ।



ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੇ ਕਿਹਾ ਕਿ ਯੂਨੀਵਰਸਿਟੀ ਦੇ ਵਿਦਿਆਰਥੀ ਸਿੱਖ ਭਾਵਨਾਵਾਂ ਨੂੰ ਲੈ ਕੇ ਲਗਾਤਾਰ ਮੰਗ ਕਰ ਰਹੇ ਸਨ, ਜਿਸ ਨੂੰ ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਅਣਸੁਣਿਆ ਕੀਤਾ ਗਿਆ ਅਤੇ ਪੁਲਿਸ ਦੁਆਰਾ ਲਾਠੀਚਾਰਜ ਕਰਕੇ ਵਿਦਿਆਰਥੀਆਂ ਦੀ ਅਵਾਜ਼ ਨੂੰ ਦਬਾਉਣ ਦਾ ਯਤਨ ਕੀਤਾ। ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖਾਂ ਨਾਲ ਅਜਿਹੀਆਂ ਘਟਨਾਵਾਂ ਦਾ ਵਾਪਰਨਾ ਵੱਡੀ ਚਿੰਤਾ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਵਿਕਾਸ ਵਿਚ ਵੱਡਾ ਯੋਗਦਾਨ ਪਾਉਣ ਵਾਲੇ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਨਾ ਪ੍ਰਸ਼ਾਸਨ ਦੀ ਵੀ ਜ਼ੁੰਮੇਵਾਰੀ ਹੈ। ਉਨ੍ਹਾਂ ਸਿੱਖ ਨੌਜੁਆਨਾਂ ਦੀਆਂ ਦਸਤਾਰਾਂ ਉਤਾਰਨ ਵਾਲੇ ਦੋਸ਼ੀ ਮੁਲਾਜ਼ਮਾਂ ਖਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕਰਦਿਆਂ ਕਿਹਾ ਕਿ ਸਿੱਖ ਦੀ ਦਸਤਾਰ ਦਾ ਨਿਰਾਦਰ ਕਰਨ ਵਾਲੇ ਕਿਸੇ ਵੀ ਦੋਸ਼ੀ ਨੂੰ ਬਖ਼ਸ਼ਿਆ ਨਹੀਂ ਜਾਣਾ ਚਾਹੀਦਾ।

## ਬਿਜਲੀ ਸੋਧ ਬਿੱਲ 2025 ਖਿਲਾਫ਼ ਡਵੀਜ਼ਨ ਪੱਧਰ ਤੇ ਰੋਸ ਰੈਲੀਆਂ ਅੱਜ

**ਤਰਨ ਤਾਰਨ, 9 ਮਾਰਚ (ਆਵਾਜ਼ਿ ਕੌਮ ਬਿਊਰੋ)**-ਕੇਂਦਰ ਦੀ ਮੋਦੀ ਸਰਕਾਰ ਵੱਲੋਂ ਬਿਜਲੀ ਸੋਧ ਬਿੱਲ 2025 ਪਾਰਲੀਮੈਂਟ ਵਿੱਚ ਪੇਸ਼ ਕੀਤੇ ਜਾਣ ਦੀਆਂ ਕਨਸੋਆਂ ਦੇ ਮੱਦੇਨਜ਼ਰ ਬਿਜਲੀ ਮੁਲਾਜ਼ਮਾਂ ਅਤੇ ਪੈਨਸ਼ਨਰਜ਼ ਦੀਆਂ ਪ੍ਰਮੁੱਖ ਜਥੇਬੰਦੀਆਂ ਪੀ ਐੱਸ ਈ ਬੀ ਇੰਪਲਾਇਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰਜ਼, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ, ਪਾਵਰਕਾਮ ਅਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ (ਏਟਕ) ਅਤੇ ਪੈਨਸ਼ਨਰਜ਼ ਵੈਲਫੇਅਰ ਫੈਡਰੇਸ਼ਨ (ਪਹਿਲਵਾਨ) ਨਾਲ ਸਬੰਧਤ ਸੂਬਾ ਲੀਡਰਸ਼ਿਪ ਦੀ ਸਾਂਝੀ ਮੀਟਿੰਗ ਬਲਦੇਵ ਸਿੰਘ ਮੰਡਾਲੀ ਅਤੇ ਗੁਰਪ੍ਰੀਤ ਸਿੰਘ ਗੰਡੀਵਿੰਡ ਦੀ ਸਾਂਝੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਕੇਂਦਰ ਦੀ ਮੋਦੀ ਸਰਕਾਰ ਜੋ ਬਿਜਲੀ ਸੋਧ ਬਿੱਲ 2025 ਪਾਰਲੀਮੈਂਟ ਵਿੱਚ ਪੇਸ਼ ਕਰਕੇ ਪਾਸ ਕਰਵਾਉਣ ਦੀ ਫਰਾਕ ਵਿੱਚ ਹੈ ਜਿਸ ਦੇ ਖਿਲਾਫ਼ ਵੱਡੀ ਲਾਮਬੰਦੀ ਕਰਨ ਲਈ ਅੱਜ 10 ਮਾਰਚ ਨੂੰ ਬਿਜਲੀ ਮੁਲਾਜ਼ਮ ਅਤੇ ਪੈਨਸ਼ਨਰ ਸੂਬਾ ਪੱਧਰ ਤੇ ਬਿਜਲੀ ਦਫਤਰਾਂ ਵਿੱਚ ਰੋਸ ਰੈਲੀਆਂ ਕਰਕੇ ਘਾਤਕ ਬਿਜਲੀ ਬਿੱਲ ਵਿਰੁੱਧ ਅਵਾਜ਼ ਬੁਲੰਦ ਕਰਨਗੇ ।ਮੀਟਿੰਗ ਵਿੱਚ ਹਾਜ਼ਰ ਆਗੂਆਂ ਨੇ ਬਿਜਲੀ ਨਿਗਮ ਦੀ ਮੈਨੇਜਮੈਂਟ ਵੱਲੋਂ ਬਿਜਲੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਨੀਆਂ ਮੰਗਾਂ ਲਾਗੂ ਨਾਂ ਕੀਤੇ ਜਾਣ ਦੀ ਸਖਤ ਸਬਦਾਂ ਵਿੱਚ ਨਿੰਦਾ ਕਰਦੇ ਹੋਏ ਮੈਨੇਜਮੈਂਟ ਤੇ ਵਾਅਦਾ ਖਿਲਾਫ਼ੀ ਦੇ ਦੋਸ਼ ਲਗਾਏ। ਸਾਂਝੇ ਥੜੇ ਦੇ ਆਗੂਆਂ ਹਰਪਾਲ ਸਿੰਘ ਅਤੇ ਗੁਰਵੇਲ ਸਿੰਘ ਬੱਲਪੁਰੀਆ ਨੇ ਕਿਹਾ ਕਿ ਪਿਛਲੇ ਸਾਲ 10 ਅਤੇ 14 ਅਗਸਤ ਨੂੰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਉਸ ਸਮੇਂ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ ਨਾਲ ਜਥੇਬੰਦੀਆਂ ਦੇ ਲਿਖਤੀ ਸਮਝੌਤੇ ਹੋਏ ਸਨ ਜਿਨ੍ਹਾਂ ਨੂੰ ਹਾਲੇ ਤੱਕ ਵੀ ਲਾਗੂ ਨਹੀਂ ਕੀਤਾ ਗਿਆ।

### ਗੁਰੂ ਗ੍ਰੰਥ ਸਾਹਿਬ ਦੀ ਨਿਰਾਦਰੀ ਵਿੱਚ ਝੀਂਡਾ ਅਤੇ ਰਾਣੀਆਂ ਸ਼ਾਮਲ

# ਐਸੇ ਪ੍ਰਧਾਨ ਅਤੇ ਜਰਨਲ ਸਕੱਤਰ ਦੀ ਨਹੀਂ ਸਿੱਖ ਸੰਸਥਾ ਨੂੰ ਲੋੜ - ਲਾਡੀ ਪ੍ਰਧਾਨ



**ਚੰਡੀਗੜ੍ਹ, 9 ਮਾਰਚ (ਸਟਿੰਗ ਆਪ੍ਰੇਸ਼ਨ ਬਿਊਰੋ)**-ਪੂਰਾ ਸਿੱਖ ਸਮਾਜ ਗੁਰੂ ਮਾਨਿਓ ਗ੍ਰੰਥ ਦੀ ਮਰਿਆਦਾ ਨੂੰ ਸ਼ਰਧਾ ਤੇ ਸਤਿਕਾਰ ਸਹਿਤ ਮੰਨਦਾ ਅਤੇ ਗੈਰ ਸਿੱਖਾਂ ਦੀ ਵੀ ਗੁਰੂ ਗ੍ਰੰਥ ਸਾਹਿਬ ਤੇ ਅਥਾਹ ਸ਼ਰਧਾ ਹੈ ਜੇ ਕਿਸੇ ਨਿੱਜੀ ਪ੍ਰੋਗਰਾਮ ਵਿੱਚ ਕਿਸੇ ਸਿੱਖ ਸੰਸਥਾ ਦੇ ਪ੍ਰਧਾਨ ਅਤੇ ਜਰਨਲ ਸਕੱਤਰ ਦੇ ਸਾਹਮਣੇ ਕੋਈ ਵਿਅਕਤੀ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਗੁਰਤਾਗੱਦੀ ਨੂੰ ਚੈਲੰਜ ਕਰੇ ਅਤੇ ਸਿੱਖ ਸੰਸਥਾ ਦੇ ਪ੍ਰਧਾਨ ਅਤੇ ਜਰਨਲ ਸਕੱਤਰ ਦੇ ਮੂੰਹ ਵਿੱਚ ਦਹੀਂ ਜੰਮ ਜਾਵੇ ਅਤੇ ਗਰਦਨ ਨੀਵੀਂ ਕਰਕੇ ਬੈਠੇ ਰਹਿਣ ਮੌਕੇ ਤੇ ਵਿਰੋਧ ਨਾ ਕਰਨ ਤਾਂ ਇਹੋ ਜਿਹੇ ਨਿਕੰਮੇ ਪ੍ਰਧਾਨ ਅਤੇ ਜਨਰਲ ਸਕੱਤਰ ਦੀ ਸਿੱਖ ਸੰਸਥਾ ਨੂੰ ਕੋਈ ਲੋੜ ਨਹੀਂ ਹੈ ਇਨਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਨੀਲੋਂ ਖੇੜੀ ਤੋਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਬੀਬੀ ਕਪੂਰ ਕੌਰ ਸੌਂਕੜਾ ਦੇ ਸਪੁੱਤਰ ਮੈਂਬਰ ਪ੍ਰਤੀਨਿਧ ਤੇ ਨੀਲੋਂ ਖੇੜੀ ਬਲਾਕ ਸਰਪੰਚ ਯੂਨੀਅਨ ਦੇ ਪ੍ਰਧਾਨ ਸਰਦਾਰ ਭੁਪਿੰਦਰ ਸਿੰਘ ਲਾਡੀ ਪ੍ਰਧਾਨ ਸੌਂਕੜਾ ਨੇ ਮੀਡੀਆ ਨੂੰ ਲਿਖਤੀ ਪ੍ਰੈਸ ਨੋਟ ਜਾਰੀ ਕਰਦਿਆਂ ਕੀਤਾ ਲਾਡੀ ਪ੍ਰਧਾਨ ਨੇ ਕਿਹਾ ਕੇ ਦੋ ਦਿਨ ਪਹਿਲਾਂ ਸਿਰਸਾ ਜਿਲੇ ਅੰਦਰ ਨਾਮਧਾਰੀ ਸੰਪਰਦਾਇ ਦੇ ਪ੍ਰੋਗਰਾਮ ਜਿਸ ਵਿੱਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਅਤੇ ਜਨਰਲ ਸਕੱਤਰ ਅੰਗਰੇਜ਼ ਸਿੰਘ ਰਾਣੀਆਂ ਵੀ ਸ਼ਾਮਿਲ ਸਨ ਦੋਨਾਂ ਦੀ ਹਾਜ਼ਰੀ ਵਿੱਚ ਨਾਮਧਾਰੀ ਇੱਕ ਧੜੇ ਦਾ ਮੁਖੀ ਠਾਕੁਰ ਦਲੀਪ ਸਿੰਘ ਨਾਮਧਾਰੀ ਦਾ ਭਾਸ਼ਨ ਸੁਣਾਇਆ ਗਿਆ ਜਿਸ ਵਿੱਚ ਉਸ ਨੇ ਸ਼ਰੇਆਮ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਗੁਰਤਾਗੱਦੀ ਨੂੰ ਚੈਲੰਜ ਕੀਤਾ ਤੇ ਵਿਅਕਤੀਗਤ ਗੁਰੂ ਨੂੰ ਮੰਨਣ ਦਾ ਦਾਅਵਾ ਕੀਤਾ ਇਥੋਂ ਤੱਕ ਟਿੱਪਣੀ ਕੀਤੀ ਕੇ ਗੁਰੂ ਮਾਨਿਓ ਗ੍ਰੰਥ ਅੰਗਰੇਜ਼ਾਂ ਨੇ ਰਾਮ ਸਿੰਘ ਨਾਮਧਾਰੀ ਦੀ ਗੁਰਤਾ ਨੂੰ ਚੈਲੰਜ ਕਰਨ ਵਾਸਤੇ ਸਿੰਘ ਸਭਾ ਲਹਿਰ ਬਣਾ ਕੇ ਅੰਗਰੇਜ਼ਾਂ ਨੇ ਇਹ ਸ਼ਬਦ ਪ੍ਰਚਲਿਤ ਕੀਤਾ ਸੀ ਜਦੋਂ ਕੇ ਗੁਰੂ ਗ੍ਰੰਥ ਸਾਹਿਬ ਗੁਰੂ ਨਹੀਂ ਇੱਕ ਧਾਰਮਿਕ ਪੁਸਤਕ ਹੈ ਇਹ ਸਾਰਾ ਕੁਝ ਜਗਦੀਸ਼ ਸਿੰਘ ਝੀਂਡਾ ਅਤੇ ਅੰਗਰੇਜ਼ ਸਿੰਘ ਰਾਣੀਆਂ ਗਰਦਨ ਨੀਵੀਂ ਕਰਕੇ ਸੁਣਦੇ ਰਹੇ ਮੌਕੇ ਤੇ ਖੜੇ ਹੋ ਕੇ ਅਜਿਹੀ ਘਿਨਾਉਣੀ ਗੱਲ ਦਾ ਵਿਰੋਧ ਨਹੀਂ ਕੀਤਾ ਤੇ ਜਦੋਂ ਰੌਲਾ ਪੈ ਗਿਆ ਵੀਡੀਓ ਸੋਸ਼ਲ ਮੀਡੀਆ ਤੇ ਸਾਰਾ ਕੁੱਝ ਜਨਤਕ ਹੋ ਗਿਆਂ ਤਾਂ ਫਿਰ ਸਫਾਈਆਂ ਦੇਣੀਆਂ ਸ਼ੁਰੂ ਕਰ ਦਿੱਤੀਆਂ ਜੋ ਕੇ ਸਰਾਸਰ ਸਿੱਖ ਪੰਥ ਨਾਲ ਝੀਂਡਾ ਤੇ ਰਾਣੀਆਂ ਵੱਲੋਂ ਧੋਖਾ ਕੀਤਾ ਜਾ ਰਿਹਾ ਹੈ ਮੈਂ ਅਤੇ ਸਾਰਾ ਸਿੱਖ ਪੰਥ ਅਜਿਹੀ ਘਿਨਾਉਣੀ ਹਰਕਤ ਦੀ ਸਖਤ ਸ਼ਬਦਾਂ ਵਿੱਚ ਨਿੰਦਾਂ ਕਰਦਾ ਹਾਂ ਲਾਡੀ ਪ੍ਰਧਾਨ ਨੇ ਕਿਹਾ ਕੇ ਅਜਿਹੇ ਵਿੱਚ ਹੁਣ ਹਰਿਆਣਾ ਕਮੇਟੀ ਦੇ ਸਮੂੰਹ ਮੈਂਬਰ ਸਾਹਿਬਾਨਾਂ ਨੂੰ ਏਕਾ ਕਰਕੇ ਝੀਂਡਾ ਤੇ ਰਾਣੀਆਂ ਨੂੰ ਅਹੁਦੇ ਤੋਂ ਬਰਖਾਸਤ ਕਰਨਾ ਚਾਹੀਦਾ ਹੈ ਅਤੇ ਸਮੁੱਚੇ ਸਿੱਖ ਪੰਥ ਨੂੰ ਇਨਾਂ ਦਾ ਬਾਈਕਾਟ ਕਰਨਾ ਚਾਹੀਦਾ ਹੈ ਅਤੇ ਕਿਸੇ ਵੀ ਸਿੱਖ ਸਮਾਗਮ ਵਿੱਚ ਝੀਂਡਾ ਅਤੇ ਰਾਣੀਆਂ ਦਾ ਸੰਗਤਾਂ ਨੂੰ ਕਾਲੀਆਂ ਝੰਡੀਆਂ ਵਿਖਾ ਕੇ ਵਿਰੋਧ ਕਰਨਾ ਚਾਹੀਦਾ ਹੈ ਲਾਡੀ ਪ੍ਰਧਾਨ ਨੇ ਕਿਹਾ ਕੇ ਇਸ ਘਟਨਾ ਨਾਲ ਝੀਂਡਾ ਅਤੇ ਰਾਣੀਆ ਸਿੱਧੇ ਤੌਰ ਤੇ ਸਿੱਖ ਪੰਥ ਮਰਿਯਾਦਾ ਪਰੰਪਰਾ ਦੇ ਦੋਸ਼ੀ ਹਨ ਹੁਣ ਸ੍ਰੀ ਅਕਾਲ ਤਖਤ ਸਾਹਿਬ ਨੂੰ ਸੋ ਮੋਟੋ ਨੋਟਿਸ ਲੈ ਕੇ ਝੀਂਡਾ ਤੇ ਰਾਣੀਆਂ ਨੂੰ ਅਕਾਲ ਤਖਤ ਸਾਹਿਬ ਤੇ ਤਲਬ ਕਰਕੇ ਸਖਤ ਸਜ਼ਾ ਦੇਣੀ ਚਾਹੀਦੀ ਹੈ।

### ਮਾਨ ਸਰਕਾਰ ਨੇ ਚੋਣਾਂ ਵੇਲੇ

# ਔਰਤਾਂ ਨਾਲ ਕੀਤਾ ਵਾਅਦਾ ਕਰਿਆ ਪੂਰਾ- ਪ੍ਰੋ. ਬਲਜਿੰਦਰ ਕੌਰ



ਤਲਵੰਡੀ ਸਾਬੋ, 9 ਮਾਰਚ (ਗੁਰਜੰਟ ਸਿੰਘ ਨਥੇਹਾ)- ਹਲਕਾ ਤਲਵੰਡੀ ਸਾਬੋ ਤੋਂ ਆਮ ਆਦਮੀ ਪਾਰਟੀ ਦੀ ਵਿਧਾਇਕਾ ਅਤੇ ਪੰਜਾਬ ਵਿਧਾਨ ਸਭਾ ਦੀ ਚੀਫ ਵਿਪ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਔਰਤਾਂ ਦੀ ਆਰਥਿਕ ਮਜ਼ਬੂਤੀ ਲਈ ਇੱਕ ਮਹੱਤਵਪੂਰਨ ਅਤੇ ਇਤਿਹਾਸਕ ਫੈਸਲਾ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਦੇ ਸੈਸ਼ਨ ਦੌਰਾਨ ਸਰਕਾਰ ਵੱਲੋਂ ਆਮ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਅਤੇ ਐਸਸੀ ਵਰਗ ਦੀਆਂ ਔਰਤਾਂ ਨੂੰ 1500 ਰੁਪਏ ਮਹੀਨਾਵਾਰ ਦੇਣ ਦਾ ਐਲਾਨ ਕੀਤਾ ਗਿਆ ਹੈ, ਜੋ ਕਿ ਚੋਣਾਂ ਸਮੇਂ ਲੋਕਾਂ ਨਾਲ ਕੀਤਾ ਗਿਆ ਇੱਕ ਵੱਡਾ ਵਾਅਦਾ ਸੀ ਅਤੇ ਹੁਣ ਉਸ ਨੂੰ ਪੂਰਾ ਕੀਤਾ ਜਾ ਰਿਹਾ ਹੈ। ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਮੇਸ਼ਾ ਹੀ ਲੋਕਾਂ ਦੇ ਹਿੱਤਾਂ ਨੂੰ ਸਭ ਤੋਂ ਪਹਿਲਾਂ ਰੱਖਦੀ ਆਈ ਹੈ ਅਤੇ ਸਰਕਾਰ ਦਾ ਹਰ ਫੈਸਲਾ ਆਮ ਲੋਕਾਂ ਦੀ ਭਲਾਈ ਨੂੰ ਧਿਆਨ ਵਿੱਚ ਰੱਖ ਕੇ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਨਾਲ ਸੂਬੇ ਦੀਆਂ ਲੱਖਾਂ ਔਰਤਾਂ ਨੂੰ ਸਿੱਧੀ ਆਰਥਿਕ ਮਦਦ ਮਿਲੇਗੀ, ਜਿਸ ਨਾਲ ਉਹ ਆਪਣੀਆਂ ਘਰੇਲੂ ਲੋੜਾਂ ਨੂੰ ਪੂਰਾ ਕਰਨ ਵਿੱਚ ਹੋਰ ਸਮਰੱਥ ਹੋਣਗੀਆਂ ਅਤੇ ਘਰ ਦੇ ਖਰਚਿਆਂ ਵਿੱਚ ਆਪਣਾ ਯੋਗਦਾਨ ਪਾ ਸਕਣਗੀਆਂ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਔਰਤਾਂ ਦੀ ਸਮਾਜਿਕ ਅਤੇ ਆਰਥਿਕ ਸਥਿਤੀ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕਰ ਰਹੀ ਹੈ। ਇਸ ਯੋਜਨਾ ਦੇ ਲਾਗੂ ਹੋਣ ਨਾਲ ਔਰਤਾਂ ਨੂੰ ਆਤਮਨਿਰਭਰ ਬਣਨ ਵਿੱਚ ਮਦਦ ਮਿਲੇਗੀ ਅਤੇ ਉਹ ਆਪਣੇ ਪਰਿਵਾਰ ਦੀ ਤਰੱਕੀ ਵਿੱਚ ਵੀ ਅਹਿਮ ਭੂਮਿਕਾ ਨਿਭਾਉਣਗੀਆਂ। ਵਿਧਾਇਕਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ, ਸਿਹਤ, ਬਿਜਲੀ, ਰੋਜ਼ਗਾਰ ਅਤੇ ਸਮਾਜਿਕ ਸੁਰੱਖਿਆ ਦੇ ਖੇਤਰਾਂ ਵਿੱਚ ਵੀ ਲਗਾਤਾਰ ਸੁਧਾਰਕ ਕਦਮ ਚੁੱਕੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਦੀ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਨਵੇਂ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਸਿਹਤ ਸੇਵਾਵਾਂ ਨੂੰ ਲੋਕਾਂ ਦੇ ਦਰਵਾਜ਼ੇ ਤੱਕ ਪਹੁੰਚਾਉਣ ਲਈ ਮੁਹੱਲਾ ਕਲੀਨਿਕ ਅਤੇ ਹੋਰ ਸਿਹਤ ਯੋਜਨਾਵਾਂ ਸ਼ੁਰੂ ਕੀਤੀਆਂ ਗਈਆਂ ਹਨ। ਪ੍ਰੋ. ਬਲਜਿੰਦਰ ਕੌਰ ਨੇ ਦੱਸਿਆ ਕਿ ਸਰਕਾਰ ਵੱਲੋਂ ਕਿਸਾਨਾਂ, ਮਜ਼ਦੂਰਾਂ ਅਤੇ ਨੌਜਵਾਨਾਂ ਦੀ ਭਲਾਈ ਲਈ ਵੀ ਕਈ ਯੋਜਨਾਵਾਂ ਲਾਗੂ ਕੀਤੀਆਂ ਗਈਆਂ ਹਨ, ਜਿਨ੍ਹਾਂ ਨਾਲ ਸੂਬੇ ਦੇ ਲੋਕਾਂ ਨੂੰ ਵੱਡਾ ਲਾਭ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਲੋਕਾਂ ਦੀ ਭਲਾਈ ਲਈ ਹੋਰ ਵੱਡੇ ਫੈਸਲੇ ਲਏ ਜਾਣਗੇ। ਉਨ੍ਹਾਂ ਕਿਹਾ ਕਿ ਸਰਕਾਰ ਦੇ ਲੋਕ ਭਲਾਈ ਵਾਲੇ ਕੰਮਾਂ ਕਰਕੇ ਪੰਜਾਬ ਦੇ ਲੋਕਾਂ ਦਾ ਭਰੋਸਾ ਲਗਾਤਾਰ ਵੱਧ ਰਿਹਾ ਹੈ ਅਤੇ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੀ ਲੋਕ ਆਮ ਆਦਮੀ ਪਾਰਟੀ ਨੂੰ ਪੂਰਾ ਸਮਰਥਨ ਦੇਣਗੇ। ਉਨ੍ਹਾਂ ਨੇ ਕਿਹਾ ਕਿ ਮਾਨ ਸਰਕਾਰ ਪੰਜਾਬ ਦੇ ਵਿਕਾਸ ਅਤੇ ਖੁਸ਼ਹਾਲੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਸੂਬੇ ਨੂੰ ਤਰੱਕੀ ਦੇ ਰਾਹ ’ਤੇ ਅੱਗੇ ਲਿਜਾਣ ਲਈ ਲਗਾਤਾਰ ਕੰਮ ਕਰ ਰਹੀ ਹੈ।

### ਰਾਮ ਰਹੀਮ ਨੂੰ ਬਰੀ ਕਰਨਾ ਅਤੇ ਬੰਦੀ ਸਿੰਘਾਂ ਦੇ ਮਾਮਲੇ ਤੇ ਚੁੱਪ ਰਹਿਣਾ

# ਦੇਸ਼ ਅੰਦਰ ਨਿਆਂ ਦੇ ਦੋਹਰੇ ਮਾਪਦੰਡ: ਸ਼੍ਰੋਮਣੀ ਰਾਗੀ ਸਭਾ ਸ੍ਰੀ ਅੰਮ੍ਰਿਤਸਰ



ਨਵੀਂ ਦਿੱਲੀ 9 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਰਾਗੀ ਸਭਾ ਸ੍ਰੀ ਅੰਮ੍ਰਿਤਸਰ ਨੇ ਕਤਲ ਕੇਸ ਵਿੱਚੋਂ ਸਿਰਸਾ ਡੇਰਾ ਮੁਖੀ ਗੁਰਮੀਤ ਰਾਮ ਰਹੀਮ ਨੂੰ ਬਰੀ ਕੀਤੇ ਜਾਣ ’ਤੇ ਸਖ਼ਤ ਪ੍ਰਤੀਕਰਮ ਦਿੱਤਾ ਹੈ। ਉਨ੍ਹਾਂ ਕਿਹਾ ਦੇਸ਼ ਦਾ ਕਾਨੂੰਨ ਗੰਭੀਰ ਅਪਰਾਧਾਂ ਦੇ ਦੋਸ਼ੀਆਂ ਪ੍ਰਤੀ ਉਦਾਰਤਾ ਦਿਖਾਂਦਾ ਹੈ ਤੇ ਬੰਦੀ ਸਿੰਘਾਂ ਦੇ ਮਾਮਲੇ ਵਿਚ ਚੁੱਪ ਹੋ ਜਾਂਦਾ ਹੈ। ਉਨ੍ਹਾਂ ਕਿਹਾ ਕਿ ਰਾਮ ਰਹੀਮ ਨੂੰ ਅਤਿ ਗੰਭੀਰ ਦੋਸ਼ਾਂ ਦਾ ਅਪਰਾਧੀ ਸਾਬਿਤ ਕਰਦੇ ਹੋਏ ਓਸ ਨੂੰ ਅਦਾਲਤ ਵਲੋਂ ਸਜ਼ਾ ਲਗਾਈ ਗਈ ਸੀ ਉਪਰੰਤ ਜਦੋਂ ਤੋਂ ਸਾਧ ਨੂੰ ਵਾਰ-ਵਾਰ ਪੈਰੋਲ ਮਿਲਣੀ ਸ਼ੁਰੂ ਹੋਈ ਸੀ, ਉਦੋਂ ਤੋਂ ਹੀ ਇਹ ਕਿਆਸਰਾਈਆਂ ਲੱਗ ਰਹੀਆਂ ਸਨ ਕਿ ਸਰਕਾਰਾਂ ਅਤੇ ਕਾਨੂੰਨ ਉਸ ਦੇ ਹੱਕ ਵਿੱਚ ਭੁਗਤ ਰਹੀਆਂ ਹਨ। ਇੱਕ ਪਾਸੇ ਬਲਾਤਕਾਰੀ ਅਤੇ ਕਾਤਲ ਸਾਧ ਹੈ ਜਿਸ ਨੂੰ ਕਾਨੂੰਨ ਨਾਲ ਖਿਲਵਾੜ ਕਰਦਿਆਂ ਰਾਹਤਾਂ ਦਿੱਤੀਆਂ ਜਾ ਰਹੀਆਂ ਹਨ, ਅਤੇ ਅਸੀਂ ਓਸਦੀ ਤੁਲਨਾ ਬੰਦੀ ਸਿੰਘਾਂ ਨਾਲ ਨਹੀਂ ਕਰਦੇ ਪਰ ਉਨ੍ਹਾਂ ਨਾਲ ਕੀਤੇ ਜਾ ਰਹੇ ਵਿਤਕਰੇ ਵਿਰੁੱਧ ਬੋਲਣਾ ਵੀ ਸਾਡਾ ਫਰਜ਼ ਹੈ, ਦੂਜੇ ਪਾਸੇ ਉਹ ਬੰਦੀ ਸਿੰਘ ਹਨ ਜੋ ਬਣਦੀ ਸਜ਼ਾ ਤੋਂ ਵੀ ਵੱਧ ਸਜ਼ਾ ਭੁਗਤਣ ਦੇ ਬਾਵਜੂਦ ਪਿਛਲੇ ਲੰਮੇ ਸਮੇਂ ਤੋਂ ਧਰਮ ਦੀ ਖਾਤਰ ਜੇਲ੍ਹਾਂ ਵਿੱਚ ਬੰਦ ਹਨ। ਉਨ੍ਹਾਂ ਅਫਸੋਸ ਜਤਾਇਆ ਕਿ ਸਜ਼ਾਵਾਂ ਪੂਰੀਆਂ ਹੋਣ ਦੇ ਬਾਵਜੂਦ ਸਿੱਖ ਕੈਦੀਆਂ ਨੂੰ ਨਾ ਫਰਲੋ/ਪੈਰੋਲ ਦਿੱਤੀ ਜਾ ਰਹੀ ਹੈ ਅਤੇ ਨਾ ਹੀ ਰਿਹਾਅ ਕੀਤਾ ਜਾ ਰਿਹਾ ਹੈ। ਉਨ੍ਹਾਂ ਭਾਰਤੀ ਲੋਕਤੰਤਰ ਵਿੱਚ ਨਿਆਂ ਦੇ ਦੋਹਰੇ ਮਾਪਦੰਡਾਂ ’ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਇੱਕ ਸੰਗੀਨ ਜ਼ੁਰਮਾਂ ਵਾਲੇ ਵਿਅਕਤੀ ਨੂੰ ਬਰੀ ਕਰਨਾ ਅਤੇ ਸਿੱਖਾਂ ਨਾਲ ਲਗਾਤਾਰ ਵਿਤਕਰਾ ਕਰਨਾ ਇਹ ਸਾਬਤ ਕਰਦਾ ਹੈ ਕਿ ਦੇਸ਼ ਵਿੱਚ ਕਾਨੂੰਨ ਸਭ ਲਈ ਬਰਾਬਰ ਨਹੀਂ ਹੈ। ਉਨ੍ਹਾਂ ਕਿਹਾ ਕਿ ਇਹ ਫੈਸਲਾ ਹੈਰਾਨੀਜਨਕ ਹੈ ਅਤੇ ਸਿੱਖ ਕੌਮ ਦੇ ਮਨਾਂ ਵਿੱਚ ਬੇਗਾਨਗੀ ਦੇ ਅਹਿਸਾਸ ਨੂੰ ਹੋਰ ਗੂੜ੍ਹਾ ਕਰਦਾ ਹੈ। ਇਸ ਮੌਕੇ ਸ਼੍ਰੋਮਣੀ ਰਾਗੀ ਸਭਾ ਸ੍ਰੀ ਅੰਮ੍ਰਿਤਸਰ ਦੇ ਪ੍ਰਧਾਨ ਭਾਈ ਉਂਕਾਰ ਸਿੰਘ ਅਤੇ ਮੈਂਬਰ ਭਾਈ ਸ਼ੁਭਦੀਪ ਸਿੰਘ, ਭਾਈ ਸਤਨਾਮ ਸਿੰਘ ਕੋਹਾੜਕਾ, ਭਾਈ ਅਮਨਦੀਪ ਸਿੰਘ, ਭਾਈ ਮਨਿੰਦਰ ਸਿੰਘ, ਭਾਈ ਕਰਨੈਲ ਸਿੰਘ, ਭਾਈ ਲਖਵਿੰਦਰ ਸਿੰਘ, ਭਾਈ ਪਲਵਿੰਦਰ ਸਿੰਘ, ਭਾਈ ਗੁਰਵਿੰਦਰ ਸਿੰਘ ਅਤੇ ਭਾਈ ਬਿਕਰਮਜੀਤ ਸਿੰਘ ਸਮੇਤ ਵਡੀ ਗਿਣਤੀ ਵਿਚ ਰਾਗੀ ਸਿੰਘ ਹਾਜਿਰ ਸਨ ।

# ਨੰਦ ਕਿਸ਼ੋਰ ਯਾਦਵ ਨੇ ਤਖ਼ਤ ਪਟਨਾ ਸਾਹਿਬ ਨਤਮਸਤਕ ਹੋ ਕੇ ਗੁਰੂ ਮਹਾਰਾਜ ਦਾ ਕੀਤਾ ਸ਼ੁਕਰਾਨਾ



**ਨਵੀਂ ਦਿੱਲੀ, 9 ਮਾਰਚ (ਮਨਪ੍ਰੀਤ ਸਿੰਘ ਖਾਲਸਾ)**-ਤਖ਼ਤ ਪਟਨਾ ਤੋਂ ਪੂਰਵ ਵਿਧਾਇਕ ਨੰਦ ਕਿਸ਼ੋਰ ਯਾਦਵ ਨੇ ਨਾਗਾਲੈਂਡ ਦਾ ਰਾਜਪਾਲ ਬਣਨ ਉੱਤੇ ਤਖ਼ਤ ਪਟਨਾ ਸਾਹਿਬ ਪਹੁੰਚ ਕੇ ਮੱਥਾ ਟੇਕਿਆ ਅਤੇ ਗੁਰੂ ਮਹਾਰਾਜ ਦਾ ਸ਼ੁਕਰਾਨਾ ਕੀਤਾ। ਇਸ ਮੌਕੇ ਤੇ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਬਲਦੇਵ ਸਿੰਘ ਜੀ ਵੱਲੋਂ ਉਨ੍ਹਾਂ ਨੂੰ ਸਿਰੋਪਾ ਭੇਟ ਕੀਤਾ ਗਿਆ। ਤਖ਼ਤ ਸਾਹਿਬ ਕਮੇਟੀ ਦੇ ਉਪ ਪ੍ਰਧਾਨ ਗੁਰਵਿੰਦਰ ਸਿੰਘ ਅਤੇ ਸਕੱਤਰ ਇੰਦਰਜੀਤ ਸਿੰਘ, ਸੁਪਰਿੰਟੈਂਡੈਂਟ ਦਲਜੀਤ ਸਿੰਘ ਨੇ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤਾ। ਨੰਦ ਕਿਸ਼ੋਰ ਯਾਦਵ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਜੋ ਵੀ ਅਹੁਦੇ ਮਿਲੇ ਹਨ, ਉਹ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੀ ਕਿਰਪਾ ਸਦਕਾ ਹੀ ਮਿਲੇ ਹਨ, ਇਸ ਲਈ ਉਹ ਗੁਰੂ ਮਹਾਰਾਜ ਦੇ ਸ਼ੁਕਰਗੁਜ਼ਾਰ ਹਨ ਅਤੇ ਉਨ੍ਹਾਂ ਨੂੰ ਨਮਨ ਕਰਦੇ ਹਨ। ਉਨ੍ਹਾਂ ਨੇ ਕਿਹਾ ਕਿ ਇਹ ਮੇਰਾ ਸੌਭਾਗ ਹੈ ਕਿ ਮੈਨੂੰ ਤਖ਼ਤ ਪਟਨਾ ਸਾਹਿਬ ਤੋਂ ਵਿਧਾਇਕ ਵਜੋਂ ਸੇਵਾ ਕਰਨ ਦਾ ਮੌਕਾ ਮਿਲਿਆ ਅਤੇ ਮੇਰੀ ਪੂਰੀ ਕੋਸ਼ਿਸ਼ ਰਹਿੰਦੀ ਸੀ ਕਿ ਤਖ਼ਤ ਸਾਹਿਬ ਆਉਣ ਵਾਲੇ ਸ਼ਰਧਾਲੂਆਂ ਦੀ ਸੇਵਾ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਈ ਕਮੀ ਨਾ ਰਹੇ। ਤਖ਼ਤ ਸਾਹਿਬ ਕਮੇਟੀ ਵੱਲੋਂ ਜੋ ਵੀ ਮੰਗ ਰੱਖੀ ਜਾਂਦੀ ਸੀ, ਉਸ ਨੂੰ ਪਹਿਲ ਦੇ ਆਧਾਰ ‘ਤੇ ਪੂਰਾ ਕੀਤਾ ਜਾਂਦਾ ਸੀ। ਹੁਣ ਮੈਨੂੰ ਨਾਗਾਲੈਂਡ ਵਿੱਚ ਰਾਜਪਾਲ ਵਜੋਂ ਸੇਵਾ ਮਿਲੀ ਹੈ, ਪਰ ਅਜੇ ਵੀ ਤਖ਼ਤ ਸਾਹਿਬ ਕਮੇਟੀ ਨੂੰ ਸੰਗਤ ਦੀ ਸਹੂਲਤ ਲਈ ਕਿਸੇ ਵੀ ਤਰ੍ਹਾਂ ਦੀ ਲੋੜ ਹੋਵੇਗੀ ਤਾਂ ਮੈਂ ਹਮੇਸ਼ਾਂ ਉਨ੍ਹਾਂ ਨਾਲ ਮਿਲ ਕੇ ਉਸ ਨੂੰ ਪੂਰਾ ਕਰਵਾਉਣ ਦੀ ਕੋਸ਼ਿਸ਼ ਕਰਾਂਗਾ।

# ਯੂਥ ਆਗੂ ਮਾਣਾ ਗਰੇਵਾਲ ਨੇ ਚੇਅਰਮੈਨ ਕਾਂਝਲਾ ਨੂੰ ਚੇਅਰਮੈਨ ਬਣਨ ਤੇ ਕੀਤਾ ਸਨਮਾਨ



**ਧੂਰੀ (ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਦੇ ਵਿੱਚ ਪੈਂਦੇ ਬਲਾਗ ਸੰਮਤੀ ਜੋਨ ਕਾਂਝਲਾ ਹਸਨਪੁਰ ਤੋਂ ਪਿਛਲੇ ਲੰਮੇ ਸਮੇਂ ਤੋਂ ਪਾਰਟੀ ਦੇ ਲਈ ਦਿਨ ਰਾਤ ਸੇਵਾ ਕਰਦੇ ਆ ਰਹੇ ਨੌਜਵਾਨਾਮ ਆਗੂ, ਭਵਾਨੀਗੜ੍ਹ ਦੇ ਯੂਥ ਵਿੰਗ ਕੋਆਰਡੀਨੇਟਰ ਰਣਯੋਧ ਸਿੰਘ ਕਾਂਝਲਾ ਨੂੰ ਬਲਾਕ ਸੰਮਤੀ ਧੂਰੀ ਦਾ ਚੇਅਰਮੈਨ ਬਣਨ ਤੇ ਯੂਥ ਆਗੂ ਮਾਣਾ ਗਰੇਵਾਲ ਨੇ ਸਾਥੀਆਂ ਸਮੇਤ ਵਿਸ਼ੇਸ਼ ਸਨਮਾਨ ਕੀਤਾ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਮਾਣਾ ਗਰੇਵਾਲ ਨੇ ਕਿਹਾ ਕਿ ਉਹ ਜਿੱਥੇ ਪਾਰਟੀ ਵੱਲੋਂ ਚੇਅਰਮੈਨ ਰਣਯੋਧ ਸਿੰਘ ਕਾਂਝਲਾ ਨੂੰ ਵਧਾਈ ਦਿੰਦੇ ਹਨ, ਉੱਥੇ ਹੀ ਉਹ ਪੰਜਾਬ ਦੇ ਮੁੱਖ ਮੰਤਰੀ ਭਗਤ ਸਿੰਘ ਮਾਨ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹਾਂ ਜਿਨਾਂ ਨੇ ਮਿਹਨਤੀ ਅਤੇ ਇਮਾਨਦਾਰ ਆਮ ਘਰ ਦੇ ਮੁੰਡੇ ਨੂੰ ਚੇਅਰਮੈਨ ਨੇਯੁਕਤ ਤ ਕਰਕੇ ਲੋਕਾਂ ਦਾ ਦਿਲ ਜਿੱਤਿਆ ਹੈ। ਇਸ ਮੌਕੇ ਹਰਪ੍ਰੀਤ ਸਿੰਘ ਗਿੱਲ ਕੋਆਰਡੀਨੇਟਰ ਨਸਾ ਮੁਕਤ ਮਹਿੰਮ, ਬਲਾਕ ਸੰਮਤੀ ਮੈਂਬਰ ਹਰਪ੍ਰੀਤ ਸਿੰਘ ਭਲਵਾਨ, ਕੁਲਵਿੰਦਰ ਸਿੰਘ ਬੇਨੜਾ ਮੈਬਰ ਬਲਾਕ ਸੰਮਤੀ ਹਾਜ਼ਰ ਸਨ।

# ਪੰਜਾਬ ਸਰਕਾਰ ਵੱਲੋਂ ਔਰਤਾਂ ਨੂੰ ਹਜ਼ਾਰ ਰੁਪਏ ਦੇਣ ਤੇ ਚੇਅਰਮੈਨ ਜਲਾਲ ਉਸਮਾ, ਸਰਪੰਚ ਲਖਵਿੰਦਰ ਸਿੰਘ ਜਲਾਲ ਉਸਮਾ ਵੱਲੋਂ ਲੱਡੂ ਵੰਡੇ



**ਚੌਕ ਮਹਿਤਾ, 9 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਨੇ ਬੀਬੀਆਂ ਨੂੰ ਇੱਕ ਹਜ਼ਾਰ ਰੁਪਏ ਦੇਣ ਦੀ ਖੁਸ਼ੀ ਵਿੱਚ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਲੀਡਰ ਚੇਅਰਮੈਨ ਟ੍ਰੇਡਰਜ ਕਮਿਸ਼ਨ ਕਮਿਸ਼ਨ ਪੰਜਾਬ ਸਰਕਾਰ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਅਤੇ ਅਗਾਂਹ ਵਧੂ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਲੀਡਰ ਠੇਕੇਦਾਰ ਲਖਵਿੰਦਰ ਸਿੰਘ ਰੰਧਾਵਾ ਸਰਪੰਚ ਜਲਾਲ ਉਸਮਾ ਨੇ ਬੀਬੀਆਂ ਨੂੰ ਲੱਡੂ ਵੰਡੇ ਅਤੇ ਬੀਬੀਆਂ ਭੈਣਾਂ ਨਾਲ ਖ਼ੁਸ਼ੀ ਸਾਂਝੀ ਕੀਤੀ। ਇਸ ਮੌਕੇ ਤੇ ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਅਤੇ ਠੇਕੇਦਾਰ ਲਖਵਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਸਰਪੰਚ ਨੇ ਪਾਰਟੀ ਹਾਈ ਕਮਾਂਡ ਸ੍ਰੀ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਦਾ ਧੰਨਵਾਦ ਕੀਤਾ। ਜਿਨ੍ਹਾਂ ਨੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕੀਤੇ ਹਨ। ਇਸ ਵਕਤ ਫਿਰ ਪੰਜਾਬ ਦੇ ਲੋਕ 2027 ਦੀਆਂ ਚੌਣਾਂ ਵਿਚ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣਗੇ।

# ਇੰਟਰਨੈਸ਼ਨਲ ਪੰਥਕ ਦਲ ਵੱਲੋਂ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਨਗਰ ਕੀਰਤਨ 21 ਮਾਰਚ ਤੋਂ ਆਰੰਭ



## ਸੰਗਤਾਂ ਵੱਲੋਂ ਪੂਰਨ ਸ਼ਰਧਾ ਤੇ ਉਤਸ਼ਾਹ ਸਹਿਤ ਤਿਆਰੀਆਂ ਸ਼ੁਰੂ

**ਆਵਾਜ਼ਿ ਕੌਮ (ਯੂ. ਕੇ.) ਦੀ ਵਿਸ਼ੇਸ਼ ਰਿਪੋਰਟ**

ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਸਾਜੇ ਗਏ ਖਾਲਸਾ ਪੰਥ ਦੇ ਪਵਿੱਤਰ ਅਤੇ ਇਤਿਹਾਸਕ ਦਿਹਾੜੇ ਨੂੰ ਸਮਰਪਤ ਦੋ ਨਗਰ ਕੀਰਤਨ ਮਾਝੇ ਦੀ ਧਰਤੀ 'ਤੇ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸਜਾਏ ਜਾ ਰਹੇ ਹਨ। ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਗਿਆਨੀ ਜਸਵੀਰ ਸਿੰਘ ਰੋਡੇ ਜੋ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਵੀ ਹਨ, ਦੀ ਅਗਵਾਈ ਵਿੱਚ ਹਲਕਾ ਖੇਮਕਰਨ 'ਚ ਪਹਿਲਾ ਨਗਰ ਕੀਰਤਨ 21 ਮਾਰਚ ਦਿਨ ਸਨਿਚਰਵਾਰ ਨੂੰ ਗੁਰਦੁਆਰਾ ਪੋਹਵਿੰਡ ਸਾਹਿਬ ਤੋਂ ਸਵੇਰੇ 8 ਵਜੇ ਆਰੰਭ ਹੋਏਗਾ। ਸ੍ਰੀ ਗੁਰੂ ਗਰੰਥ ਸਾਹਿਬ ਜੀ ਦੀ ਰਹਿਨੁਮਾਈ ਹੇਠ ਅਤੇ ਪੰਜ ਪਿਆਰੇ ਸਾਹਿਬਾਨ ਦੀ ਅਗਵਾਈ ਹੇਠ ਸਜਾਇਆ ਜਾ ਰਿਹਾ ਇਹ ਨਗਰ ਕੀਰਤਨ ਵੱਖ-ਵੱਖ ਪਿੰਡਾਂ ਵਿੱਚੋਂ ਹੁੰਦਾ ਹੋਇਆ ਗੁਰਦੁਆਰਾ ਸ਼ਹੀਦ ਬਾਬਾ ਤਾਰਾ ਸਿੰਘ ਜੀ ਵਾਂ ਵਾਲਿਆਂ ਦੇ ਨਗਰ ਪਿੰਡ ਵਾਂ ਵਿਖੇ ਸ਼ਾਮ ਨੂੰ ਅਰਦਾਸ ਉਪ੍ਰੰਤ ਸਮਾਪਤ ਹੋਏਗਾ। ਇਸੇ ਤਰ੍ਹਾਂ ਨਗਰ ਕੀਰਤਨ ਦਾ ਅਗਲਾ ਪੜਾਅ ਇਸੇ ਅਸਥਾਨ ਗੁਰਦੁਆਰਾ ਵਾਂ ਸਾਹਿਬ ਤੋਂ 22 ਮਾਰਚ ਨੂੰ ਸਵੇਰੇ 8 ਵਜੇ ਆਰੰਭ ਹੋਏਗਾ ਜੋ ਵੱਖ-ਵੱਖ ਪਿੰਡਾਂ ਵਿਚ ਗੁਰਬਾਣੀ ਜੱਸ ਗਾਇਨ ਕਰਦੇ ਹੋਏ ਅਤੇ ਗੁਰਮਤਿ ਪ੍ਰਚਾਰ ਕਰਦੇ ਹੋਏ ਸ਼ਾਮ ਨੂੰ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13ਵੇਂ ਮੁਖੀ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਨਗਰ ਭੂਰਾ ਕੋਹਨਾ ਵਿਖੇ ਸਮਾਪਤ ਹੋਏਗਾ। ਇਸ ਸਬੰਧੀ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਨੇ ਸੰਗਤਾਂ ਨੂੰ ਪ੍ਰੇਰਦਿਆਂ ਕਿਹਾ ਕਿ ਸਮੂਹ ਨਗਰ ਨਿਵਾਸੀ ਸ੍ਰੀ ਗੁਰੂ ਗਰੰਥ ਸਾਹਿਬ ਜੀ ਤੇ ਪੰਜ ਪਿਆਰਿਆਂ ਦੇ ਸਤਿਕਾਰ ਹਿੱਤ ਆਪੋ ਆਪਣੇ ਨਗਰ ਵਿੱਚ ਜਿਸ ਪਾਸਿਓਂ ਨਗਰ ਕੀਰਤਨ ਪ੍ਰਵੇਸ਼ ਕਰੇਗਾ, ਉਸ ਪਾਸੇ ਸੁੰਦਰ ਗੇਟ ਬਣਵਾਉਣ ਅਤੇ ਸਮੂਹ ਸੰਗਤਾਂ ਪੂਰਨ ਸ਼ਰਧਾ ਸਹਿਤ ਇੱਕ ਸਥਾਨ 'ਤੇ ਇਕੱਤਰ ਹੋ ਕੇ ਗੁਰੂ ਸਾਹਿਬ ਜੀ ਦੇ ਦਰਸ਼ਨ ਦੀਦਾਰੇ ਕਰਨ ਤੇ ਗੁਰਮਤਿ ਉਪਦੇਸ਼ ਸਰਵਣ ਕਰਕੇ ਗੁਰੂ ਸਾਹਿਬਾਨ ਦੀਆਂ ਬਖ਼ਸ਼ਿਸ ਪ੍ਰਾਪਤ ਕਰਨ। ਇਸ ਪਵਿੱਤਰ ਕਾਜ ਲਈ ਬਾਬਾ ਸੱਜਣ ਸਿੰਘ ਮੁੱਖ ਸਲਾਹਕਾਰ ਪੰਜਾਬ, ਭਾਈ ਗੁਰਭੇਜ ਸਿੰਘ ਪ੍ਰਧਾਨ ਜਿਲ੍ਹਾ ਤਰਨਤਾਰਨ ਤੇ ਹਲਕਾ ਇੰਚਾਰਜ ਖੇਮਕਰਨ, ਭਾਈ ਵਜੀਰ ਸਿੰਘ ਜਿਲ੍ਹਾ ਪ੍ਰਧਾਨ ਧਾਰਮਿਕ ਵਿੰਗ, ਭਾਈ ਪ੍ਰਭਸ਼ਰਨ ਸਿੰਘ, ਭਾਈ ਸਤਿੰਦਰਪਾਲ ਸਿੰਘ (ਮਿੱਟੂ) ਮਾੜੀ ਮੇਘਾ, ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਕਾਰਜਕਾਰੀ ਪ੍ਰਧਾਨ ਪੰਜਾਬ, ਭਾਈ ਰਜਿੰਦਰ ਸਿੰਘ ਰਾਜਾ ਪ੍ਰਧਾਨ ਗੁਰਦਾਸਪੁਰ, ਬਾਬਾ ਸਤਨਾਮ ਸਿੰਘ ਵਲੀਆਂ ਪੰਜਾਬ ਪ੍ਰਧਾਨ ਧਾਰਮਿਕ ਵਿੰਗ, ਭਾਈ ਕਾਰਜ ਸਿੰਘ ਡਲੀਰੀ ਜਿਲ੍ਹਾ ਪ੍ਰਧਾਨ ਕਿਸਾਨ ਵਿੰਗ ਤੇ ਹੋਰ ਸਖ਼ਸ਼ੀਅਤਾਂ ਸੇਵਾ ਵਿੱਚ ਸਰਗਰਮ ਹਨ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਹਲਕਾ ਮਜੀਠਾ ਨੂੰ ਆਪਣੀ ਜਗੀਰ ਸਮਝਣ ਵਾਲੇ

# ਨਸ਼ੇ ਦੇ ਸੌਦਾਗਰਾਂ ਨੂੰ ਸੰਗਤ ਹੁਣ ਮੂੰਹ ਤੋੜ ਜਵਾਬ ਦੇਵੇਗੀ : ਬਾਪੂ ਤਰਸੇਮ ਸਿੰਘ






**ਮਜੀਠਾ, 9 ਮਾਰਚ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਹਲਕਾ ਮਜੀਠਾ ਦੇ ਪਿੰਡ ਮਰੜੀ ਕਲਾਂ ਵਿਖੇ ਭਾਈ ਨਾਥਵਿੰਦਰ ਸਿੰਘ ਮਜੀਠਾ ਦੀ ਅਗਵਾਈ ਵਿੱਚ ਇਕ ਵਿਸ਼ਾਲ ਪੰਥਕ ਕਾਨਫਰੰਸ ਕੀਤੀ ਗਈ ਜਿੱਥੇ ਵੱਡੀ ਗਿਣਤੀ ਵਿੱਚ ਇਲਾਕੇ ਦੀ ਸੰਗਤ ਅਤੇ ਵਰਕਰਾਂ ਨੇ ਸ਼ਿਰਕਤ ਕਰਕੇ ਪੰਥਕ ਏਕਤਾ ਅਤੇ ਪੰਜਾਬ ਦੇ ਹੱਕਾਂ ਲਈ ਡੱਟਣ ਦਾ ਸੰਕੇਤ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV




ਇਸ ਮੌਕੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਅਤੇ ਮਾਤਾ ਬਲਵਿੰਦਰ ਕੌਰ ਜੀ ਮੁੱਖ ਤੌਰ 'ਤੇ ਹਾਜ਼ਰ ਰਹੇ। ਉਨ੍ਹਾਂ ਦੇ ਨਾਲ ਭਾਈ ਪੱਪਲਪ੍ਰੀਤ ਦੇ ਮਾਤਾ ਮਨਧੀਰ ਕੌਰ ਜੀ, ਭਾਈ ਸੁਖਪ੍ਰੀਤ ਸਿੰਘ ਜੀ ਮਰੜੀ ਦੇ ਮਾਤਾ ਅਮਰਜੀਤ ਕੌਰ ਜੀ ਅਤੇ ਸੀਨੀਅਰ ਲੀਡਰਸ਼ਿਪ ਵਿੱਚੋਂ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਸਰਬਜੀਤ ਸਿੰਘ ਖ਼ਾਨਪੁਰ, ਭਾਈ ਪ੍ਰਗਟ ਸਿੰਘ ਮੀਆਂਵਿੰਡ, ਭਾਈ ਜੁਗਰਾਜ ਸਿੰਘ ਲਾਲਾਨੰਗਲ, ਭਾਈ ਰਸ਼ਪਾਲ ਸਿੰਘ ਸੋਸਣ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਕਵੀਸ਼ਰ ਭਾਈ ਮਨਜੀਤ ਸਿੰਘ ਸੋਹੀ, ਭਾਈ ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਭਾਈ ਅਮਰੀਕ ਸਿੰਘ ਬਿੱਟਾ, ਭਾਈ ਸਵਰਨ ਸਿੰਘ ਗੋਲਡਨ, ਸਰਪੰਚ ਬਲਜੀਤ ਸਿੰਘ, ਜਸਕਰਨ ਸਿੰਘ ਰਿਆੜ, ਚਰਨਜੀਤ ਸਿੰਘ ਗਾਲਿਬ, ਜਸਕਰਨ ਸਿੰਘ ਲੋਪੋਕੇ, ਜੁਗਰਾਜ ਸਿੰਘ ਭੰਗਵਾਂ, ਜਸਵਿੰਦਰ ਸਿੰਘ ਬਾਦਲ, ਬਲਦੇਵ ਸਿੰਘ ਬਿੱਟਾ, ਦਲਜੀਤ ਸਿੰਘ ਮਿਆਦੀਆਂ, ਬਾਬਾ ਬਿਬੇਕ ਸਿੰਘ, ਬਲਜਿੰਦਰ ਸਿੰਘ ਬਾਜਵਾ, ਜਗਰੂਪ ਸਿੰਘ ਖਾਲਸਾ, ਕੰਵਲਜੀਤ ਸਿੰਘ ਸੋਹੀ, ਪ੍ਰਗਟ ਸਿੰਘ ਸੋਹੀਆਂ, ਹਰਮੀਤ ਸਿੰਘ ਭੰਗਾਲੀ, ਤੇਜਵੰਤ ਸਿੰਘ ਬਾਜਵਾ, ਭਾਈ ਰਾਮ ਸਿੰਘ, ਹਰਮਨ ਸਿੰਘ ਬਾਜਵਾ ਅਤੇ ਰਾਵਲ ਸਿੰਘ ਬਾਜਵਾ ਵੀ ਹਾਜ਼ਰ ਸਨ। ਇਸ ਮੌਕੇ ਤੇ ਸੰਬੋਧਨ ਕਰਦਿਆਂ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਪੰਜਾਬ ਦੀ ਰਵਾਇਤੀ ਸਿਆਸਤ ਨੇ ਸਾਲਾਂ ਤੋਂ ਲੋਕਾਂ ਨਾਲ ਧੋਖਾ ਕੀਤਾ ਹੈ ਅਤੇ ਅੱਜ ਲੋਕ ਪੰਥਕ ਸੋਚ ਅਤੇ ਇਮਾਨਦਾਰ ਅਗਵਾਈ ਦੀ ਤਲਾਸ਼ ਵਿੱਚ ਹਨ।ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਸਿਰਫ਼ ਇੱਕ ਸਿਆਸੀ ਪਾਰਟੀ ਨਹੀਂ, ਸਗੋਂ ਪੰਜਾਬ ਦੇ ਹੱਕਾਂ, ਸਿੱਖ ਕੌਮ ਦੀ ਹੋਂਦ ਅਤੇ ਨੌਜਵਾਨੀ ਦੇ ਭਵਿੱਖ ਲਈ ਚੱਲ ਰਹੀ ਇਕ ਲੋਕ ਲਹਿਰ ਹੈ। ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਜਿਹੜੇ ਨਸ਼ੇ ਦੇ ਸੌਦਾਗਰਾਂ ਨੇ ਸਾਲਾਂ ਤੋਂ ਮਜੀਠੇ ਨੂੰ ਆਪਣੀ ਜਗੀਰ ਸਮਝ ਕੇ ਇਥੋਂ ਦੀ ਨੌਜਵਾਨੀ ਨੂੰ ਬਰਬਾਦ ਕੀਤਾ, ਹੁਣ ਸੰਗਤ ਉਹਨਾਂ ਨੂੰ ਮੂੰਹ ਤੋੜ ਜਵਾਬ ਦੇਣ ਲਈ ਤਿਆਰ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਤੋਂ ਬਚਾਉਣਾ ਅਤੇ ਪੰਜਾਬ ਨੂੰ ਮੁੜ ਖੁਸ਼ਹਾਲ ਬਣਾਉਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। 2027 ਦੀਆਂ ਚੋਣ ਸਰਗਰਮੀਆਂ ਨੂੰ ਮੁੱਖ ਰੱਖਦਿਆਂ ਹਲਕਾ ਮਜੀਠਾ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਇਹ ਪਹਿਲਾ ਇਕੱਠ ਸੀ, ਜਿਸਦੇ ਬੇਮਿਸਾਲ ਇਕੱਠ ਨੇ ਮਜੀਠਾ ਦੀ ਰਵਾਇਤੀ ਸਿਆਸਤ ਅਤੇ ਆਪਣੇ ਆਪ ਨੂੰ ਧਾਕੜ ਸਮਝਣ ਵਾਲੇ ਲੀਡਰਾਂ ਨੂੰ ਵੀ ਸੋਚਾਂ ਵਿੱਚ ਪਾ ਦਿੱਤਾ ਹੈ। ਲੋਕਾਂ ਦਾ ਇਹ ਜੋਸ਼ ਸਾਫ਼ ਦੱਸਦਾ ਹੈ ਕਿ ਪੰਜਾਬ ਦੀ ਸਿਆਸਤ ਵਿੱਚ ਨਵਾਂ ਬਦਲਾਅ ਆਉਣ ਵਾਲਾ ਹੈ। ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਵੱਲੋਂ ਮਜੀਠਾ ਦੇ ਦੋ ਸਿੰਘ ਭਾਈ ਪੱਪਲਪ੍ਰੀਤ ਸਿੰਘ ਮਜੀਠਾ ਅਤੇ ਭਾਈ ਸੁਖਪ੍ਰੀਤ ਸਿੰਘ ਮਰੜੀ ਦੇ ਪਰਿਵਾਰਾਂ ਦਾ ਵੀ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਜ਼ਿਕਰਯੋਗ ਹੈ ਕਿ ਇਹ ਦੋਵੇਂ ਸਿੰਘ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਨਾਲ ਪੁਲਿਸ ਵੱਲੋਂ ਗ੍ਰਿਫਤਾਰ ਕੀਤੇ ਗਏ ਸਨ। ਬਾਪੂ ਤਰਸੇਮ ਸਿੰਘ ਜੀ ਨੇ ਉਨ੍ਹਾਂ ਦੇ ਪਰਿਵਾਰਾਂ ਨੂੰ ਸਿਰੋਪਾਓ ਭੇਟ ਕਰਕੇ ਉਨ੍ਹਾਂ ਦੀ ਕੁਰਬਾਨੀ ਅਤੇ ਹੌਸਲੇ ਦਾ ਸਤਿਕਾਰ ਕੀਤਾ। ਕਾਨਫਰੰਸ ਦੌਰਾਨ ਵੱਡੀ ਗਿਣਤੀ ਵਿੱਚ ਇਕੱਠੀ ਹੋਈ ਸੰਗਤ ਨੇ ਪੰਥਕ ਨਾਅਰੇ ਲਗਾਉਂਦਿਆਂ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਲਹਿਰ ਨੂੰ ਹੋਰ ਮਜ਼ਬੂਤ ਕਰਨ ਦਾ ਸੰਕਲਪ ਲਿਆ ਅਤੇ ਪੰਜਾਬ ਦੇ ਹੱਕਾਂ ਲਈ ਇਕਜੁੱਟ ਹੋ ਕੇ ਸੰਘਰਸ਼ ਕਰਨ ਦੀ ਵਚਨਬੱਧਤਾ ਵੀ ਜਤਾਈ।

**ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਹਲਕਾ ਮਜੀਠਾ ਵਿੱਚ ਵਿਸ਼ਾਲ ਪੰਥਕ ਕਾਨਫਰੰਸ, ਰਵਾਇਤੀ ਧਾਕੜ ਲੀਡਰਾਂ ਦੀ ਉੱਡੀ ਨੀਂਦ**

# ਸਰਕਾਰ ਦਾ ਅਖੀਰਲਾ ਬਜਟ ਮਹਿਲਾਵਾਂ ਨੂੰ ਸਮਰਪਿਤ, ਮਹਿਲਾਵਾਂ ਵਿਚ ਖੁਸ਼ੀ ਦੀ ਲਹਿਰ- ਪ੍ਰਧਾਨ ਗੁਰਮੁੱਖ ਸਿੰਘ ਔਜਲਾ, ਬਲਜੀਤ ਸਿੰਘ ਸਰਾਂ



**ਚੌਂਕ ਮਹਿਤਾ 9 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਨ ਸਰਕਾਰ ਨੇ ਪੰਜਾਬ ਦੇ ਲੋਕਾਂ ਦੀ ਨਬਜ ਪਹਿਚਾਣਦੇ ਹੋਏ ਲੋਕ ਪੱਖੀ, ਲੋਕ ਮੁਸ਼ਿਕਲਾਂ ਅਤੇ ਲੋੜਾਂ ਦੀ ਤਰਜਮਾਨੀ ਕਰਨ ਵਾਲਾ ਅਖੀਰਲਾ ਬਜਟ ਪੇਸ਼ ਕਰਕੇ ਸਿੱਧ ਕਰ ਦਿੱਤਾ ਕਿ ਪੰਜਾਬ ਦੀ ਵਾਗਡੋਰ ਜਿੰਮੇਵਾਰ ਹੱਥਾਂ ਵਿੱਚ ਹੈ ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆ ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰ ਅਗਾਂਹ ਵਧੂ ਪ੍ਰਧਾਨ ਗੁਰਮੁੱਖ ਸਿੰਘ ਔਜਲਾ ਡੇਅਰੀਵਾਲ ਅਤੇ ਐਸੀ ਸੈਲ ਜਰਨਲ ਸਕੱਤਰ ਪੰਜਾਬ ਬਲਜੀਤ ਸਿੰਘ ਸਰਾਂ ਨੇ ਕਿਹਾ ਕਿ ਪਿਛਲੇ ਪੰਜਾਂ ਸਾਲਾਂ ਵਾਂਗ ਬਿਨਾਂ ਟੈਕਸ ਵਧਾਏ ਅਤੇ ਲੋਕਾਂ ਤੇ ਬੋਝ ਪਾਏ ਬਿਨਾ ਮਹਿਲਾਵਾਂ ਲਈ 1500 ਅਤੇ 1000 ਮਹੀਨਾ ਰਾਸ਼ੀ ਲਈ 9300 ਕਰੋੜ ਦਾ ਪ੍ਰਬੰਧਨ ਕਰਨ , ਗਰੀਬ ਪਰਿਵਾਰਾਂ ਲਈ ਫੂਡ ਕਿੱਟ ਪ੍ਰਦਾਨ ਕਰਨ ਲਈ 900 ਕਰੋੜ, ਖੇਤੀ ਬਾੜੀ ਅਤੇ ਕਿਸਾਨ ਭਲਾਈ ਲਈ 15377 ਕਰੋੜ ,ਬਿਜਲੀ ਕੀਮਤਾਂ ਵਿੱਚ 1.50 ਕਟੌਤੀ, ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਨੌਕਰੀਆਂ ਅਤੇ ਦਾਖਲਿਆਂ ਵਿੱਚ 3% ਕੋਟਾ ਨਿਰਧਾਰਤ ਕਰਨ, 3000 ਹਜਾਰ ਖੇਡ ਸਟੇਡੀਅਮ ਦਾ ਨਿਰਮਾਣ ਕਰਨ ਲਈ 1100 ਕਰੋੜ, 10 ਲੱਖ ਹੈਲਥ ਕਾਰਡ ਯੋਜਨਾ ਮਾਨ ਸਰਕਾਰ ਦੀ ਵੱਡੀ ਉਪਲੱਬਧੀ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV

# ਕ੍ਰਿਸ਼ਨਾ ਵੈਲਫੇਅਰ ਸੋਸਾਇਟੀ ਟਰੱਸਟ ਨੇ ਮਹਿਲਾ ਦਿਵਸ 'ਤੇ "ਮਹਿਲਾ ਸ਼ਕਤੀ ਪੁਰਸਕਾਰ" ਦਾ ਕੀਤਾ ਆਯੋਜਨ




ਨਵੀਂ ਦਿੱਲੀ 9 ਮਾਰਚ (ਮਨਪ੍ਰੀਤ ਸਿੰਘ ਖਾਲਸਾ):-ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ, ਕ੍ਰਿਸ਼ਨਾ ਵੈਲਫੇਅਰ ਸੋਸਾਇਟੀ ਟਰੱਸਟ ਨੇ ਭਾਰਤੀ ਵਿਦਿਆਪੀਠ ਦੇ ਆਡੀਟੋਰੀਅਮ ਵਿੱਚ ਇੱਕ ਸ਼ਾਨਦਾਰ "ਮਹਿਲਾ ਸ਼ਕਤੀ ਪੁਰਸਕਾਰ" ਸਮਾਰੋਹ ਦਾ ਆਯੋਜਨ ਕੀਤਾ। ਇਸ ਵੱਕਾਰੀ ਸਮਾਗਮ ਵਿੱਚ ਸਿੱਖਿਆ, ਸਿਹਤ, ਕਾਨੂੰਨ, ਦਵਾਈ ਅਤੇ ਸਮਾਜ ਸੇਵਾ ਵਰਗੇ ਮਹੱਤਵਪੂਰਨ ਖੇਤਰਾਂ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਵਾਲੀਆਂ 125 ਔਰਤਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਸਮਾਗਮ ਦੌਰਾਨ, ਏਆਰਕੇ ਸਟੂਡੀਓ ਚੈਰੀਟੇਬਲ ਡੈਡੀਕੇਸ਼ਨ ਦੇ ਸਹਿਯੋਗ ਨਾਲ ਮਹਿਲਾ ਸਸ਼ਕਤੀਕਰਨ ਨੂੰ ਸਮਰਪਿਤ ਇੱਕ "ਪਿੰਕ ਪਾਵਰ ਫੈਸ਼ਨ ਸ਼ੋਅ" ਵੀ ਆਯੋਜਿਤ ਕੀਤਾ ਗਿਆ। ਵੱਖ-ਵੱਖ ਖੇਤਰਾਂ ਦੀਆਂ ਪ੍ਰਮੁੱਖ ਔਰਤਾਂ, ਮਾਡਲਾਂ, ਅਭਿਨੇਤਰੀਆਂ ਅਤੇ ਬੱਚਿਆਂ ਨੇ ਫੈਸ਼ਨ ਸ਼ੋਅ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਸਮਾਗਮ ਦਾ ਥੀਮ "ਪਿੰਕ ਪਾਵਰ" ਸੀ, ਜੋ ਕਿ ਮਹਿਲਾ ਸ਼ਕਤੀ, ਆਤਮ- ਵਿਸ਼ਵਾਸ ਅਤੇ ਸਸ਼ਕਤੀਕਰਨ ਦਾ ਪ੍ਰਤੀਕ ਹੈ। ਸੱਭਿਆਚਾਰਕ ਪ੍ਰਦਰਸ਼ਨਾਂ ਨੇ ਵੀ ਸਮਾਗਮ ਨੂੰ ਵਿਸ਼ੇਸ਼ ਬਣਾਇਆ। ਏਤਸਾ ਮਿਸ਼ਰਾ ਨੇ ਦੁਰਗਾ ਸਤੂਤੀ ਦੀ ਆਪਣੀ ਮਨਮੋਹਕ ਪੇਸ਼ਕਾਰੀ ਨਾਲ ਸਾਰਿਆਂ ਨੂੰ ਮੋਹਿਤ ਕੀਤਾ, ਜਦੋਂ ਕਿ ਰੁਤਵੀ ਭਾਟੀ ਨੇ ਆਪਣੇ ਹਰਿਆਣਵੀ ਪ੍ਰਦਰਸ਼ਨ ਨਾਲ ਸਮਾਗਮ ਵਿੱਚ ਉਤਸ਼ਾਹ ਅਤੇ ਉਤਸ਼ਾਹ ਦਾ ਅਹਿਸਾਸ ਜੋੜਿਆ।ਕਾਸ਼ੀ ਨੇ ਆਪਣੇ ਪ੍ਰੇਰਨਾਦਾਇਕ ਭਾਸ਼ਣ ਰਾਹੀਂ ਔਰਤਾਂ ਦੀ ਸ਼ਕਤੀ ਅਤੇ ਮਹੱਤਵ ਨੂੰ ਵੀ ਉਜਾਗਰ ਕੀਤਾ, ਜਿਸ ਨੇ ਮੌਜੂਦ ਬੱਚਿਆਂ ਅਤੇ ਨੌਜਵਾਨਾਂ ਨੂੰ ਬਹੁਤ ਪ੍ਰੇਰਿਤ ਕੀਤਾ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਮਾਂਗੇਰਾਮ ਚੌਹਾਨ, ਨੈਸ਼ਨਲ ਅਕਾਲੀ ਦਲ ਦੇ ਪ੍ਰਧਾਨ ਪਰਮਜੀਤ ਸਿੰਘ ਪੰਮਾ, ਅਤੇ ਕਈ ਹੋਰ ਪਤਵੰਤੇ ਅਤੇ ਅਧਿਕਾਰੀ ਮੌਜੂਦ ਸਨ। ਸਾਰੇ ਮਹਿਮਾਨਾਂ ਨੇ ਔਰਤਾਂ ਦੇ ਯੋਗਦਾਨ ਦੀ ਪ੍ਰਸ਼ੰਸਾ ਕੀਤੀ, ਉਨ੍ਹਾਂ ਨੂੰ ਸਮਾਜ ਲਈ ਇੱਕ ਸ਼ਕਤੀਸ਼ਾਲੀ ਪ੍ਰੇਰਨਾ ਕਿਹਾ। ਇਸ ਮੌਕੇ 'ਤੇ, ਕ੍ਰਿਸ਼ਨਾ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਸ਼੍ਰੀ ਰਾਜੇਸ਼ ਚੌਹਾਨ ਨੇ ਕਿਹਾ, ਸਮਾਜ ਦਾ ਫਰਜ਼ ਹੈ ਕਿ ਉਹ ਔਰਤਾਂ ਦਾ ਸਤਿਕਾਰ ਕਰੇ ਅਤੇ ਉਨ੍ਹਾਂ ਦੇ ਕੰਮ ਦੀ ਕਦਰ ਕਰੇ। ਅੱਜ, ਔਰਤਾਂ ਸਿੱਖਿਆ, ਸਿਹਤ, ਕਾਨੂੰਨ, ਦਵਾਈ ਅਤੇ ਹਰ ਖੇਤਰ ਵਿੱਚ ਆਪਣੀ ਪ੍ਰਤਿਭਾ ਰਾਹੀਂ ਸਮਾਜ ਨੂੰ ਨਵੀਂ ਦਿਸ਼ਾ ਦੇ ਰਹੀਆਂ ਹਨ। ਇਹ ਸਮਾਗਮ ਇਨ੍ਹਾਂ ਸਸ਼ਕਤ ਔਰਤਾਂ ਨੂੰ ਸਮਰਪਿਤ ਹੈ। ਇਸ ਸਮਾਗਮ ਦੀ ਮੇਜ਼ਬਾਨੀ ਨੀਲਿਮਾ ਠਾਕੁਰ ਅਤੇ ਪਰਵੀਨ ਸ਼ਰਮਾ ਨੇ ਕੀਤੀ, ਜਿਨ੍ਹਾਂ ਨੇ ਪੂਰੇ ਸਮਾਗਮ ਨੂੰ ਸ਼ਾਨਦਾਰ ਢੰਗ ਨਾਲ ਸੰਚਾਲਿਤ ਕੀਤਾ। ਇਸ ਸਮਾਗਮ ਦਾ ਉਦੇਸ਼ ਔਰਤਾਂ ਨੂੰ ਉਤਸ਼ਾਹਿਤ ਕਰਨਾ, ਉਨ੍ਹਾਂ ਦੀਆਂ ਪ੍ਰਾਪਤੀਆਂ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਨਾ ਅਤੇ ਸਮਾਜ ਵਿੱਚ ਔਰਤਾਂ ਦੀ ਸ਼ਕਤੀ ਦੇ ਮਹੱਤਵ ਨੂੰ ਹੋਰ ਮਜ਼ਬੂਤ ਕਰਨਾ ਸੀ। ਪੂਰੇ ਸਮਾਗਮ ਦੌਰਾਨ ਉਤਸ਼ਾਹ, ਸਤਿਕਾਰ ਅਤੇ ਪ੍ਰੇਰਨਾ ਦਾ ਮਾਹੌਲ ਰਿਹਾ।

ਆਵਾਜ਼ਿ ਕੌਮ AWAZE QAUM International Newspaper & WEB TV

# ਹਠੂਰ ਦੇ ਨੌਜਵਾਨ ਮਨਪ੍ਰੀਤ ਸਿੰਘ ( 33 ) ਦੀ ਕਰੰਟ ਲੱਗਣ ਕਾਰਨ ਹੋਈ ਮੌਤ



ਜਗਰਾਉਂ -(ਵਰਿਆਮ ਹਠੂਰ) ਇਤਿਹਾਸਕ ਕਸਬਾ ਹਠੂਰ ਵਿਖੇ ਨੌਜਵਾਨ ਮਨਪ੍ਰੀਤ ਸਿੰਘ (33) ਪੁੱਤਰ ਹਰਮੰਦਰ ਸਿੰਘ (ਜਵੱਦੀ ਵਾਲੇ) ਜੋ ਕਰੰਟ ਲੱਗਣ ਕਾਰਨ ਭਰੀ ਜਵਾਨੀ ਵਿੱਚ ਆਪਣੇ ਸੁਆਸਾਂ ਦੀ ਪੂੰਜੀ ਅਤੇ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਚਲਾਣਾ ਕਰ ਗਏ ਹਨ। ਤੇ ਪਿੱਛੇ ਆਪਣੇ ਪਰਿਵਾਰ ਨੂੰ ਰੋਂਦੇ ਕੁਰਲਾਉਂਦੇ ਛੱਡ ਗਏ ਉਨ੍ਹਾਂ ਦਾ ਅੰਤਿਮ ਸੰਸਕਾਰ ਹਠੂਰ ਦੇ ਸ਼ਮਸ਼ਾਨ ਘਾਟ ਵਿੱਚ ਕਰ ਦਿੱਤਾ ਗਿਆ, ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਨਾਲ ਰਿਸ਼ਤੇਦਾਰਾਂ, ਮਿੱਤਰਾਂ, ਗ੍ਰਾਮ ਪੰਚਾਇਤ, ਅਤੇ ਨਗਰ ਨਿਵਸੀਆਂ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ, ਇਸ ਮੌਕੇ ਸਮਾਜ ਸੇਵੀ ਦਵਿੰਦਰ ਸਿੰਘ ਬੱਬੀ ਗਰੇਵਾਲ ਹਠੂਰ ਨੇ ਕਿਹਾ ਕਿ ਨੌਜਵਾਨ ਮਨਪ੍ਰੀਤ ਸਿੰਘ ਦੇ ਭਰੀ ਜਵਾਨੀ ਵਿੱਚ ਅਕਾਲ ਚਲਾਣਾ ਕਰ ਜਾਣ ਨਾਲ ਪਰਿਵਾਰ ਤੇ ਦੁੱਖਾਂ ਦਾ ਪਹਾੜ ਟੁੱਟਿਆ ਹੈ। ਤੇ ਹਿਰਦਿਆਂ ਤੇ ਡੂੰਘੀ ਸੱਟ ਲੱਗੀ ਹੈ। ਪ੍ਰਮਾਤਮਾ ਦੇ ਬਣਾਏ ਜਨਮ ਮਰਨ ਦੇ ਚੱਕਰ ਅਨੁਸਾਰ ਜੋ ਵੀ ਜੱਗ ਤੇ ਆਇਆ ਹੈ। ਉਸ ਨੇ ਇੱਕ ਨਾ ਇੱਕ ਦਿਨ ਇਸ ਸੰਸਾਰ ਨੂੰ ਹਮੇਸ਼ਾਂ ਲਈ ਅਲਵਿਦਾ ਆਖ ਜਾਣਾ ਹੈ। ਅਸੀਂ ਸਾਰੇ ਉਸ ਪ੍ਰਮਾਤਮਾ ਦੀ ਫਸਲ ਹਾਂ ਜਿਸ ਨੂੰ ਉਸ ਨੇ ਆਪਣੀ ਮਰਜ਼ੀ ਅਨੁਸਾਰ ਕੱਚੀ ਪੱਕੀ ਕੱਟ ਲੈਣਾ ਹੈ। ਜਿਸ ਤੇ ਇਨਸਾਨ ਦਾ ਕੋਈ ਵੀ ਜ਼ੋਰ ਨਹੀਂ ਚੱਲਦਾ ਨੌਜਵਾਨ ਮਨਪ੍ਰੀਤ ਸਿੰਘ (33) ਦੇ ਸਦਾ ਲਈ ਵਿੱਛੜ ਜਾਣ ਨਾਲ ਪਰਿਵਾਰ ਨੂੰ, ਅਤੇ ਰਿਸ਼ਤੇਦਾਰਾਂ ਮਿੱਤਰਾਂ ਨੂੰ ਕਦੇ ਨਾਂ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਪ੍ਰਮਾਤਮਾਂ ਹਮੇਸ਼ਾਂ ਲਈ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਸਥਾਨ ਬਖਸ਼ੇ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ, ਇਸ ਮੌਕੇ ਨਗਰ ਦੇ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਨੇ ਵੀ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਪਰਿਵਾਰ ਲਈ ਕਦੇ ਨਾਂ ਪੂਰਾ ਹੋਣ ਵਾਲਾ ਘਾਟਾ ਦੱਸਿਆ, ਉਨਾਂ ਕਿਹਾ ਕਿ ਵਾਹਿਗੁਰੂ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਸਥਾਨ ਬਖਸ਼ੇ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ, ਗਰਾਮ ਪੰਚਾਇਤ ਸਮੇਤ ਵੱਡੀ ਗਿਣਤੀ ਵਿੱਚ ਨਗਰ ਨਿਵਾਸੀ, ਅਤੇ ਰਿਸ਼ਤੇਦਾਰਾਂ ਮਿੱਤਰਾਂ ਨੇ ਸੇਜਲ ਅੱਖਾਂ ਨਾਲ ਨੌਜਵਾਨ ਮਨਪ੍ਰੀਤ ਸਿੰਘ ਨੂੰ ਅੰਤਿਮ ਵਿਧਾਇਗੀ ਦਿੱਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ ਵਿੱਚ

# ਸਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ



**ਚੌਕ ਮਹਿਤਾ, 9 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੀ ਸਰਪ੍ਰਸਤੀ ਹੇਠ ਚੱਲ ਰਹੇ ਵਿਦਿਅਕ ਅਦਾਰਿਆਂ ਵਿੱਚੋਂ ਇੱਕ ਅਦਾਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ ਮਹਿਸਮਪੁਰ ਖੁਰਦ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਸਲਾਨਾ ਇਨਾਮ ਵੰਡ ਸਮਾਰੋਹ ਬੜੇ ਉਤਸ਼ਾਹ ਨਾਲ ਕਰਵਾਇਆ ਗਿਆ।

ਸਕੂਲ ਦੀ ਮੈਨੇਜਮੈਂਟ ਵੱਲੋਂ ਕਰਵਾਏ ਗਏ ਇਸ ਸਮਾਗਮ ਵਿੱਚ ਭਾਰਤੀ ਹਾਕੀ ਟੀਮ ਦੇ ਪ੍ਰਸਿੱਧ ਖਿਡਾਰੀ ਅਤੇ ਓਲੰਪਿਕ ਮੈਡਲਿਸਟ ਜਰਮਨਪ੍ਰੀਤ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਇਸ ਮੌਕੇ ਸਲਾਨਾ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

### ਓਲੰਪਿਕ ਮੈਡਲਿਸਟ ਜਰਮਨਪ੍ਰੀਤ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਿਲ

ਮੁੱਖ ਮਹਿਮਾਨ ਜਰਮਨਪ੍ਰੀਤ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਿਹਨਤ, ਅਨੁਸ਼ਾਸਨ ਅਤੇ ਲਗਨ ਨਾਲ ਹਰ ਵਿਦਿਆਰਥੀ ਆਪਣੀ ਮੰਜ਼ਿਲ ਹਾਸਲ ਕਰ ਸਕਦਾ ਹੈ। ਉਨ੍ਹਾਂ ਨੇ ਬੱਚਿਆਂ ਨੂੰ ਪੜਾਈ ਦੇ ਨਾਲ ਨਾਲ ਖੇਡਾਂ ਵਿੱਚ ਵੀ ਰੁਚੀ ਲੈਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਤੇ ਮਾਪਿਆਂ ਵਿੱਚ ਬੱਚਿਆਂ ਨੂੰ ਸਕੂਲ ਵਿੱਚ ਦਾਖਲ ਕਰਾਉਣ ਸਬੰਧੀ ਭਾਰੀ ਉਤਸਾਹ ਦੇਖਿਆ ਗਿਆ ।ਇਸ ਮੌਕੇ ਹੋਰ ਹਾਜ਼ਰ ਸ਼ਖਸੀਅਤਾਂ ਵਿੱਚ ਹਾਕੀ ਕੋਚ ਬਲਜਿੰਦਰ ਸਿੰਘ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ,ਪ੍ਰਿੰਸੀਪਲ ਹਰਜੋਤ ਸਿੰਘ, ਪ੍ਰਿੰਸੀਪਲ ਗੁਰਦੀਪ ਸਿੰਘ, ਪ੍ਰਿੰਸੀਪਲ ਜਤਿੰਦਰ ਕੁਮਾਰ ਸ਼ਰਮਾ,ਸ ਗੁਰਪਿੰਦਰ ਸਿੰਘ,ਸ ਦਲਜੀਤ ਸਿੰਘ,ਸ ਸਤਪਾਲ ਸਿੰਘ ਅਤੇ ਮਨਦੀਪ ਕੌਰ ਮੈਡਮ ਆਦਿ ਸਮੂਹ ਸਕੂਲ ਸਟਾਫ ਵੀ ਮੌਜੂਦ ਸਨ।

## ਖਾਲਸਾ ਕਾਲਜ ਮਹਿਤਾ ਵਿਖੇ

# 'ਅੰਤਰਰਾਸ਼ਟਰੀ ਮਹਿਲਾ ਦਿਵਸ' ਮਨਾਇਆ ਗਿਆ



**ਚੌਕ ਮਹਿਤਾ,8 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ 'ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ' ਮਹਿਤਾ ਚੌਂਕ ਵਿਖੇ 'ਅੰਤਰਰਾਸ਼ਟਰੀ ਮਹਿਲਾ ਦਿਵਸ' ਬੜੇ ਉਤਸਾਹ ਨਾਲ ਮਨਾਇਆ ਗਿਆ।ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਭਾਸ਼ਣ ਅਤੇ ਕਵਿਤਾ ਮੁਕਾਬਲਿਆਂ ਵਿੱਚ ਹਿੱਸਾ ਲਿਆ। ਉਨਾਂ ਨੇ ਆਪਣੇ ਭਾਸ਼ਣਾਂ ਰਾਹੀਂ ਸਮਾਜ ਵਿੱਚ ਮਹਿਲਾਵਾਂ ਦੀ ਮਹੱਤਤਾ ਤੇ ਉਹਨਾਂ ਦੇ ਅਹਿਮ ਯੋਗਦਾਨ ਬਾਰੇ ਵਿਚਾਰ ਪ੍ਰਗਟ ਕੀਤੇ। ਇਸ ਤੇ ਅਧਿਆਪਕਾਂ ਨੇ ਵੀ ਵਿਦਿਆਰਥੀਆਂ ਨੂੰ ਮਹਿਲਾਵਾਂ ਦੀ ਇੱਜਤ ਕਰਨ ਤੇ ਉਹਨਾਂ ਨੂੰ ਸਮਾਨ ਅਧਿਕਾਰ ਦੇਣ ਲਈ ਪ੍ਰੇਰਿਤ ਕੀਤਾ ਅਤੇ ਦੱਸਿਆ ਕਿ ਸਮਾਜ ਦੀ ਤਰੱਕੀ ਵਿੱਚ ਮਹਿਲਾਵਾਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮਹਿਲਾਵਾਂ ਸਮਾਜ ਦੀ ਤਾਕਤ ਅਤੇ ਤਰੱਕੀ ਦਾ ਆਧਾਰ ਹਨ । ਇੱਕ ਪੜ੍ਹੀ-ਲਿਖੀ ਤੇ ਆਤਮ- ਨਿਰਭਰ ਮਹਿਲਾ ਹੀ ਮਜਬੂਤ ਸਮਾਜ ਦੀ ਨੀਂਹ ਰੱਖਦੀ ਹੈ। ਉਹਨਾਂ ਨੇ ਮਹਾਨ ਮਹਿਲਾਵਾਂ ਦੀਆਂ ਕਾਮਯਾਬੀਆਂ ਤੋਂ ਪ੍ਰੇਰਨਾ ਲੈ ਕੇ ਆਪਣੇ ਜੀਵਨ ਵਿੱਚ ਅੱਗੇ ਵਧਣ ਦੀ ਲਈ ਵਿਦਿਆਰਥੀਆਂ ਨੂੰ ਪ੍ਰੇਰਿਆ। ਅੰਤ ਵਿੱਚ ਉਹਨਾ ਵੱਲੋਂ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਦੀ ਹੌਸਲਾ ਅਫਜਾਈ ਕੀਤੀ ਗਈ ਤੇ ਉਹਨਾਂ ਨੂੰ ਅੱਗੇ ਵੀ ਇਸੇ ਤਰ੍ਹਾਂ ਦੇ ਸਮਾਜਿਕ ਮਸਲਿਆਂ ਬਾਰੇ ਜਾਗਰੂਕ ਰਹਿਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ ,ਸੁਖਦੇਵ ਸਿੰਘ, ਸੁਖਜੀਤ ਸਿੰਘ, ਮੈਡਮ ਕੁਲਦੀਪ ਕੌਰ ਅਤੇ ਸਮੂਹ ਸਟਾਫ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਆਮ ਪਾਰਟੀ ਦੇ ਸਰਕਾਰ ਵੱਲੋਂ ਔਰਤਾਂ ਨੂੰ ਹਜਾਰ ਰੁਪਈਆ ਦੇਣ ਦਾ

# ਵਾਅਦਾ ਕੀਤਾ ਪੂਰਾ-ਚੇਅਰਮੈਨ ਜਲਾਲ ਉਸਮਾ, ਜਰਮਨ ਸਿੰਘ ਉਦੋ ਨੰਗਲ



ਚੌਕ ਮਹਿਤਾ,9 ਮਾਰਚ ,( ਬਾਬਾ ਸੁਖਵੰਤ ਸਿੰਘ ਚੰਨਣਕੇ)-ਪੰਜਾਬ ਸਰਕਾਰ ਵੱਲੋਂ ਲਗਭਗ ਭਾਵੇਂ ਸਾਰੇ ਵਾਅਦੇ ਪੂਰੇ ਕੀਤੇ ਜਾ ਚੁੱਕੇ ਹਨ ਅਤੇ ਅੱਜ ਮਹਿਲਾ ਦਿਵਸ ਮੌਕੇ ਪਹਿਲਾਂ ਹਜ਼ਾਰ ਰੁਪੈ ਪ੍ਰਤੀ ਮਹੀਨਾ ਔਰਤਾਂ ਨੂੰ ਦੇਣ ਦਾ ਵਾਅਦਾ ਕੀਤਾ ਗਿਆ ਸੀ ਉਹ ਵੀ ਪੂਰਾ ਕਰਨ ਤੇ ਪਾਰਟੀ ਦੇ ਹਾਈ ਕਮਾਂਡ ਸ੍ਰੀ ਅਰਵਿੰਦ ਕੇਜਰੀਵਾਲ ਪੰਜਾਬ ਦੇ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਦਾ ਧੰਨਵਾਦ ਕੀਤਾ।ਇਸ ਮੌਕੇ ਬੋਲਦਿਆਂ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਲੀਡਰ ਚੇਅਰਮੈਨ ਟ੍ਰੇਡਰਜ ਕਮਿਸ਼ਨ ਪੰਜਾਬ ਸਰਕਾਰ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਅਤੇ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਲੀਡਰ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਜਰਮਨ ਸਿੰਘ ਉਦੋ ਨੰਗਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲਗਭਗ ਸਾਰੇ ਵਾਅਦੇ ਪਹਿਲਾਂ ਹੀ ਪੂਰੇ ਕੀਤੇ ਜਾ ਚੁੱਕੇ ਹਨ ਜਿਵੇਂ ਕਿ ਕਿਸਾਨਾਂ ਨੂੰ ਮੁਫਤ ਬਿਜਲੀ, ਘਰੇਲੂ ਵਰਤੋਂ ਲਈ ਮੁਫਤ ਬਿਜਲੀ, ਮਹਿਲਾਵਾਂ ਨੂੰ ਮੁਫਤ ਬੱਸ ਦਾ ਸਫਰ ਸਮੇਤ ਹੋਰ ਕਾਫੀ ਸਹੂਲਤਾਂ ਦਿੱਤੀਆਂ ਗਈਆਂ ਹਨ ਅਤੇ ਹੁਣ ਜੋ ਬਾਕੀ ਰਹਿੰਦਾ ਵਾਅਦਾ ਔਰਤਾਂ ਨੂੰ ਹਜ਼ਾਰ ਰੁਪਿਆ ਪ੍ਰਤੀ ਮਹੀਨਾ ਦੇਣ ਦਾ ਸੀ ਉਹ ਵੀ ਅੱਜ ਪੂਰਾ ਕੀਤਾ ਗਿਆ,ਜਿਸ ਲਈ ਅਸੀਂ ਪਾਰਟੀ ਦੇ ਸੁਪੋਰਮ ਸ੍ਰੀ ਅਰਵਿੰਦ ਕੇਜਰੀਵਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਦਾ ਧੰਨਵਾਦ ਕਰਦੇ ਹਾਂ ਅਤੇ ਇਹ ਆਮ ਆਦਮੀ ਪਾਰਟੀ ਦੀ ਪਹਿਲੀ ਸਰਕਾਰ ਹੈ ਜਿਸ ਨੇ ਸਾਰੇ ਵਾਅਦੇ ਪੂਰੇ ਕਰ ਦਿੱਤੇ ਹਨ।

# ਮਜੀਠਾ ਕਾਨਫਰੰਸ ਨੇ ਰਵਾਇਤੀ ਸਿਆਸਤ ਖ਼ਿਲਾਫ਼ ਵਜਾਇਆ ਬਦਲਾਅ ਦਾ ਨਗਾਰਾ : ਭਾਈ ਪਰਮਜੀਤ ਸਿੰਘ ਜੌਹਲ

## ਨਸ਼ਿਆਂ ਉੱਪਰ ਸਿਆਸਤ ਕਰਕੇ ਨੌਜਵਾਨਾਂ ਦੀ ਜ਼ਿੰਦਗੀ ਬਰਬਾਦ ਕਰਨ ਵਾਲੇ ਜਾਣਗੇ ਗੋਰਖਪੁਰ : ਜੌਹਲ




**ਮਜੀਠਾ, 9 ਮਾਰਚ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਹਲਕਾ ਮਜੀਠਾ ਦੇ ਪਿੰਡ ਮਰੜੀ ਕਲਾਂ ਵਿਖੇ ਭਾਈ ਨਾਥਵਿੰਦਰ ਸਿੰਘ ਮਜੀਠਾ ਦੀ ਅਗਵਾਈ ਹੇਠ ਕਰਵਾਈ ਗਈ ਵਿਸ਼ਾਲ ਪੰਥਕ ਕਾਨਫਰੰਸ ਨੇ ਇਲਾਕੇ ਦੀ ਸਿਆਸਤ ਵਿੱਚ ਨਵੇਂ ਬਦਲਾਅ ਦੀਆਂ ਚਰਚਾਵਾਂ ਨੂੰ ਜਨਮ ਦਿੱਤਾ ਹੈ। ਇਸ ਸਬੰਧੀ ਪ੍ਰਤੀਕਿਰਿਆ ਦਿੰਦਿਆਂ ਅਕਾਲੀ ਦਲ ਵਾਰਿਸ ਪੰਜਾਬ ਦੇ ਕੋਆਰਡੀਨੇਟਰ ਭਾਈ ਪਰਮਜੀਤ ਸਿੰਘ ਜੌਹਲ ਨੇ ਸਟੇਜ ਤੋਂ ਬੋਲਦਿਆਂ ਕਿਹਾ ਕਿ ਕਾਨਫਰੰਸ ਵਿੱਚ ਵੱਡੀ ਗਿਣਤੀ ਵਿੱਚ ਪਹੁੰਚੀ ਸੰਗਤ ਨੇ ਇਹ ਦਰਸਾ ਦਿੱਤਾ ਹੈ ਕਿ ਲੋਕ ਰਵਾਇਤੀ ਸਿਆਸਤ ਤੋਂ ਨਿਰਾਸ ਹੋ ਚੁੱਕੇ ਹਨ ਅਤੇ ਹੁਣ ਇਮਾਨਦਾਰ ਤੇ ਪੰਥਕ ਸੋਚ ਵਾਲੀ ਅਗਵਾਈ ਨੂੰ ਅੱਗੇ ਲਿਆਉਣਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਮਜੀਠਾ ਦੀ ਇਸ ਕਾਨਫਰੰਸ ਵਿੱਚ ਲੋਕਾਂ ਦਾ ਉਤਸ਼ਾਹ ਅਤੇ ਜੋਸ਼ ਇਸ ਗੱਲ ਦਾ ਪ੍ਰਮਾਣ ਹੈ ਕਿ ਪੰਜਾਬ ਦੀ ਸਿਆਸਤ ਵਿੱਚ ਬਦਲਾਅ ਦੀ ਲਹਿਰ ਹੌਲੀ-ਹੌਲੀ ਮਜ਼ਬੂਤ ਹੋ ਰਹੀ ਹੈ। ਭਾਈ ਜੌਹਲ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਪੰਜਾਬ ਦੇ ਹੱਕਾਂ ਦੀ ਰੱਖਿਆ, ਸਿੱਖ ਕੌਮ ਦੀ ਹੋਂਦ ਅਤੇ ਨੌਜਵਾਨੀ ਦੇ ਭਵਿੱਖ ਲਈ ਲਗਾਤਾਰ ਆਵਾਜ਼ ਉਠਾ ਰਿਹਾ ਹੈ ਅਤੇ ਇਸ ਮਕਸਦ ਲਈ ਲੋਕਾਂ ਦਾ ਸਮਰਥਨ ਦਿਨੋਂ-ਦਿਨ ਵੱਧ ਰਿਹਾ ਹੈ। ਇਸ ਮੌਕੇ ਭਾਈ ਪਰਮਜੀਤ ਸਿੰਘ ਜੌਹਲ ਨੇ ਹਲਕਾ ਮਜੀਠਾ ਦੇ ਨਸ਼ਿਆਂ ਦੇ ਮਾਮਲਿਆਂ ਵਿੱਚ ਘਿਰੇ ਰਵਾਇਤੀ ਲੀਡਰਾਂ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਮਜੀਠੇ ਦੇ ਲੋਕ ਹੁਣ ਸਭ ਕੁਝ ਸਮਝ ਚੁੱਕੇ ਹਨ ਅਤੇ ਉਹ ਦਿਨ ਦੂਰ ਨਹੀਂ ਜਦੋਂ ਇਥੋਂ ਦੀ ਸੰਗਤ ਉਹਨਾਂ ਨੂੰ ਮੁੜ ਗੋਰਖਪੁਰ ਦਾ ਰਾਹ ਵਿਖਾ ਦੇਵੇਗੀ। ਉਨ੍ਹਾਂ ਕਿਹਾ ਕਿ ਸਾਲਾਂ ਤੋਂ ਮਜੀਠਾ ਹਲਕੇ ਨੂੰ ਨਸ਼ਿਆਂ ਦੀ ਲਾਹਨਤ ਨਾਲ ਜੋੜਿਆ ਜਾਂਦਾ ਰਿਹਾ ਹੈ ਪਰ ਹੁਣ ਇਲਾਕੇ ਦੇ ਲੋਕ ਇਹਨਾਂ ਹਾਲਾਤਾਂ ਨੂੰ ਬਦਲਣ ਲਈ ਇਕੱਠੇ ਹੋ ਰਹੇ ਹਨ। ਉਨ੍ਹਾਂ ਗੁਰਦਾਸਪੁਰ ਵਿਖੇ ਝੂਠੇ ਪੁਲਿਸ ਮੁਕਾਬਲੇ ਵਿੱਚ ਮਾਰੇ ਗਏ ਨੌਜਵਾਨ ਰਣਜੀਤ ਸਿੰਘ ਦੇ ਮਾਮਲੇ ਦਾ ਵੀ ਜ਼ਿਕਰ ਕਰਦਿਆਂ ਕਿਹਾ ਕਿ ਇਸ ਘਟਨਾ ਦੀ ਸੱਚਾਈ ਸਾਹਮਣੇ ਲਿਆਉਣ ਲਈ ਕੇਂਦਰੀ ਜਾਂਚ ਏਜੰਸੀ ਰਾਹੀਂ ਸੀ.ਬੀ.ਆਈ. ਜਾਂਚ ਕਰਵਾਈ ਜਾਣੀ ਬਹੁਤ ਜ਼ਰੂਰੀ ਹੈ ਤਾਂ ਜੋ ਪੀੜਤ ਪਰਿਵਾਰ ਨੂੰ ਇਨਸਾਫ ਮਿਲ ਸਕੇ ਅਤੇ ਜਿੰਮੇਵਾਰ ਲੋਕਾਂ ਨੂੰ ਕਾਨੂੰਨ ਅਨੁਸਾਰ ਸਜ਼ਾ ਮਿਲੇ। ਭਾਈ ਜੌਹਲ ਨੇ ਕਿਹਾ ਕਿ ਮਜੀਠਾ ਵਿੱਚ ਹੋਈ ਇਹ ਕਾਨਫਰੰਸ ਸਿਰਫ਼ ਇੱਕ ਰਾਜਨੀਤਿਕ ਇਕੱਠ ਨਹੀਂ ਸੀ, ਬਲਕਿ ਇਹ ਪੰਜਾਬ ਵਿੱਚ ਬਦਲਾਅ ਦੀ ਉਮੀਦ ਅਤੇ ਲੋਕਾਂ ਦੀਆਂ ਭਾਵਨਾਵਾਂ ਦਾ ਪ੍ਰਗਟਾਵਾ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਆਉਣ ਵਾਲੇ ਸਮੇਂ ਵਿੱਚ ਵੀ ਪੰਜਾਬ ਦੇ ਵੱਖ-ਵੱਖ ਹਲਕਿਆਂ ਵਿੱਚ ਇਸ ਤਰ੍ਹਾਂ ਦੇ ਪ੍ਰੋਗਰਾਮ ਕਰਕੇ ਲੋਕਾਂ ਨੂੰ ਜਾਗਰੂਕ ਕਰਨ ਅਤੇ ਪੰਥਕ ਏਕਤਾ ਨੂੰ ਮਜ਼ਬੂਤ ਕਰਨ ਲਈ ਯਤਨ ਜਾਰੀ ਰੱਖੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਗ੍ਰੰਥ ਸਾਹਿਬ ਦੀਆਂ ਬੇਅਦਬੀਆਂ ਰੋਕਣ ਲਈ ਜੇਕਰ ਸਰਕਾਰ ਕਾਨੂੰਨ ਬਣਾਉਂਦੀ ਹੈ ਤਾਂ ਉਸ ਨਾਲ ਹੋਵੇਗਾ ਭਾਰੀ ਨੁਕਸਾਨ, ਸਿੱਖ ਜੱਥੇਬੰਦੀਆਂ ਨਾਲ ਕੀਤਾ ਜਾਏ ਵਿਚਾਰ ਮਸ਼ਵਰਾ: ਭਾਈ ਅਤਲਾ



ਨਵੀਂ ਦਿੱਲੀ 9 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਪਿਛਲੇ ਲੰਬੇ ਸਮੇਂ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਹੋਰ ਧਰਮਾਂ ਦੇ ਗ੍ਰੰਥਾਂ ਦੀਆਂ ਹੋ ਰਹੀਆਂ ਬੇਅਦਬੀਆਂ ਨੂੰ ਰੋਕਣ ਲਈ ਸਖਤ ਕਾਨੂੰਨ ਬਣਾਉਣ ਬਾਰੇ ਉੱਠ ਰਹੀ ਮੰਗ, ਅਤੇ ਜੇਕਰ ਸਰਕਾਰ ਇਸ ਸਬੰਧੀ ਕਾਨੂੰਨ ਬਣਾਉਂਦੀ ਹੈ ਤਾਂ ਉਸ ਨਾਲ ਵੱਡੇ ਨੁਕਸਾਨ ਹੋ ਸਕਦੇ ਹਨ ।ਸੁਖਚੈਨ ਸਿੰਘ ਅਤਲਾ ਮੁੱਖ ਸੇਵਾਦਾਰ ਸ਼ਹੀਦ ਬਾਬਾ ਦੀਪ ਸਿੰਘ ਸੇਵਾ ਦਲ (ਪੰਜਾਬ) ਨੇ ਪਿਛਲੇ ਦਿਨੀ ਨਾਮੀ ਅਖਬਾਰ ਵਿੱਚ ਲੱਗੀ ਖਬਰ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਖਬਰ ਮੁਤਾਬਕ ਜੇਕਰ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਤੋਂ ਬਾਅਦ ਮਾਮਲਾ ਦਰਜ ਹੁੰਦਾ ਹੈ ਤਾਂ ਕੀ ਪੁਲਿਸ ਗੁਰੂ ਸਾਹਿਬ ਨੂੰ ਮਾਲਖਾਨੇ ਵਿੱਚ ਰੱਖੇਗੀ, ਮਾਮਲੇ ਦੀ ਜਾਂਚ ਕਰਨ ਸਮੇਂ ਕੀ ਪੁਲਿਸ ਅਫਸਰ ਸਾਬਤ ਸੂਰਤ ਸਿੱਖ ਅਫਸਰ ਹੀ ਹੋਣਗੇ, ਕੀ ਅਦਾਲਤ ਵਿੱਚ ਪੇਸ਼ੀ ਸਮੇਂ ਗੁਰੂ ਗ੍ਰੰਥ ਸਾਹਿਬ ਨੂੰ ਚੌਰ ਸਾਹਿਬ ਤੇ ਛਤਰ ਸਾਹਿਤ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ, ਕੀ ਗੁਰੂ ਗ੍ਰੰਥ ਸਾਹਿਬ ਨੂੰ ਇੱਕ ਮਨੁੱਖ ਜੱਜ ਦੇ ਸਾਹਮਣੇ ਪੇਸ਼ ਕਰਨਾ ਜਾਇਜ਼ ਹੈ। ਉਨ੍ਹਾਂ ਸਰਕਾਰ ਨੂੰ ਸੁਆਲ ਕੀਤਾ ਕਿ ਬਣਾਏ ਜਾਣ ਵਾਲੇ ਕਾਨੂੰਨ ਦੇ ਲਾਗੂ ਹੋਣ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਿੱਖ ਰਹਿਤ ਮਰਿਆਦਾ ਅਨੁਸਾਰ ਉਨ੍ਹਾਂ ਦਾ ਸਤਿਕਾਰ ਅਤੇ ਮਾਨ ਮਰਿਆਦਾ ਕਾਇਮ ਰਖੀ ਜਾ ਸਕੇਗੀ..? ਭਾਈ ਅਤਲਾ ਨੇ ਕਿਹਾ ਇੱਕ ਐਕਟ ਪਹਿਲਾਂ ਬਣਿਆ ਹੋਇਆ ਜਿਸ ਬਾਰੇ ਸ਼੍ਰੋਮਣੀ ਕਮੇਟੀ ਪ੍ਰਧਾਨ ਸ੍ਰ ਹਰਜਿੰਦਰ ਸਿੰਘ ਧਾਮੀ ਦੱਸ ਰਹੇ ਸਨ ਉਸ ਐਕਟ ਨੂੰ ਹੀ ਮਜ਼ਬੂਤੀ ਨਾਲ ਲਾਗੂ ਕੀਤਾ ਜਾਵੇ ਤਾਂ ਬਹੁਤ ਕਾਰਗਰ ਸਾਬਤ ਹੋਵੇਗਾ। ਉਹਨਾਂ ਕਿਹਾ ਕਿ ਇਸ ਨਾਲੋਂ ਚੰਗਾ ਹੈ ਕਿ ਬੇਅਦਬੀਆਂ ਰੋਕਣ ਲਈ ਸਰਕਾਰ ਨੂੰ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੂੰ ਹੀ ਕੋਈ ਠੋਸ ਕਦਮ ਚੁੱਕਣੇ ਚਾਹੀਦੇ ਹਨ ਅਤੇ ਜ਼ੇਕਰ ਕਨੂੰਨ ਬਣਾਉਣਾ ਹੀ ਹੈ ਤਾਂ ਸਿੱਖ ਬੁੱਧੀਜੀਵੀਆਂ ਦੀ ਇਕ ਕਮੇਟੀ ਬਣਾ ਕੇ ਉਨ੍ਹਾਂ ਦੇ ਸਲਾਹ ਮਸ਼ਵਰੇ ਨਾਲ ਹੀ ਕੌਈ ਕਦਮ ਚੁਕਿਆ ਜਾਣਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਸਰਨਾ ਦੀ ਅਗਵਾਈ ਹੇਠ ਸਿੱਖ ਵਫ਼ਦ ਨੇ ਇਰਾਨੀ ਦੂਤਾਵਾਸ ਦਾ ਦੌਰਾ ਕਰਕੇ

# ਦੁੱਖ ਪ੍ਰਗਟ ਕੀਤਾ ਅਤੇ ਜੰਗਬੰਦੀ ਲਈ ਕੀਤੀ ਅਰਦਾਸ



ਨਵੀਂ ਦਿੱਲੀ, 9 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ (ਦਿੱਲੀ ਇਕਾਈ) ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਦੀ ਅਗਵਾਈ ਹੇਠ ਇੱਕ ਸਿੱਖ ਵਫ਼ਦ ਨੇ ਨਵੀਂ ਦਿੱਲੀ ਵਿੱਚ ਇਰਾਨ ਦੇ ਦੂਤਾਵਾਸ ਪਹੁੰਚ ਕੇ ਇਰਾਨ ਦੇ ਸੁਪਰੀਮ ਆਗੂ ਅਯਾਤੁੱਲਾ ਅਲੀ ਖਾਮਨੇਹ ਦੇ ਦੇਹਾਂਤ 'ਤੇ ਦੁੱਖ ਪ੍ਰਗਟ ਕੀਤਾ ਅਤੇ ਇਰਾਨ ਦੇ ਰਾਜਦੂਤ ਨਾਲ਼ ਸੰਵੇਦਨਾਵਾਂ ਪ੍ਰਗਟ ਕੀਤੀਆਂ। ਇਸ ਦੌਰਾਨ ਸਰਨਾ ਨੇ ਕਿਹਾ ਕਿ ਭਾਰਤ ਅਤੇ ਇਰਾਨ ਵਿਚਕਾਰ ਸਬੰਧ ਡੂੰਘੀਆਂ ਇਤਿਹਾਸਕ ਨੀਂਹਾਂ 'ਤੇ ਟਿਕੇ ਹੋਏ ਹਨ। ਉਹਨਾਂ ਇਰਾਨੀ ਲੋਕਾਂ ਅਤੇ ਲੀਡਰਸ਼ਿਪ ਪ੍ਰਤੀ ਹਮਦਰਦੀ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਦੋਵਾਂ ਸਭਿਅਤਾਵਾਂ ਵਿਚਕਾਰ ਸੱਭਿਆਚਾਰਕ ਅਤੇ ਆਰਥਿਕ ਸਬੰਧ ਇੱਕ ਹਜ਼ਾਰ ਸਾਲ ਤੋਂ ਵੱਧ ਪੁਰਾਣੇ ਹਨ ਅਤੇ ਇਸ ਨੇ ਪੂਰੇ ਖੇਤਰ ਵਿੱਚ ਵਪਾਰ, ਵਿਦਵਤਾ ਅਤੇ ਅਧਿਆਤਮਿਕਤਾ ਵਿੱਚ ਆਦਾਨ-ਪ੍ਰਦਾਨ ਨੂੰ ਆਕਾਰ ਦਿੱਤਾ ਹੈ। ਸਰਨਾ ਨੇ ਇਸ ਮੌਕੇ ਮੌਜੂਦ ਇਰਾਨੀ ਰਾਜਦੂਤ ਨੂੰ ਖੇਤਰ ਵਿੱਚ ਮੌਜੂਦਾ ਤਣਾਅ ਦੌਰਾਨ ਸੰਜਮ ਵਰਤਣ ਦੀ ਵੀ ਅਪੀਲ ਕੀਤੀ। ਅਮਰੀਕਾ ਅਤੇ ਇਜ਼ਰਾਈਲ ਨਾਲ ਸਬੰਧਤ ਹਾਲੀਆ ਹਮਲਿਆਂ ਕਾਰਨ ਪੈਦਾ ਹੋਏ ਟਕਰਾਅ ਦਾ ਹਵਾਲਾ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਅਜਿਹੇ ਨਾਜ਼ੁਕ ਸਮੇਂ 'ਤੇ ਇਰਾਨ ਲਈ ਖੇਤਰ ਦੇ ਹੋਰ ਮੁਸਲਿਮ ਦੇਸ਼ਾਂ ਪ੍ਰਤੀ ਸੰਜਮ ਦਿਖਾਉਣਾ ਅਤੇ ਸਥਿਤੀ ਨੂੰ ਹੋਰ ਵਧਣ ਤੋਂ ਰੋਕਣ ਵਿੱਚ ਮਦਦ ਕਰਨਾ ਮਹੱਤਵਪੂਰਨ ਹੈ। ਇਸ ਮੌਕੇ ਵਫ਼ਦ ਨੇ ਦੂਤਾਵਾਸ ਵਿਖੇ ਸ਼ੋਕ ਪੁਸਤਕ 'ਤੇ ਦਸਤਖਤ ਕੀਤੇ ਅਤੇ ਖੇਤਰ ਵਿੱਚ ਸ਼ਾਂਤੀ ਅਤੇ ਸਥਿਰਤਾ ਲਈ ਸੰਗਤੀ ਰੂਪ ਵਿਚ ਅਰਦਾਸ ਕੀਤੀ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਦੇ ਨਾਲ ਸ. ਮਨਜੀਤ ਸਿੰਘ ਜੀ ਕੇ, ਸ. ਗੁਰਮਿੰਦਰ ਸਿੰਘ ਮਠਾੜੂ, ਸ. ਕੁਲਦੀਪ ਸਿੰਘ ਭੋਗਲ, ਸ. ਰਮਨਦੀਪ ਸਿੰਘ ਸੋਨੂੰ, ਸ. ਤਜਿੰਦਰ ਸਿੰਘ ਗੋਪਾ, ਸ. ਪਰਮਜੀਤ ਸਿੰਘ ਰਾਣਾ, ਸ. ਸਤਨਾਮ ਸਿੰਘ ਖੀਵਾ, ਸ. ਮਹਿੰਦਰ ਸਿੰਘ, ਸ. ਮਨਜੀਤ ਸਿੰਘ ਸਰਨਾ, ਸ. ਸੁਖਦੇਵ ਸਿੰਘ ਰਿਆਤ, ਸ. ਅਮਰਜੀਤ ਸਿੰਘ ਬੇਦੀ, ਸ. ਅਰਵਿੰਦਰ ਸਿੰਘ ਰਾਣੀ ਬਾਗ, ਸ. ਅਮਰਜੀਤ ਸਿੰਘ, ਸ. ਮਨਿੰਦਰ ਸਿੰਘ ਸੂਦਨ, ਸ. ਗੁਰਮੀਤ ਸਿੰਘ ਫਿਲੀਪੀਨਜ਼, ਸ. ਜਸਮੀਤ ਸਿੰਘ ਪੀਤਮਪੁਰਾ, ਸ. ਹਰਭਜਨ ਸਿੰਘ ਭੱਲਾ ਆਦਿ ਹਾਜ਼ਰ ਸਨ।

### ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਿਤਵ ਯੋਜਨਾ ਤਹਿਤ ਐਸ.ਡੀ.ਐਚ ਤਲਵੰਡੀ ਸਾਬੋ ਵਿਖੇ

# ਗਰਭਵਤੀ ਮਹਿਲਾਵਾਂ ਲਈ ਵਿਸ਼ੇਸ਼ ਜਾਂਚ ਕੈਂਪ ਆਯੋਜਿਤ





ਤਲਵੰਡੀ ਸਾਬੋ, 09 ਮਾਰਚ (ਗੁਰਜੰਟ ਸਿੰਘ ਨਥੇਹਾ)- ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਕੌਸ਼ਲ ਦੇ ਦਿਸ਼ਾ ਨਿਰਦੇਸ਼ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵੀ ਕਾਂਤ ਗੁਪਤਾ ਦੀ ਰਹਿਨੁਮਾਈ ਹੇਠ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਿਤਵ ਯੋਜਨਾ ਤਹਿਤ ਸਬ ਡਵਿਜ਼ਨਲ ਹਸਪਤਾਲ ਤਲਵੰਡੀ ਸਾਬੋ ਵਿਖੇ ਗਰਭਵਤੀ ਮਹਿਲਾਵਾਂ ਦੀ ਸਿਹਤ ਜਾਂਚ ਲਈ ਵਿਸ਼ੇਸ਼ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਦੌਰਾਨ ਗਰਭਵਤੀ ਮਹਿਲਾਵਾਂ ਦੀ ਵਿਸਥਾਰ ਨਾਲ ਜਾਂਚ ਕੀਤੀ ਗਈ ਅਤੇ ਉਨ੍ਹਾਂ ਨੂੰ ਗਰਭ ਅਵਸਥਾ ਦੌਰਾਨ ਸਹੀ ਖ਼ੁਰਾਕ, ਨਿਯਮਿਤ ਜਾਂਚ ਅਤੇ ਸਾਵਧਾਨੀਆਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਗਾਇਨੇਕੋਲੋਜਿਸਟ ਡਾ. ਅੰਕਿਤਾ ਵੱਲੋਂ ਗਰਭਵਤੀ ਮਹਿਲਾਵਾਂ ਦੀ ਸਿਹਤ ਜਾਂਚ ਕੀਤੀ ਗਈ ਅਤੇ ਉਨ੍ਹਾਂ ਨੂੰ ਉੱਚ ਜੋਖਮ ਵਾਲੀ ਗਰਭ ਅਵਸਥਾ ਸੰਬੰਧੀ ਖਾਸ ਧਿਆਨ ਰੱਖਣ ਦੀ ਸਲਾਹ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਿਤਵ ਯੋਜਨਾ ਦਾ ਮੁੱਖ ਉਦੇਸ਼ ਹਰ ਗਰਭਵਤੀ ਮਹਿਲਾ ਨੂੰ ਗਰਭ ਅਵਸਥਾ ਦੌਰਾਨ ਮਾਹਿਰ ਡਾਕਟਰਾਂ ਵੱਲੋਂ ਮੁਫ਼ਤ ਅਤੇ ਗੁਣਵੱਤਾਪੂਰਨ ਸਿਹਤ ਸੇਵਾਵਾਂ ਪ੍ਰਦਾਨ ਕਰਨਾ ਹੈ ਤਾਂ ਜੋ ਮਾਂ ਅਤੇ ਬੱਚੇ ਦੀ ਸਿਹਤ ਸੁਰੱਖਿਅਤ ਰਹੇ। ਕੈਂਪ ਦੌਰਾਨ ਮਹਿਲਾਵਾਂ ਦੇ ਲੋੜੀਂਦੇ ਟੈਸਟ ਕੀਤੇ ਗਏ ਅਤੇ ਉਨ੍ਹਾਂ ਨੂੰ ਆਇਰਨ ਅਤੇ ਕੈਲਸ਼ੀਅਮ ਦੀਆਂ ਗੋਲੀਆਂ ਵੀ ਦਿੱਤੀਆਂ ਗਈਆਂ। ਹਸਪਤਾਲ ਦੇ ਸਟਾਫ ਵੱਲੋਂ ਵੀ ਗਰਭਵਤੀ ਮਹਿਲਾਵਾਂ ਨੂੰ ਸਰਕਾਰੀ ਸਿਹਤ ਸੇਵਾਵਾਂ ਦਾ ਲਾਭ ਲੈਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਦੇ ਮਲਟੀ ਪਰਪਜ਼ ਸਿਹਤ ਸੁਪਰਵਾਈਜ਼ਰ ਸ੍ਰੀਮਤੀ ਭੁਪਿੰਦਰ ਕੌਰ, ਮਲਟੀਪਰਪਜ ਹੈਲਥ ਵਰਕਰ ਫੀਮੇਲ ਸ੍ਰੀਮਤੀ ਚਰਨਜੀਤ ਕੌਰ ਅਤੇ ਸ੍ਰੀਮਤੀ ਭਾਵਨਾ ਵੀ ਹਾਜ਼ਰ ਸਨ।

# ਮਾਨ ਸਰਕਾਰ ਨੇ ਲੋਕਾਂ ਨੂੰ ਵੱਡੀ ਰਾਹਤ ਦੇਣ ਵਾਲਾ ਬਜਟ ਪੇਸ਼ ਕੀਤਾ : ਕਾਂਝਲਾ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਅੱਜ ਪੇਸ਼ ਕੀਤਾ ਗਿਆ ਬਜਟ ਪੰਜਾਬ ਦੇ ਇਤਿਹਾਸ ਵਿੱਚ ਇੱਕ ਇਤਿਹਾਸਿਕ ਬਜਟ ਹੈ, ਜੋ ਖਾਸ ਤੌਰ 'ਤੇ ਮਹਿਲਾਵਾਂ ਨੂੰ ਸਮਰਪਿਤ ਹੈ ਅਤੇ ਸਮਾਜ ਦੇ ਹਰ ਵਰਗ ਵਿੱਚ ਨਵਾਂ ਭਰੋਸਾ ਪੈਦਾ ਕਰਦਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ, ਆਪ ਦੇ ਯੂਥ ਆਗੂ ਰਣਜੋਧ ਸਿੰਘ ਕਾਂਝਲਾ ਚੇਅਰਮੈਨ ਬਲਾਕ ਸੰਮਤੀ ਧੂਰੀ ਨੇ ਕੀਤਾ। ਉਨ੍ਹਾਂ ਕਿਹਾ ਕਿ ਸਭ ਤੋਂ ਵੱਡੀ ਗੱਲ ਇਹ ਹੈ ਕਿ ਮਾਨ ਸਰਕਾਰ ਨੇ ਬਿਨਾਂ ਕੋਈ ਨਵਾਂ ਟੈਕਸ ਲਗਾਏ ਲੋਕਾਂ ਨੂੰ ਵੱਡੀ ਰਾਹਤ ਦੇਣ ਵਾਲਾ ਬਜਟ ਪੇਸ਼ ਕੀਤਾ ਹੈ। ਉਨ੍ਹਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਪੰਜਾਬ ਦੀ ਪਹਿਲੀ ਅਜਿਹੀ ਸਰਕਾਰ ਬਣੀ ਹੈ ਜਿਸ ਨੇ ਆਪਣੇ ਚੋਣ ਵਾਅਦਿਆਂ ਨੂੰ ਪੂਰਾ ਕਰਕੇ ਲੋਕਾਂ ਸਾਹਮਣੇ ਇੱਕ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਨੇ ਕਿਹਾ ਕਿ ਆਪ ਸਰਕਾਰ÷ ਵੱਲੋਂ ਸਮਾਜਿਕ ਨਿਆਂ ਅਤੇ ਮਹਿਲਾ ਸਸ਼ਕਤੀਕਰਨ ਨੂੰ ਮਜ਼ਬੂਤ ਕਰਨ ਲਈ ਵੱਡਾ ਕਦਮ ਚੁੱਕਦਿਆਂ ਦਲਿਤ ਵਰਗ ਨਾਲ ਸੰਬੰਧਿਤ ਮਹਿਲਾਵਾਂ ਨੂੰ ਹਰ ਮਹੀਨੇ 1500 ਰੁਪਏ ਅਤੇ ਜਰਨਲ ਵਰਗ ਨਾਲ ਸੰਬੰਧਿਤ ਮਹਿਲਾਵਾਂ ਨੂੰ ਹਰ ਮਹੀਨੇ 1000 ਰੁਪਏ ਸਨਮਾਨ ਰਾਸ਼ੀ ਦੇਣ ਦਾ ਫ਼ੈਸਲਾ ਇੱਕ ਇਤਿਹਾਸਿਕ ਕਦਮ ਹੈ। ਜਿਸ ਨਾਲ ਲੱਖਾਂ ਮਹਿਲਾਵਾਂ ਨੂੰ ਸਿੱਧਾ ਫਾਇਦਾ ਹੋਵੇਗਾ ਅਤੇ ਉਨ੍ਹਾਂ ਦੀ ਆਰਥਿਕ ਸਥਿਤੀ ਹੋਰ ਮਜ਼ਬੂਤ ਹੋਵੇਗੀ। ਉਨ੍ਹਾਂ ਨੇ ਕਿਹਾ ਕਿ ਇਹ ਫ਼ੈਸਲਾ ਮਹਿਲਾਵਾਂ ਨੂੰ ਆਤਮਨਿਰਭਰ ਬਣਾਉਣ ਦੇ ਨਾਲ-ਨਾਲ ਮਾਜ ਵਿੱਚ ਉਨ੍ਹਾਂ ਦੀ ਭੂਮਿਕਾ ਨੂੰ ਹੋਰ ਮਜ਼ਬੂਤ ਕਰੇਗਾ। ਉਨ੍ਹਾਂ ਕਿਹਾ ਕਿ ਕੁੱਲ ਮਿਲਾ ਕੇ ਇਹ ਬਜਟ ਪੰਜਾਬ ਦੇ ਵਿਕਾਸ, ਆਰਥਿਕ ਮਜ਼ਬੂਤੀ ਅਤੇ ਲੋਕਾਂ ਦੀ ਭਲਾਈ ਵੱਲ ਇੱਕ ਮਜ਼ਬੂਤ ਕਦਮ ਹੈ ਅਤੇ ਪੰਜਾਬ ਦੇ ਇਤਿਹਾਸ ਦੇ ਸਭ ਤੋਂ ਬਿਹਤਰੀਨ ਬਜਟਾਂ ਵਿੱਚੋਂ ਇੱਕ ਹੈ। ਉਨ੍ਹਾਂ ਕਿਹਾ ਕਿ 'ਮਾਨ ਸਰਕਾਰ' ਵੱਲੋਂ ਲਗਾਤਾਰ ਲੋਕ-ਹਿਤੈਸ਼ੀ ਫ਼ੈਸਲੇ ਲਏ ਜਾ ਰਹੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਲੋਕਾਂ ਦੀ ਭਲਾਈ ਲਈ ਅਜਿਹੇ ਕਦਮ ਜਾਰੀ ਰਹਿਣਗੇ।

# ਚੇਅਰਮੈਨ ਬਣਨ ਉਪਰੰਤ ਸੰਤ ਜਸਵੀਰ ਸਿੰਘ ਦਾ ਡੇਰੇ 'ਚ ਭਰਵਾਂ ਸਤਿਕਾਰ, ਸੰਗਤਾਂ ਨੇ ਸਿਰੋਪਾ ਭੇਟ ਕਰਕੇ ਦਿੱਤੀਆਂ ਵਧਾਈਆਂ





**ਤਲਵੰਡੀ ਸਾਬੋ, 9 ਮਾਰਚ (ਗੁਰਜੰਟ ਸਿੰਘ ਨਥੇਹਾ)**- ਇੰਟਰਨੈਸ਼ਨਲ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਸੰਤ ਆਸ਼ਰਮ ਕੁਟੀਆ ਰਾਜਗੜ੍ਹ ਕੁੱਬੇ ਦੇ ਸੰਤ ਜਸਵੀਰ ਸਿੰਘ ਨੂੰ ਪੰਜਾਬ ਦਾ ਚੇਅਰਮੈਨ ਨਿਯੁਕਤ ਕੀਤੇ ਜਾਣ ਉਪਰੰਤ ਇਲਾਕੇ ਦੀਆਂ ਸੰਗਤਾਂ ਵੱਲੋਂ ਡੇਰੇ ਪਹੁੰਚ ਕੇ ਉਹਨਾਂ ਦਾ ਭਰਵਾਂ ਸਤਿਕਾਰ ਕੀਤਾ ਗਿਆ। ਇਸ ਮੌਕੇ ਸੰਗਤਾਂ ਨੇ ਸੰਤ ਜਸਵੀਰ ਸਿੰਘ ਨੂੰ ਸਿਰੋਪਾ ਭੇਟ ਕਰਕੇ ਵਧਾਈਆਂ ਦਿੱਤੀਆਂ ਅਤੇ ਉਨ੍ਹਾਂ ਦੀ ਨਵੀਂ ਜਿੰਮੇਵਾਰੀ ਲਈ ਖੁਸ਼ੀ ਦਾ ਪ੍ਰਗਟਾਵਾ ਕੀਤਾ। ਸੰਗਤਾਂ ਨੇ ਕਿਹਾ ਕਿ ਸੰਤ ਜਸਵੀਰ ਸਿੰਘ ਨੂੰ ਇਹ ਅਹਿਮ ਜਿੰਮੇਵਾਰੀ ਮਿਲਣਾ ਇਲਾਕੇ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਸੰਤ ਜਸਵੀਰ ਸਿੰਘ ਆਪਣੇ ਤਜਰਬੇ ਅਤੇ ਸੇਵਾ ਭਾਵਨਾ ਨਾਲ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਮਹੱਤਵਪੂਰਨ ਯੋਗਦਾਨ ਪਾਉਣਗੇ ਅਤੇ ਸਮਾਜ ਵਿੱਚ ਪੀੜਤ ਲੋਕਾਂ ਦੀ ਆਵਾਜ਼ ਬਣ ਕੇ ਕੰਮ ਕਰਨਗੇ। ਇਸ ਮੌਕੇ ਸੰਤ ਜਸਵੀਰ ਸਿੰਘ ਨੇ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇੰਟਰਨੈਸ਼ਨਲ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਦਿੱਤੀ ਗਈ ਇਸ ਜਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਸਮਾਜ ਵਿੱਚ ਪੀੜਤ ਅਤੇ ਹੱਕ ਤੋਂ ਵਾਂਝੇ ਲੋਕਾਂ ਨੂੰ ਇਨਸਾਫ਼ ਦਿਵਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਹਰ ਪੱਧਰ 'ਤੇ ਆਵਾਜ਼ ਉਠਾਈ ਜਾਵੇਗੀ। ਉਨ੍ਹਾਂ ਅੱਗੇ ਕਿਹਾ ਕਿ ਸਮਾਜ ਵਿੱਚ ਫੈਲ ਰਹੀਆਂ ਬੁਰਾਈਆਂ ਅਤੇ ਨਸ਼ਿਆਂ ਦੇ ਖਿਲਾਫ ਜਾਗਰੂਕਤਾ ਮੁਹਿੰਮ ਵੀ ਚਲਾਈ ਜਾਵੇਗੀ ਤਾਂ ਜੋ ਨੌਜਵਾਨ ਪੀੜ੍ਹੀ ਨੂੰ ਸਹੀ ਦਿਸ਼ਾ ਵੱਲ ਪ੍ਰੇਰਿਤ ਕੀਤਾ ਜਾ ਸਕੇ ਅਤੇ ਸਮਾਜ ਨੂੰ ਸਿਹਤਮੰਦ ਬਣਾਇਆ ਜਾ ਸਕੇ ਮਹਿਲਾ ਦਿਵਸ ਮੌਕੇ ਮਹਿਲਾਵਾਂ ਨੂੰ ਵੀ ਮੁਬਾਰਕਾਂ ਦਿਤੀਆਂ। ਇਸ ਮੌਕੇ ਬਾਬਾ ਸੁਰਿੰਦਰ ਸਿੰਘ ਅਤੇ ਡੇਰੇ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ, ਇਲਾਕੇ ਦੇ ਪ੍ਰਮੁੱਖ ਵਿਅਕਤੀ ਅਤੇ ਸਮਾਜ ਸੇਵੀ ਹਾਜ਼ਰ ਸਨ ਜਿਨ੍ਹਾਂ ਨੇ ਸੰਤ ਜਸਵੀਰ ਸਿੰਘ ਨੂੰ ਚੇਅਰਮੈਨ ਬਣਨ 'ਤੇ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉਜਲੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਸ੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ ਵੈਰੋਨੰਗਲ ਵਿਖੇ 'ਅੰਤਰਰਾਸ਼ਟਰੀ ਮਹਿਲਾ ਦਿਵਸ' ਮਨਾਇਆ ਗਿਆ




ਚੌਕ ਮਹਿਤਾ, 9 ਮਾਰਚ, ( ਬਾਬਾ ਸੁਖਵੰਤ ਸਿੰਘ ਚੰਨਣਕੇ)- ਇਲਾਕੇ ਦੀ ਨਾਮਵਰ ਵਿਦਿਅਕ ਅਦਾਰਾ ਸ੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ ਵੈਰੋਨੰਗਲ ਦੇ ਡਾਇਰੈਕਟਰ ਸ਼੍ ਨਰਿੰਦਰ ਸਿੰਘ ਬਾਠ ਦੀ ਅਗਵਾਈ ਵਿੱਚ 'ਅੰਤਰਰਾਸ਼ਟਰੀ ਮਹਿਲਾ ਦਿਵਸ' ਬੜੇ ਉਤਸਾਹ ਨਾਲ ਮਨਾਇਆ ਗਿਆ। ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਭਾਸ਼ਣ ਅਤੇ ਕਵਿਤਾ ਮੁਕਾਬਲਿਆਂ ਵਿੱਚ ਹਿੱਸਾ ਲਿਆ। ਉਨਾਂ ਨੇ ਆਪਣੇ ਭਾਸ਼ਣਾਂ ਰਾਹੀਂ ਸਮਾਜ ਵਿੱਚ ਮਹਿਲਾਵਾਂ ਦੀ ਮਹੱਤਤਾ ਤੇ ਉਹਨਾਂ ਦੇ ਅਹਿਮ ਯੋਗਦਾਨ ਬਾਰੇ ਵਿਚਾਰ ਪ੍ਰਗਟ ਕੀਤੇ। ਇਸ ਤੇ ਅਧਿਆਪਕਾਂ ਨੇ ਵੀ ਵਿਦਿਆਰਥੀਆਂ ਨੂੰ ਮਹਿਲਾਵਾਂ ਦੀ ਇੱਜਤ ਕਰਨ ਤੇ ਉਹਨਾਂ ਨੂੰ ਸਮਾਨ ਅਧਿਕਾਰ ਦੇਣ ਲਈ ਪ੍ਰੇਰਿਤ ਕੀਤਾ ਅਤੇ ਦੱਸਿਆ ਕਿ ਸਮਾਜ ਦੀ ਤਰੱਕੀ ਵਿੱਚ ਮਹਿਲਾਵਾਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਪ੍ਰਿੰਸੀਪਲ ਮੈਡਮ ਸਾਕਸੀ ਬੇਦੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮਹਿਲਾਵਾਂ ਸਮਾਜ ਦੀ ਤਾਕਤ ਅਤੇ ਤਰੱਕੀ ਦਾ ਆਧਾਰ ਹਨ। ਇੱਕ ਪੜ੍ਹੀ-ਲਿਖੀ ਤੇ ਆਤਮ- ਨਿਰਭਰ ਮਹਿਲਾ ਹੀ ਮਜਬੂਤ ਸਮਾਜ ਦੀ ਨੀਂਹ ਰੱਖਦੀ ਹੈ। ਉਹਨਾਂ ਨੇ ਮਹਾਨ ਮਹਿਲਾਵਾਂ ਦੀਆਂ ਕਾਮਯਾਬੀਆਂ ਤੋਂ ਪ੍ਰੇਰਨਾ ਲੈ ਕੇ ਆਪਣੇ ਜੀਵਨ ਵਿੱਚ ਅੱਗੇ ਵਧਣ ਦੀ ਲਈ ਵਿਦਿਆਰਥੀਆਂ ਨੂੰ ਪ੍ਰੇਰਿਆ। ਅੰਤ ਵਿੱਚ ਉਹਨਾ ਵੱਲੋਂ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਦੀ ਹੌਸਲਾ ਅਫਜਾਈ ਕੀਤੀ ਗਈ ਤੇ ਉਹਨਾਂ ਨੂੰ ਅੱਗੇ ਵੀ ਇਸੇ ਤਰ੍ਹਾਂ ਦੇ ਸਮਾਜਿਕ ਮਸਲਿਆਂ ਬਾਰੇ ਜਾਗਰੂਕ ਰਹਿਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਤੇ ਮੈਡਮ ਰਾਜਵੰਤ ਕੌਰ ਬਾਠ, ਰਾਜਬੀਰ ਕੌਰ, ਪ੍ਰਦੀਪ ਕੌਰ, ਹਰਪ੍ਰੀਤ ਕੌਰ ਬਾਠ, ਅਮਨਦੀਪ ਕੌਰ, ਅਰਸ਼ਪ੍ਰੀਤ ਕੌਰ, ਜਸ਼ਨਪ੍ਰੀਤ ਕੌਰ, ਸੰਦੀਪ ਕੌਰ, ਸਿਮਰਨ ਕੌਰ, ਰਮਨਦੀਪ ਕੌਰ, ਰਮਨਪ੍ਰੀਤ ਕੌਰ ਅਤੇ ਸਮੂਹ ਸਟਾਫ ਹਾਜ਼ਰ ਸਨ।

### ਸਤਿਗੁਰੂ ਪਬਲਿਕ ਸਕੂਲ ਕਲਾਲਵਾਲਾ ਵਿਖੇ ਸਜਾਇਆ ਧਾਰਮਿਕ ਸਮਾਗਮ

# ਮੁਫਤ ਮੈਡੀਕਲ ਚੈੱਕਅਪ ਅਤੇ ਖੂਨਦਾਨ ਕੈਂਪ ਦਾ ਆਯੋਜਨ
















ਤਲਵੰਡੀ ਸਾਬੋ, 8 ਮਾਰਚ (ਗੁਰਜੰਟ ਸਿੰਘ ਨਥੇਹਾ)- ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਸਤਿਗੁਰੂ ਪਬਲਿਕ ਸਕੂਲ ਕਲਾਲਵਾਲਾ ਸੀ.ਬੀ.ਐਸ.ਸੀ ਦਿੱਲੀ ਤੋਂ ਮਾਨਤਾ ਪ੍ਰਾਪਤ ਹੋਣ ਦੀ ਖੁਸ਼ੀ ਵਿੱਚ ਸਕੂਲ ਸੰਸਥਾ ਦੀ ਚੜਦੀਕਲਾ ਅਤੇ ਨਗਰ ਦੀ ਸੁੱਖ ਸ਼ਾਂਤੀ ਲਈ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ।ਇਸਦੇ ਨਾਲ ਹੀ ਸਕੂਲ ਵਿਦਿਆਰਥੀਆਂ ਲਈ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਅਤੇ ਖੂਨਦਾਨ ਕੈਂਪ ਦਾ ਆਯੋਜਨ ਵੀ ਕੀਤਾ ਗਿਆ। ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਉਪਰੰਤ ਪਿੰਡ ਰਾਈਆ ਦੇ ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਭਾਈ ਗੁਰਸੇਵਕ ਸਿੰਘ ਦੇ ਕੀਰਤਨੀ ਜਥੇ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ।ਮੈਡੀਕਲ ਚੈੱਕਅਪ ਕੈਂਪ ਵਿੱਚ ਕਾਲਾਂਵਾਲੀ ਤੋਂ ਬੱਚਿਆਂ ਦੇ ਮਾਹਿਰ ਡਾਕਟਰ ਸੌਰਵ ਗਰਗ ਵੱਲੋਂ ਆਪਣੀ ਟੀਮ ਸਮੇਤ ਬੱਚਿਆਂ ਦਾ ਚੈੱਕਅਪ ਕੀਤਾ ਗਿਆ। ਖੂਨ ਦਾਨ ਕੈਂਪ ਦੌਰਾਨ ਖੂਨ ਇਕੱਤਰ ਕਰਨ ਲਈ ਗੁਪਤਾ ਹਸਪਤਾਲ ਬਲੱਡ ਸੈਂਟਰ ਬਠਿੰਡਾ ਦੀ ਟੀਮ ਪਹੁੰਚੀ। ਖੂਨਦਾਨ ਕੈਂਪ ਦਾ ਆਰੰਭ ਸਕੂਲ ਚੇਅਰਮੈਨ ਅਸ਼ੋਕ ਕੁਮਾਰ ਬਾਂਸਲ, ਸਕੂਲ ਪ੍ਰਿੰਸੀਪਲ ਮੈਡਮ ਮਧੂ ਬਾਂਸਲ ਵੱਲੋਂ ਕੀਤਾ ਗਿਆ। ਖੂਨਦਾਨ ਕੈਂਪ ਦੌਰਾਨ ਖੂਨ ਦਾਨੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਸਕੂਲ ਵਾਈਸ ਚੇਅਰਮੈਨ ਇਕਬਾਲ ਸਿੰਘ ਸਿੱਧੂ ਨੇ ਪਹੁੰਚੇ ਮਹਿਮਾਨਾਂ ਨੂੰ ਜੀਅ ਆਇਆਂ ਕਿਹਾ। ਸਕੂਲ ਪ੍ਰਿੰਸੀਪਲ ਮੈਡਮ ਮਧੂ ਬਾਂਸਲ ਨੇ ਕਿਹਾ ਕਿ ਖੂਨਦਾਨ ਸਭ ਤੋਂ ਵੱਡਾ ਦਾਨ ਹੈ। ਇਸ ਨਾਲ ਇਨਸਾਨ ਦੀ ਜ਼ਿੰਦਗੀ ਬਚਾਈ ਜਾ ਸਕਦੀ ਹੈ।ਉਨ੍ਹਾਂ ਦੱਸਿਆ ਕਿ ਸਕੂਲ ਸੰਸਥਾ ਵੱਲੋਂ ਸਮੇਂ ਸਮੇਂ ਸਿਰ ਧਾਰਮਿਕ ਪ੍ਰੋਗਰਾਮ ਅਤੇ ਖੂਨਦਾਨ ਕੈਂਪ ਦਾ ਆਯੋਜਨ ਕੀਤਾ ਜਾਂਦਾ ਹੈ ਤੇ ਇਸ ਵਾਰ ਵਿਦਿਆਰਥੀਆਂ ਦੀ ਸਿਹਤ ਸੰਭਾਲ ਲਈ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਵੀ ਲਗਾਇਆ ਗਿਆ ਹੈ। ਪ੍ਰੋਗਰਾਮ ਦੌਰਾਨ ਆਉਣ ਜਾਣ ਵਾਲਿਆਂ ਲਈ ਖਾਣ ਪੀਣ ਦਾ ਖਾਸ ਪ੍ਰਬੰਧ ਕੀਤਾ ਗਿਆ। ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਉਪਰੰਤ ਸਕੂਲ ਮੈਨੇਜਮੈਂਟ ਵੱਲੋਂ ਰਾਗੀ ਸਿੰਘਾਂ ਅਤੇ ਮੋਹਤਵਰ ਸ਼ਖਸੀਅਤਾਂ ਨੂੰ ਸਿਰੋਪਾਓ ਨਾਲ ਸਨਮਾਨਿਤ ਕੀਤਾ ਗਿਆ। ਸਕੂਲ ਚੇਅਰਮੈਨ ਅਸ਼ੋਕ ਕੁਮਾਰ ਬਾਂਸਲ ਵੱਲੋਂ ਪ੍ਰੋਗਰਾਮ ਦੀ ਦੇਖ ਰੇਖ ਕਰਨ ਵਾਲੇ ਅਧਿਆਪਕਾਂ ਦਾ ਧੰਨਵਾਦ ਕੀਤਾ।ਇਸ ਮੌਕੇ ਸਕੂਲ ਵਿਦਿਆਰਥੀਆਂ, ਸਟਾਫ, ਮਾਪੇ, ਮੋਹਤਵਰ ਸ਼ਖਸੀਅਤਾਂ ਅਤੇ ਆਸ ਪਾਸ ਦੇ ਕਈ ਪਿੰਡਾਂ ਤੋਂ ਸਰਪੰਚ, ਪੰਚ ਅਤੇ ਪਿੰਡ ਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਅੰਤਰਰਾਸ਼ਟਰੀ ਨਾਰੀ ਦਿਵਸ ਮੌਕੇ

# ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਬੇਟੀਆਂ ਨੂੰ ਫੀਸ ਮੁਆਫੀ ਦਾ ਤੋਹਫਾ



ਤਲਵੰਡੀ ਸਾਬੋ, 9 ਮਾਰਚ (ਗੁਰਜੰਟ ਸਿੰਘ ਨਥੇਹਾ)- ਨਾਰੀ ਸਸ਼ਕਤੀਕਰਨ ਅਤੇ ਗਿਆਨ ਦੀ ਜੋਤ ਨੂੰ ਹੋਰ ਰੋਸ਼ਨ ਕਰਨ ਲਈ ਮਾਲਵੇ ਇਲਾਕੇ ਦੀ ਪ੍ਰਸਿੱਧ ਵਿਦਿਅਕ ਸੰਸਥਾ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਅੰਤਰਰਾਸ਼ਟਰੀ ਨਾਰੀ ਦਿਵਸ ਦੇ ਪਵਿੱਤਰ ਅਵਸਰ 'ਤੇ ਇੱਕ ਵਿਸ਼ੇਸ਼ ਸਮਾਰੋਹ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਯੂਨੀਵਰਸਿਟੀ ਦੇ ਚਾਂਸਲਰ ਸ.ਗੁਰਲਾਭ ਸਿੰਘ ਸਿੱਧੂ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਸਮਾਗਮ ਦੌਰਾਨ ਚਾਂਸਲਰ ਸਿੱਧੂ ਨੇ ਨਾਰੀ ਸ਼ਕਤੀ ਦੇ ਸਨਮਾਨ ਵਿੱਚ ਇੱਕ ਮਹੱਤਵਪੂਰਨ ਐਲਾਨ ਕਰਦਿਆਂ ਕਿਹਾ ਕਿ ਸੈਸ਼ਨ 2026-27 ਤੋਂ ਗੁਰੂ ਕਾਸ਼ੀ ਯੂਨੀਵਰਸਿਟੀ ਵਿੱਚ ਪੜ੍ਹ ਰਹੀਆਂ ਬੇਟੀਆਂ ਦੀਆਂ ਭੈਣਾਂ ਨੂੰ ਪੂਰੀ ਡਿਗਰੀ ਦੌਰਾਨ ਹਰ ਕੋਰਸ ਵਿੱਚ 25 ਪ੍ਰਤੀਸ਼ਤ ਫੀਸ ਮਾਫੀ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਯੂਨੀਵਰਸਿਟੀ ਬੱਸਾਂ ਵਿੱਚ ਸਫਰ ਕਰਨ ਵਾਲੀਆਂ ਬੇਟੀਆਂ ਲਈ ਬੱਸ ਕਿਰਾਏ ਵਿੱਚ ਵੀ 50 ਪ੍ਰਤੀਸ਼ਤ ਤੱਕ ਦੀ ਛੋਟ ਦਿੱਤੀ ਜਾਵੇਗੀ। ਨਾਰੀ ਸ਼ਕਤੀ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਨਾਰੀ ਸ੍ਰਿਸ਼ਟੀ ਦਾ ਮੂਲ ਆਧਾਰ ਅਤੇ ਇਲਾਹੀ ਸ਼ਕਤੀ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਜਦੋਂ ਕਿਸੇ ਵੀ ਪਰਿਵਾਰ ਦੀ ਇੱਕ ਬੇਟੀ ਸਿੱਖਿਆ ਪ੍ਰਾਪਤ ਕਰਦੀ ਹੈ ਤਾਂ ਉਹ ਸਿਰਫ ਆਪਣੀ ਜ਼ਿੰਦਗੀ ਨਹੀਂ ਸੰਵਾਰਦੀ, ਬਲਕਿ ਉਸ ਦੀ ਸਿੱਖਿਆ ਦੀ ਰੋਸ਼ਨੀ ਨਾਲ ਪੂਰੇ ਪਰਿਵਾਰ ਅਤੇ ਆਉਣ ਵਾਲੀਆਂ ਕਈ ਪੀੜੀਆਂ ਦਾ ਭਵਿੱਖ ਰੌਸ਼ਨ ਹੋ ਜਾਂਦਾ ਹੈ। ਉਨ੍ਹਾਂ ਲੜਕੀਆਂ ਵੱਲੋਂ ਖੇਡਾਂ, ਸਿੱਖਿਆ, ਵਿਗਿਆਨ, ਪ੍ਰਬੰਧਨ ਅਤੇ ਹੋਰ ਅਨੇਕ ਖੇਤਰਾਂ ਵਿੱਚ ਪ੍ਰਾਪਤ ਕੀਤੀਆਂ ਉਪਲਬਧੀਆਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਅੱਜ ਦੀ ਨਾਰੀ ਕਿਸੇ ਵੀ ਪੱਖੋਂ ਪੁਰਸ਼ਾਂ ਨਾਲੋਂ ਘੱਟ ਨਹੀਂ। ਉਨ੍ਹਾਂ ਸਮਾਜ ਦੇ ਸਾਰੇ ਵਰਗਾਂ ਨੂੰ ਅਪੀਲ ਕੀਤੀ ਕਿ ਬੇਟੀਆਂ ਨੂੰ ਉੱਚੀ ਸਿੱਖਿਆ ਦੇ ਮੌਕੇ ਦਿੱਤੇ ਜਾਣ ਅਤੇ ਉਨ੍ਹਾਂ ਦੇ ਸੁਪਨਿਆਂ ਨੂੰ ਪਰਵਾਜ਼ ਦੇਣ ਲਈ ਹਰ ਸੰਭਵ ਸਹਿਯੋਗ ਕੀਤਾ ਜਾਵੇ। ਇਸ ਮੌਕੇ ਯੂਨੀਵਰਸਿਟੀ ਦੇ ਅਧਿਕਾਰੀਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਵੀ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ ਅਤੇ ਨਾਰੀ ਸਸ਼ਕਤੀਕਰਨ ਦੇ ਸੰਦੇਸ਼ ਨੂੰ ਅੱਗੇ ਵਧਾਉਣ ਦਾ ਸੰਕਲਪ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਅਮਿਤ ਸ਼ਾਹ ਦੀ ਰੈਲੀ ਸੂਬੇ ਦੀ ਰਾਜਨੀਤੀ ਦਾ ਸਮੀਕਰਨ ਤੈਅ ਕਰੇਗੀ : ਰਣਦੀਪ ਸਿੰਘ ਦਿਓਲ



**ਧੂਰੀ ( ਰਣਜੀਤ ਸਿੰਘ ਪੇਧਨੀ )**-ਦੇਸ਼ ਦੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ 14 ਮਾਰਚ ਨੂੰ ਮੋਗਾ ਵਿੱਚ ਹੋਣ ਵਾਲੀ ਰੈਲੀ ਸੂਬੇ ਦੀ ਰਾਜਨੀਤੀ ਦਾ ਸਮੀਕਰਣ ਤੈਅ ਕਰੇਗੀ। ਸੂਬੇ ਦੇ ਲੋਕ ਪਿਛਲੇ ਨੌਂ ਸਾਲਾਂ ਤੋਂ ਦੁਖੀ ਹਨ। ਕਾਂਗਰਸ ਨੇ ਸਿਰਫ਼ ਲੁੱਟਣ ਦਾ ਕੰਮ ਕੀਤਾ ਹੈ। ਇਸ ਲਈ, 2022 ਵਿੱਚ, ਸੂਬੇ ਦੇ ਲੋਕਾਂ ਨੇ ਸੂਬੇ ਵਿੱਚੋਂ ਕਾਂਗਰਸ ਨੂੰ ਬਾਹਰ ਕੱਢਣ ਲਈ ਬਦਲਾਅ ਦੀ ਮੰਗ ਕੀਤੀ ਅਤੇ ਆਮ ਆਦਮੀ ਪਾਰਟੀ ਨੇ ਸਰਕਾਰ ਬਣਾਈ, ਪਰ ਅੱਜ ਲੋਕ ਇਸ 'ਤੇ ਪਛਤਾ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਧੂਰੀ ਤੋਂ ਹਲਕਾ ਇੰਚਾਰਜ ਰਣਦੀਪ ਸਿੰਘ ਦਿਓਲ ਨੇ ਕੀਤਾ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਕਾਨੂੰਨ ਵਿਵਸਥਾ ਕਮਜ਼ੋਰ ਹੈ, ਅਤੇ ਰੁਜ਼ਗਾਰ, ਕਾਰੋਬਾਰ ਅਤੇ ਉਦਯੋਗ ਸਾਰੇ ਹਾਸ਼ੀਏ 'ਤੇ ਧੱਕੇ ਗਏ ਹਨ। ਇਸ ਲਈ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਭਾਜਪਾ ਦੀ ਰਾਸ਼ਟਰੀ ਟੀਮ ਨੇ ਪੰਜਾਬ ਦੇ ਲੋਕਾਂ ਨੂੰ ਇੱਕਜੁੱਟ ਕਰਨ ਅਤੇ ਇੱਕ ਡਬਲ-ਇੰਜਣ ਦੀ ਭਾਜਪਾ ਸਰਕਾਰ ਬਣਾਉਣ ਦਾ ਫੈਸਲਾ ਕੀਤਾ ਜੋ ਸੂਬੇ ਵਿੱਚ ਵਿਕਾਸ ਲਿਆਏਗੀ, ਹਰ ਪਹਿਲੂ ਵਿੱਚ ਖੁਸ਼ਹਾਲੀ ਨੂੰ ਯਕੀਨੀ ਬਣਾਏਗੀ ਅਤੇ ਆਪਸੀ ਭਾਈਚਾਰਾ ਮਜ਼ਬੂਤ ਕਰੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਦੇ ਲਾਗੂ ਹੋਣ ਨਾਲ ਮਹਿਲਾਵਾਂ 'ਚ ਖੁਸ਼ੀ ਦੀ ਲਹਿਰ-ਸਤਿੰਦਰ ਸਿੰਘ ਚੱਠਾ



ਸੰਗਾਲਾ ( ਰਣਜੀਤ ਸਿੰਘ ਪੇਧਨੀ ) ਪੰਜਾਬ ਸਰਕਾਰ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਰਾਜ ਦੀਆਂ ਔਰਤਾਂ ਨੂੰ ਮੁੱਖ ਮੰਤਰੀ ਮਾਂਵਾਂ, ਧੀਆਂ, ਸਤਿਕਾਰ ਯੋਜਨਾ ਤਹਿਤ 1000 ਅਤੇ 1500 ਰੁਪਏ ਮਹੀਨਾ ਦੇਣ ਦੇ ਐਲਾਨ ਸਰਕਾਰ ਦਾ ਸ਼ਲਾਘਾਯੋਗ ਕਦਮ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਦੇ ਸੀਨੀਅਰ ਆਗੂ, ਉੱਘੇ ਸਮਾਜ ਪਾਰਟੀ ਐਫ ਸੀ ਆਈ ਟਰੇਡ ਯੂਨੀਅਨ ਦੇ ਕੌਮੀ ਪ੍ਰਧਾਨ ਸਤਿੰਦਰ ਸਿੰਘ ਚੱਠਾ ਨੇ ਕੀਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕ ਹਿਤੈਸ਼ੀ ਯੋਜਨਾਵਾਂ ਦੀ ਹਰੇਕ ਗਾਰੰਟੀ ਨੂੰ ਪੂਰਾ ਕੀਤਾ ਹੈ, ਜਿਸ ਤੋਂ ਰਾਜ ਦੇ ਲੋਕ ਭਲੀ ਭਾਂਤ ਜਾਣੂ ਹਨ। ਉਨ੍ਹਾਂ ਕਿਹਾ ਜਰਨਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਅਤੇ ਅਨੁਸੂਚਿਤ ਵਰਗ ਦੀਆਂ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਸਿੱਧੇ ਤੌਰ 'ਤੇ ਉਨ੍ਹਾਂ ਦੇ ਬੈਂਕ ਖਾਤਿਆਂ 'ਚ ਜਮਾਂ ਹੋਣਗੇ। ਉਨ੍ਹਾਂ ਕਿਹਾ ਬਜ਼ਟ ਸੈਸ਼ਨ ਦੌਰਾਨ ਹਰ ਵਰਗ ਦੇ ਲੋਕਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਕੇ ਸੂਬੇ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਪੇਸ਼ ਕੀਤੇ ਬਜ਼ਟ ਦੀ ਜਿਥੇ ਸਲਾਘਾ ਕੀਤੀ, ਉਥੇ ਬਜ਼ਟ 'ਚ ਰਾਜ ਦੇ ਲੋਕਾਂ ਨੂੰ ਵੱਡੀਆਂ ਸੌਗਾਤਾਂ ਤੇ ਰਾਹਤਾਂ ਦੇਣ ਲਈ ਵਿੱਤ ਮੰਤਰੀ ਦਾ ਉਚੇਚਾ ਤੌਰ 'ਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਆਪ ਸਰਕਾਰ ਨੇ ਜੋ ਕਿਹਾ ਉਹ ਕਰ ਦਿਖਾਇਆ ਅਤੇ ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੋਈ ਕਸਰ ਨਹੀਂ ਛੱਡੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਚੇਅਰਮੈਨ ਘੁੱਲੀ ਅਤੇ ਡਾ ਅਨਵਰ ਨੇ ਬਲਾਕ ਸੰਮਤੀ ਦੇ ਦੋਵਾਂ ਚੇਅਰਮੈਨਾਂ ਦਾ ਕੀਤਾ ਸਨਮਾਨ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਦੇ ਵਿੱਚ ਪੈਂਦੇ ਪਿੰਡ ਕਾਂਝਲਾ, ਹਸਨਪੁਰ ਜੋਨ ਤੋਂ ਜਿੱਤੇ ਪਿਛਲੇ ਲੰਮੇ ਸਮੇਂ ਤੋਂ ਪਾਰਟੀ ਦੇ ਲਈ ਦਿਨ ਰਾਤ ਮਿਹਨਤ ਕਰਦੇ ਆ ਰਹੇ ਯੂਥ ਵਿੰਗ ਦੇ ਮੁੱਖ ਸੇਵਾਦਾਰ, ਰਣਯੋਧ ਸਿੰਘ ਕਾਂਝਲਾ ਬਲਾਕ ਸੰਮਤੀ ਧੂਰੀ ਅਤੇ ਅਤੇ ਸੇਰਪੁਰ ਬਲਾਕ ਸੰਮਤੀ ਦੇ ਚੇਅਰਮੈਨ ਚਰਨਜੀਤ ਸਿੰਘ ਚਰਨਾ ਨੂੰ ਪਿਛਲੇ ਦਿਨੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋ ਚੇਅਰਮੈਨੀਆਂ ਦੇ ਕੇ ਨਿਵਾਜਿਆ ਗਿਆ ਹੈ। ਇਸ ਮੌਕੇ ਖੁਸ਼ੀ ਦਾ ਪ੍ਰਗਟਾਵਾ ਕਰਦਿਆ ਮੁੱਖ ਮੰਤਰੀ ਨੇ ਦਫਤਰ ਇੰਚਾਰਜ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਅਤੇ ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ ਅਤੇ ਇੰਚਾਰਜ ਮੁੱਖ ਮੰਤਰੀ ਦਫ਼ਤਰ ਧੂਰੀ ਨੇ ਦੋਵਾਂ ਚੇਅਰਮੈਨਾਂ ਨੂੰ ਮੁੱਖ ਮੰਤਰੀ ਦਫ਼ਤਰ ਧੂਰੀ ਵਿਖੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਹ ਮੌਕੇ ਨਵ ਨਿਯੁਕਤ ਬਲਾਕ ਸੰਮਤੀ ਧੂਰੀ ਦੇ ਚੇਅਰਮੈਨ ਰਣਯੋਧ ਸਿੰਘ ਕਾਂਝਲਾ ਅਤੇ ਬਲਾਕ ਸੰਮਤੀ ਸੇਰਪੁਰ ਦੇ ਚੇਅਰਮੈਨ ਚਰਨਜੀਤ ਸਿੰਘ ਚਰਨਾਂ ਨੇ ਕਿਹਾ ਕਿ ਉਹ ਪਾਰਟੀ ਵੱਲੋਂ ਮਿਲੀ ਜਿੰਮੇਵਾਰੀ ਨੂੰ ਇਮਾਨਦਾਰੀ ਤਨਦੇਹੀ ਨਾਲ ਨਿਭਾਉਣਗੇ, ਪਾਰਟੀ ਦੀ ਚੜ੍ਹਦੀ ਕਲਾ ਲਈ ਪਹਿਲਾ ਵਾਂਗ ਸੇਵਾ ਕਰਦੇ ਰਹਿਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸਮਾਜ ਸੇਵੀ ਪੰਮਾ ਬਾਠ ਨੇ ਪਿੰਡ ਘਨੌਰ ਵਿਖੇ ਰੋਜਾ ਖੁਲਵਾਇਆ



**ਧੂਰੀ ( ਰਣਜੀਤ ਸਿੰਘ ਪੇਧਨੀ )**-ਅਕਾਲੀ ਦਲ ਪੁਨਰ ਸਰਜੀਤ ਦੇ ਸੀਨੀਅਰ ਆਗੂ ਸ, ਪਰਮਜੀਤ ਸਿੰਘ ਪੰਮਾ ਬਾਠ ਉੱਘ ਸਮਾਜ ਸੇਵੀ ਹਲਕਾ ਧੂਰੀ ਨੇ ਆਪਣੇ ਨੇੜਲੇ ਪਿੰਡ ਘਨੌਰ ਖੁਰਦ ਵਿਖੇ ਜਾ ਕੇ ਰਜਮਾਨ ਦੇ ਚੱਲ ਰਹੇ ਮਹੀਨੇ ਨੂੰ ਮੁੱਖ ਰੱਖਦਿਆਂ ਹੋਇਆਂ ਅਤੇ ਭਾਈਚਾਰਕ ਸਾਂਝ ਨੂੰ ਵਧਾਉਂਦਿਆਂ ਮੁਸਲਿਮ ਭਾਈਚਾਰੇ ਦੇ ਨਾਲ ਸ਼ਾਮ ਨੂੰ ਜਾ ਕੇ ਰੋਜਾ ਖੁਲਵਾਇਆ ।ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਸਮਾਜ ਸੇਵੀ ਪੰਮਾ ਬਾਠ ਨੇ ਕਿਹਾ ਪੰਜਾਬ ਹਿੰਦੂ, ਮੁਸਲਿਮ, ਸਿੱਖ, ਇਸਾਈ ਸਾਰੇ ਹਨ ਭਾਈ ਭਾਈ ਦੇ ਮਹਾਂਵਾਕਾਂ ਅਨੁਸਾਰ ਅਸੀਂ ਹਰ ਧਰਮ ਦਾ ਸਤਿਕਾਰ ਕਰਦੇ ਹਾਂ ਅਤੇ ਹੁਣ ਮੁਸਲਿਮ ਭਾਈਚਾਰੇ ਤੇ ਰੋਜੇ ਰੱਖੇ ਹੋਏ ਹਨ ਅਸੀਂ ਉਹਨਾਂ ਦੇ ਨਾਲ ਵੀ ਮੋਢੇ ਨਾਲ ਮੋਢਾ ਜੋੜ ਕੇ ਖੜੇ ਹਾਂ , ਮੁਸਲਿਮ ਭਾਈਚਾਰੇ ਵੱਲੋਂ ਸਾਨੂੰ ਰੋਜ਼ਿਆਂ ਤੇ ਦਾਵਤ ਦਿੱਤੀ ਜਾਂਦੀ ਹੈ ਤਾਂ ਅਸੀਂ ਜਾ ਕੇ ਆਪਣੀ ਭਾਈਚਾਰਕ ਸਾਂਝ ਨੂੰ ਹੋਰ ਮਜਬੂਤ ਕਰਦੇ ਹਾਂ।

ਆਵਾਜ਼ਿ ਕੌਮ AWAZE QAUM International Newspaper & WEB TV

# ਫਰਵਾਹੀ ਸਕੂਲ ਵਿਖੇ ਵਾਤਾਵਰਣ ਸਿੱਖਿਆ ਪ੍ਰੋਗਰਾਮ ਤਹਿਤ ਵੱਖ-ਵੱਖ ਗਤੀਵਿਧੀਆਂ ਕਰਵਾਈਆਂ



ਧੂਰੀ ( ਰਣਜੀਤ ਸਿੰਘ ਪੇਧਨੀ ) ਭਾਰਤ ਸਰਕਾਰ ਦੀ ਮਨਿਸਟਰੀ ਆਫ ਇਨਵਾਇਰਮੈਂਟ ਫੋਰੈਸਟ ਐਂਡ ਕਲਾਈਮੇਟ ਚੇਂਜ ਅਧੀਨ ਚੱਲ ਰਹੇ ਇਨਵਾਇਰਮੈਂਟ ਐਜੂਕੇਸ਼ਨ ਪ੍ਰੋਗਰਾਮ ਦੁਆਰਾ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ ਚੰਡੀਗੜ੍ਹ ਵੱਲੋਂ ਸਰਕਾਰੀ ਵਾਤਾਵਰਣ ਸਿੱਖਿਆ ਪ੍ਰੋਗਰਾਮ ਤਹਿਤ, ਸਰਕਾਰੀ ਸਕੂਲ ਫਰਵਾਹੀ ਵਿਖੇ ਬੱਚਿਆਂ ਨੂੰ ਬੈਂਗ

ਬਣਾਉਣ ਦੀ ਤਿਆਰੀ ਕਰਵਾਈ ਗਈ ਅਤੇ ਵੱਖ ਵੱਖ ਇਨਵਾਇਰਮੈਂਟਸਬੰਧੀ ਮੁਕਾਬਲੇ ਕਰਵਾਏ ਗਏ ।ਇਸ ਮੌਕੇ ਲਖਬੀਰ ਸਿੰਘ ਐਕਸਪਰਟ ਐਗਰੀਕਲਚਰ ਅਤੇ ਵਾਤਾਵਰਨ ਸਿੱਖਿਆ ਵੱਲੋਂ ਬੱਚਿਆਂ ਨੂੰ ਪਲਾਸਟਿਕ ਦੇ ਨੁਕਸਾਨ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਨਾਲ ਹੀਬੱਚਿਆਂ ਨੂੰ ਕੱਪੜਿਆਂ ਤੋਂ ਬਣਨ ਵਾਲੇ ਬੈਗਾਂ ਦੇ ਸਬੰਧੀ ਜਾਣਕਾਰੀ ਦੇ ਕੇ ਬੱਚਿਆਂ ਦਾ ਹੌਸਲਾ ਵਜਾਈ ਕੀਤਾ। ਇਸ ਮੌਕੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਸਕੂਲ ਇੰਚਾਰਜ ਸ਼੍ਰੀ ਅਸ਼ੋਕ ਕੁਮਾਰ ਗਰਗ ਨੇ ਕਿਹਾ ਕਿ ਦੁਨੀਆਂ ਭਰ ਵਿੱਚ ਵੇਸਟ ਮਟੀਰੀਅਲ ਦੀ ਬਹੁਤਾਤ ਹੈ,ਜੋ ਵਾਤਾਵਰਨ ਲਈ ਬੇਹੱਦ ਘਾਤਕ ਸਿੱਧ ਹੋ ਰਹੀ ਹੈ ਸੋ,ਇਨ੍ਹਾਂ ਵਾਧੂ ਪਦਾਰਥਾਂ ਦੀ ਮਿਕਦਾਰ ਨੂੰ ਘਟਾਉਣ ਘਟਾਉਣ ਦੇ ਲਈ ਇਨ੍ਹਾਂ ਦੀ ਕਿਸੇ ਨਾ ਕਿਸੇ ਰੂਪ ਵਿੱਚ ਦੁਬਾਰਾ ਵਰਤੋਂ ਕਰਕੇ ਸਾਨੂੰ ਵਾਤਾਵਰ ਦੀ ਸੰਭਾਲ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ।

ਇਸ ਮੌਕੇ ਸਾਇੰਸ ਮਾਸਟਰ ਕੋਮਲਜੀਤ ਸਿੰਘ ਵੱਲੋਂ ਬੱਚਿਆਂ ਨੂੰ ਬੈਗ ਬਣਾਉਣ ਸਬੰਧੀ ਜਾਗਰੂਕ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਯੂਨੀਵਰਸਿਟੀ ਵਿੱਚ ਸਿੱਖ ਵਿਦਿਆਰਥੀਆਂ ਨਾਲ ਧੱਕੇਸ਼ਾਹੀ, ਦਸਤਾਰਾਂ ਤੇ ਕਕਾਰਾਂ ਦੇ ਨਿਰਾਦਰ ਦੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਨਿੰਦਾ, ਦੋਸ਼ੀਆਂ ਅਧਿਕਾਰੀਆਂ ਖ਼ਿਲਾਫ਼ ਹੋਵੇ ਕਾਰਵਾਈ

**ਸ੍ਰੀ ਅੰਮ੍ਰਿਤਸਰ, 9 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਪ੍ਰਸ਼ਾਸਨ ਵੱਲੋਂ ਸਿੱਖ ਸੋਚ ਵਾਲੀਆਂ ਵੱਖ-ਵੱਖ ਵਿਦਿਆਰਥੀ ਜਥੇਬੰਦੀਆਂ ਨਾਲ ਜੁੜੇ ਵਿਦਿਆਰਥੀਆਂ ਉੱਤੇ ਕੀਤੀ ਧੱਕੇਸ਼ਾਹੀ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਯੂਨੀਵਰਸਿਟੀ ਅੰਦਰ ਸ੍ਰੀ ਗੁਰੂ ਤੇਗ. ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਏ ਗਏ ਸਮਾਗਮ ਬਾਰੇ ਜੇਕਰ ਵਿਦਿਆਰਥੀਆਂ ਨੂੰ ਕੋਈ ਇਤਰਾਜ਼ ਸੀ ਤਾਂ ਯੂਨੀਵਰਸਿਟੀ ਪ੍ਰਸ਼ਾਸਨ ਦਾ ਇਹ ਮੁੱਢਲਾ ਫਰਜ਼ ਸੀ ਕਿ ਉਨ੍ਹਾਂ ਦੀ ਗੱਲ ਸੁਣੀ ਜਾਂਦੀ ਨਾ ਕਿ ਉਨ੍ਹਾਂ ਨਾਲ ਧੱਕੇਸ਼ਾਹੀ ਕੀਤੀ ਜਾਂਦੀ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਚੰਡੀਗੜ੍ਹ ਪੁਲਿਸ ਵੱਲੋਂ ਰੋਸ ਪ੍ਰਦਰਸ਼ਨ ਲਈ ਇਕੱਠੇ ਹੋਏ ਵਿਦਿਆਰਥੀਆਂ ਨਾਲ ਧੱਕਾ ਕਰਨਾ ਅਤੇ ਸਿੱਖ ਵਿਦਿਆਰਥੀਆਂ ਦੀਆਂ ਦਸਤਾਰਾਂ ਉਤਾਰਨੀਆਂ ਕਦੇ ਵੀ ਬਰਦਾਸ਼ਤ ਨਹੀਂ ਕੀਤੀ ਜਾ ਸਕਦਾ ਇਸ ਲਈ ਦੋਸ਼ੀ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ।ਉਨ੍ਹਾਂ ਕਿਹਾ ਸ੍ਰੀ ਗੁਰੂ ਤੇਗ. ਬਹਾਦਰ ਸਾਹਿਬ ਜੀ ਦੀ ਗੁਰਬਾਣੀ ਸਿੱਖਿਆ ਦਿੰਦੀ ਹੈ ਕਿ ਕਿਸੇ ਨੂੰ ਭੈ ਨਹੀਂ ਦਿਖਾਉਣਾ ਅਤੇ ਨਾ ਹੀ ਕਿਸੇ ਦਾ ਭੈ ਮੰਨਣਾ ਹੈ, ਲੇਕਿਨ ਚੰਡੀਗੜ੍ਹ ਪ੍ਰਸ਼ਾਸਨ ਤੇ ਪੰਜਾਬ ਯੂਨੀਵਰਸਿਟੀ ਪ੍ਰਸ਼ਾਸਨ ਨੇ ਜੋ ਸਿੱਖ ਵਿਦਿਆਰਥੀਆਂ ਵਿਰੁੱਧ ਧੱਕੇਸ਼ਾਹੀ ਕੀਤੀ ਹੈ ਉਹ ਗੁਰੂ ਸਾਹਿਬ ਦੀ ਸਿੱਖਿਆਵਾਂ ਦੇ ਬਿਲਕੁਲ ਉਲਟ ਹੈ।ਉਨ੍ਹਾਂ ਕਿਹਾ ਕਿ ਰੋਸ ਪ੍ਰਗਟ ਕਰਨਾ ਵਿਦਿਆਰਥੀਆਂ ਦਾ ਹੱਕ ਹੈ ਅਤੇ ਉਨ੍ਹਾਂ ਦੀ ਅਵਾਜ਼ ਜਬਰ ਨਾਲ ਨਹੀਂ ਦਬਾਈ ਜਾ ਸਕਦੀ।



ਆਵਾਜ਼ਿ ਕੌਮ AWAZE QAUM International Newspaper & WEB TV

# ਆਪ' ਸਰਕਾਰ ਦਾ ਬਜਟ ਝੂਠ ਦਾ ਪੁਲੰਦਾ, ਪੰਜਾਬ ਦੇ ਹਰ ਵਰਗ ਨਾਲ ਕੀਤਾ ਧੋਖਾ ਰਣਜੀਤ ਸਿੰਘ ਰੰਧਾਵਾ

**ਸੰਗਾਲਾ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਧੂਰੀ ਦੇ ਇੰਚਾਰਜ ਰਣਜੀਤ ਸਿੰਘ ਰੰਧਾਵਾ ਨੇਸਰਕਾਰ ਵੱਲੋਂ ਪੇਸ਼ ਕੀਤੇਗਏ ਬਜਟ ਤੇ ਪ੍ਰਤੀਕਰਮ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੇ ਗਏ ਬਜਟ 2026-27 ਨੂੰ ਝੂਠ ਦਾ ਪੁਲੰਦਾ ਕਰਾਰ ਦਿੰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਔਰਤ ਦਿਵਸ ਦੇ ਮੌਕੇ 'ਤੇ ਵੀ ਔਰਤਾਂ ਸਮੇਤ ਪੰਜਾਬ ਦੇ ਹਰ ਵਰਗ ਨਾਲ ਧੋਖਾ ਕੀਤਾ ਹੈ। ਉਨ੍ਹਾਂ ਕਿਹਾ ਕਿ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਬਜਟ ਭਾਸ਼ਣ ਦੌਰਾਨ ਕੀਤੇ ਗਏ ਦਾਅਵੇ ਬਿਲਕੁਲ ਬੇਬੁਨਿਆਦ ਅਤੇ ਹਕੀਕਤ ਤੋਂ ਦੂਰ ਹਨ।ਖੁਰਾਣਾ ਨੇ ਕਿਹਾ ਕਿ ਸਰਕਾਰ ਵੱਲੋਂ ਬਜਟ ਵਿੱਚ ਕੀਤੇ ਗਏ ਐਲਾਨ ਅਸਲ ਜ਼ਮੀਨੀ ਹਕੀਕਤ ਨਾਲ ਕੋਈ ਸਬੰਧ ਨਹੀਂ ਰੱਖਦੇ।ਉਨ੍ਹਾਂ ਕਿਹਾ ਕਿ ਹੜ੍ਹ ਪੀੜਤ ਕਿਸਾਨ ਅੱਜ ਵੀ ਆਪਣੇ ਮੁਆਵਜ਼ੇ ਦੀ ਉਡੀਕ ਕਰ ਰਹੇ ਹਨ ਪਰ ਸਰਕਾਰ ਨੇ ਇਸ ਮਸਲੇ ਲਈ ਕੋਈ ਢੰਗ ਦੀ ਵਾਂ ਯੋਜਨਾ ਨਹੀਂ ਬਣਾਈ। ਬਜਟ 'ਚ 7 ਨਵੇਂ ਮੈਡੀਕਲ ਕਾਲਜਾਂ ਲਈ ਵੀ ਕੋਈ ਵੱਖਰਾ ਫੰਡ ਅਲਾਟ ਨਹੀਂ ਕੀਤਾ ਗਿਆ। ਸਰਕਾਰ ਵੱਲੋਂ 10 ਲੱਖ ਰੁਪਏ ਦੇ ਸਿਹਤ ਬੀਮਾ ਦੀ ਗੱਲ ਕੀਤੀ ਜਾ ਰਹੀ ਹੈ ਪਰ ਇਸ ਯੋਜਨਾ ਲਈ ਬਜਟ ਵਿੱਚ ਐਲਾਨੀ ਗਈ ਮਾਮੂਲੀ ਰਕਮ ਨੂੰ ਲੋਕਾਂ ਦੇ ਜਜਬਾਤਾਂ ਨਾਲ ਖੇਡਣ ਦੀ ਸਾਜ਼ਿਸ਼ ਹੀ ਕਿਹਾ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਨੇ ਪਿਛਲੀਆਂ ਜੋ ਵਿਧਾਨਸਭਾ ਚੋਣਾਂ ਦੌਰਾਨ ਔਰਤਾਂ ਨੂੰ ਸਰਕਾਰ ਬਣਦਿਆਂ ਹੀ ਹਰ ਮਹੀਨੇ 1000 ਰੁਪਏ ਦੇਣ ਦਾ ਵਾਅਦਾ ਕੀਤਾ ਸੀ। ਇਸ ਲਿਹਾਜ ਦੇ ਨਾਲ ਪਿਛਲੇ ਚਾਰ ਸਾਲ ਦਾ ਬਕਾਇਆ 48000 ਰੁਪਏ ਵੀ ਦੇਣਾ ਬਣਦਾ ਹੈ, ਪਰ ਸਰਕਾਰ ਨੇ ਇਸ ਤੋਂ ਮੂੰਹ ਫੇਰ ਲਿਆ ਹੈ, ਜੋ ਕਿ ਸਿੱਧਾ ਧੋਖਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਸਰਕਾਰ ਨੇ ਖੁਸ਼ਹਾਲ ਬਜਟ ਨਹੀਂ ਸਗੋਂ ਕੰਗਾਲ ਬਜਟ ਕੀਤਾ ਪੇਸ਼ : ਮੌੜ

ਮਹਿਲ ਕਲਾਂ ( ਰਣਜੀਤ ਸਿੰਘ ਪੇਧਨੀ ) ਪੰਜਾਬ ਸਰਕਾਰ ਵੱਲੋਂ ਪੇਸ਼ ਕੀਤਾ ਗਿਆ ਬਜਟ ਸੂਬਾ ਵਾਸੀਆਂ ਲਈ ਖੁਸ਼ਹਾਲ ਬਜਟ ਸਾਬਿਤ ਨਾ ਹੋ ਕੇ ਇੱਕ ਕੰਗਾਲ ਬਜਟ ਸਾਬਤ ਹੋਵੇਗਾ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ,ਕਾਂਗਰਸ ਪਾਰਟੀ ਦੀ ਟਿਕਟ ਦੇ ਹਲਕਾ ਮਹਿਲ ਕਲਾਂ ਤੋਂ ਪਾਰਟੀ ਦੇ ਪ੍ਰਮੁੱਖ ਦਾਅਵੇਦਾਰ ਗੁਰਮੇਲ ਸਿੰਘ ਮੌੜ ਨੇ ਕੀਤਾ। ਉਨ੍ਹਾਂ ਕਿਹਾ ਕਿ ਸੂਬੇ ਵਿਚਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਜੋ ਬਜਟ ਪੇਸ਼ ਕੀਤਾ ਗਿਆ ਹੈ ਉਹ ਲੋਕਾਂ ਨੂੰ ਗੁਮਰਾਹ ਕਰਨ ਵਾਲਾ ਹੈ ਉਹਨਾਂ ਕਿਹਾ ਕਿ ਸਰਕਾਰ ਦੀ ਆਮਦਨ ਸਿਰਫ ਇਕ ਲੱਖ ਕਰੋੜ ਰੁਪਏ ਹੈ ਜਦੋਂ ਕਿ ਸਰਕਾਰ ਵੱਲੋਂ ਢਾਈ ਲੱਖ ਕਰੋੜ ਰੁਪਏ ਦਾ ਬਜਟ ਪੇਸ਼ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸੂਬੇ ਦੀਆਂ ਧੀਆਂ ਭੈਣਾਂ ਅਤੇ ਬੀਬੀਆਂ ਲਈ ਜੋ ਹਜਾਰ ਹਜਾਰ ਰੁਪਏ ਦੇਣ ਦਾ ਵਾਅਦਾ ਪੂਰਾ ਕੀਤਾ ਗਿਆ ਹੈ ਉਸ ਵਿੱਚ ਵੀ ਸਾਫ ਨਹੀਂ ਕੀਤਾ ਕਿ ਇਹ

ਪੈਸੇ ਕਦੋਂ ਤੋਂ ਮਿਲਣਗੇ ਅਤੇ ਜੋ ਬੀਬੀਆਂ ਭੈਣਾਂ ਦਾ ਪਿਛਲੇ ਚਾਰ ਸਾਲ ਦਾ ਬਕਾਇਆ 48000 ਰੁਪਏ ਰਹਿੰਦਾ ਹੈ ਉਹ ਕਦੋਂ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਸੂਬੇ ਦੇ ਹਾਲਾਤ ਦਿਨ ਪ੍ਰਤੀ ਦਿਨ ਬੱਤਰ ਹੁੰਦੇ ਜਾ ਰਹੇ ਹਨ ਅਤੇ ਉਨਾਂ ਦੇ ਹਲਕਾ ਖਰੜ ਦੇ ਵਿੱਚ ਵੀ ਲੋਕ ਗਲੀਆਂ ਨਾਲੀਆਂ ਦੇ ਵਿਕਾਸ ਨੂੰ ਤਰਸ ਰਹੇ ਹਨ। ਉਹਨਾਂ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਵਿੱਚ ਸੂਬੇ ਦੇ ਲੋਕ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਮੂੰਹ ਨਹੀਂ ਲਗਾਉਣਗੇ।



ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ (ਆਸਲ) ਵਿਖੇ ਸੰਤਾਂ ਮਹਾਂਪੁਰਸ਼ਾਂ ਅਤੇ ਗੁਰੂ ਘਰ ਦੇ ਸੇਵਾਦਾਰਾਂ ਦੀ ਸਲਾਨਾ ਬਰਸੀ ਨੂੰ ਸਮਰਪਿਤ

# ਗੁਰਮਤਿ ਸਮਾਗਮ 15 ਮਾਰਚ ਨੂੰ—ਸੰਤ ਬਾਬਾ ਭਗਤ ਮਿਲਖਾ ਸਿੰਘ



ਫ਼ਿਰੋਜ਼ਪੁਰ, 09 ਮਾਰਚ (ਮਨੋਹਰ ਲਾਲ) :— ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ (ਆਸਲ) ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸੰਤਾਂ ਮਹਾਂਪੁਰਸ਼ਾਂ ਅਤੇ ਗੁਰੂ ਘਰ ਦੇ ਸੇਵਾਦਾਰ ਦੀ ਸਲਾਨਾ ਬਰਸੀ ਨੂੰ ਸਮਰਪਿਤ ਗੁਰਮਤਿ ਸਮਾਗਮ 15 ਮਾਰਚ 2026 (2 ਚੇਤਰ) ਦਿਨ ਐਤਵਾਰ ਮਨਾਈ ਜਾ ਰਹੀ ਹੈ। ਇਹ ਜਾਣਕਾਰੀ ਗੁਰਦੁਆਰਾ ਸ੍ਰੀ ਗੁਰੂ ਰਾਮਦਾਸ ਪੁਰੀ ਅਰਮਾਨਪੁਰਾ ਆਸਲ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸੰਤਾਂ ਮਹਾਂਪੁਰਸ਼ਾਂ ਅਤੇ ਗੁਰੂ ਘਰ ਦੇ ਸੇਵਾਦਾਰਾਂ ਦੀ ਸਲਾਨਾ ਬਰਸੀ ਨੂੰ ਸਮਰਪਿਤ ਗੁਰਮਤਿ ਸਮਾਗਮ 15 ਮਾਰਚ 2026 (2 ਚੇਤਰ) ਦਿਨ ਐਤਵਾਰ ਨੂੰ ਕਰਵਾਏ ਜਾ ਰਹੇ ਹਨ। ਸ੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਨੇ ਅੱਗੇ ਦੱਸਿਆ ਕਿ ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਉਪਰੰਤ ਦੀਵਾਨ ਸਜਾਏ ਜਾਣਗੇ, ਜਿਸ ਵਿਚ ਰਾਗੀ, ਢਾਡੀ, ਕਥਾਵਾਚਕ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਮੰਤਰ ਮੁਗਧ ਕੀਤਾ ਜਾਵੇਗਾ। ਇਨ੍ਹਾਂ ਸੰਤਾਂ ਮਹਾਂਪੁਰਖਾਂ ਵਿਚ ਸਚਖੰਡ ਵਾਸੀ ਸੰਤ ਬਾਬਾ ਠਾਕੁਰ ਸਿੰਘ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਚੌਂਕ ਮਹਿਤਾ ਦਮਦਮੀ ਟਕਸਾਲ ਸਚਖੰਡ ਵਾਸੀ ਸੰਤ ਬਾਬਾ ਦਯਾ ਸਿੰਘ (ਸੁਰ ਸਿੰਘ ਵਾਲੇ) ਬਾਬਾ ਬਿੱਧੀ ਚੰਦ ਛੀਨਾ ਗੁਰੂ ਕਾ ਸੀਨਾ, ਸੱਚਖੰਡ ਵਾਸੀ ਸੰਤ ਬਾਬਾ ਅਜੀਤ ਸਿੰਘ ਜੰਡ ਸਾਹਿਬ (ਸ੍ਰੀ ਮੁਕਤਸਰ ਸਾਹਿਬ), ਸਚਖੰਡ ਵਾਸੀ ਸੰਤ ਬਾਬਾ ਹਰਨੇਕ ਸਿੰਘ ਸੰਪਰਦਾਇ ਰਾੜਾ ਸਾਹਿਬ ਵਾਲੇ, ਸਚਖੰਡ ਵਾਸੀ ਗਿਆਨੀ ਪੂਰਨ ਸਿੰਘ ਹੈ ਗ੍ਰੰਥੀ ਸ੍ਰੀ ਦਰਬਾਰ ਸਾਹਿਬ (ਸ੍ਰੀ ਅੰਮ੍ਰਿਤਸਰ ਸਾਹਿਬ) ਸਚਖੰਡ ਵਾਸੀ ਸੰਤ ਬਾਬਾ ਬਚਿੱਤਰ ਸਿੰਘ ਗੁਰਦੁਆਰਾ ਬਾਬਾ ਰਾਮ ਲਾਲ (ਫ਼ਿਰੋਜ਼ਪੁਰ) ਜੀ ਦੀ ਬਰਸੀ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਜਾ ਰਹੀ ਹੈ। ਸ੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਨੇ ਅੱਗੇ ਦੱਸਿਆ ਕਿ ਇਨ੍ਹਾਂ ਮਹਾਂਪੁਰਖਾਂ ਨੇ ਸਾਰੀ ਉਮਰ ਤਪ ਕੀਤਾ ਅਤੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ਅਤੇ ਖੰਡੇ ਬਾਟੇ ਦਾ ਅੰਮ੍ਰਿਤ ਛਕਾ ਕੇ ਗੁਰੂ ਵਾਲੇ ਬਨਾਇਆ। ਸ੍ਰੀਮਾਨ ਸੰਤ ਬਾਬਾ ਭਗਤ ਮਿਲਖਾ ਸਿੰਘ ਨੇ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਵੱਧ ਤੋਂ ਵੱਧ ਸੰਗਤਾਂ ਪਹੁੰਚ ਕੇ ਆਏ ਹੋਏ ਮਹਾਂਪੁਰਖਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਨਾਉ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਏ ਜਾਣਗੇ।

ਮੁਲਾਜ਼ਮ ਮੰਗਾਂ ਤੇ ਅਧਿਕਾਰੀਆਂ ਦੇ ਅੜਿਲ ਵਤੀਰੇ ਵਿਰੁੱਧ

# ਉਪ ਮੰਡਲ ਅਫਸਰ ਝੋਕ ਹਰੀਹਰ ਵਿਖੇ ਕਾਮਿਆਂ ਨਾਲ ਧਰਨਾ



ਫ਼ਿਰੋਜ਼ਪੁਰ, 09 ਮਾਰਚ (ਮਨੋਹਰ ਲਾਲ) :— ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਸਬ ਡਵੀਜਨ ਝੋਕ ਹਰੀਹਰ ਦੇ ਅਹੁਦੇਦਾਰਾਂ ਵੱਲੋਂ ਉਪ ਮੰਡਲ ਅਫਸਰ ਝੋਕ ਹਰੀਹਰ ਦੇ ਬਾਹਰ ਮੂਹਰੇ ਲਾਇਆ ਧਰਨਾ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਰਜੇਸ਼ ਕੁਮਾਰ ਨੇ ਦੱਸਿਆ ਕਿ ਜਥੇਬੰਦੀ ਵੱਲੋਂ ਉਪ ਮੰਡਲ ਅਫਸਰ ਝੋਕ ਹਰੀਹਰ ਵੱਲੋਂ ਮੰਗ ਪੱਤਰ ਨੰਬਰ 2 ਮਿਤੀ 7 ਮਾਰਚ 2026 ਅਨੁਸਾਰ ਦਿੱਤੀਆਂ ਮੰਗਾਂ ਦੇ ਸਬੰਧ ਵਿਚ ਮੀਟਿੰਗ ਦਾ ਸਮਾਂ ਦਿੱਤਾ ਗਿਆ, ਜਿਥੇ ਜਥੇਬੰਦੀ ਨੇ ਆਪਣੀਆਂ ਮੰਗਾਂ ਸਬੰਧੀ ਗੱਲਬਾਤ ਕਰਦਿਆਂ ਕਿਹਾ ਕਿ ਜ਼ੋ 6 ਮਾਰਚ 2026 ਨੂੰ ਸਹਿਮਤੀਆਂ ਬਣੀਆਂ ਸਨ, ਜਥੇਬੰਦੀ ਅੱਜ ਵੀ ਉਥੇ ਸਹਿਮਤ ਹੈ ਪਰ ਆਪ ਵੱਲੋਂ ਜਥੇਬੰਦੀ ਨਾਲ ਵਿਸਵਾਸ਼ਘਾਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਮੀਟਿੰਗ ਦਾ ਸਮਾਂ ਦੇਣ ਉਪਰੰਤ ਵੀ ਉਪ ਮੰਡਲ ਅਫਸਰ ਝੋਕ ਹਰੀਹਰ ਵੱਲੋਂ ਇਨ੍ਹਾਂ ਮੰਗਾਂ ਨੂੰ ਮੰਨਣ ਤੋਂ ਸਾਫ ਇਨਕਾਰ ਕੀਤਾ, ਜਿਸ ਤੇ ਜਥੇਬੰਦੀ ਵੱਲੋਂ ਧਰਨਾ ਦਿੱਤਾ ਅਤੇ ਮੰਗ ਕੀਤੀ ਕਿ ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਦੇ ਜ਼ੋ ਕਰਮਚਾਰੀ ਖਾਈ ਲਗਾਏ ਸੀ, ਉਹ ਨਹੀਂ ਲਗਾਏ ਗਏ। ਉਨ੍ਹਾਂ ਕਿਹਾ ਕਿ ਰਾਜੀਵ ਕੁਮਾਰ ਸੀ.ਸੀ ਦੇ ਏ.ਆਰ.ਏ ਦੇ ਆਰਡਰ ਕੈਂਸਲ ਕਰਨ ਬਾਰੇ, ਜੀ.ਐਸ.ਈ ਉਸੇ ਤਰ੍ਹਾਂ ਫੀਡਰ ਵਾਈਜ ਚਲਾਉਣ ਬਾਰੇ, ਗੱਡੀ ਦੀ ਜੇ.ਈ ਵਾਈਜ਼ ਦਿਨਾਂ ਦੀ ਵੰਡ ਕਰਨ ਬਾਰੇ ਮੰਗ ਕੀਤੀ ਗਈ। ਅੱਜ ਦੀ ਮੀਟਿੰਗ ਦੀ ਅਗਵਾਈ ਰਾਜੇਸ਼ ਕੁਮਾਰ ਪ੍ਰਧਾਨ ਵੱਲੋਂ ਕੀਤੀ ਗਈ ਅਤੇ ਉਪ ਮੰਡਲ ਅਫਸਰ ਝੋਕ ਹਰੀਹਰ ਵਿਰੁੱਧ ਨਾਅਰੇਬਾਜੀ ਕਰਦੇ ਹੋਏ ਚੇਤਾਵਨੀ ਦਿੱਤੀ ਕਿ ਜੇਕਰ ਮੰਗਾਂ ਦਾ ਨਿਪਟਾਰਾ ਨਾ ਕੀਤਾ ਤਾਂ ਆਉਣ ਵਾਲੇ ਸਮੇਂ ਦੌਰਾਨ ਜਥੇਬੰਦੀ ਨੂੰ ਹੋਰ ਵੀ ਤਿੱਖਾ ਸੰਘਰਸ਼ ਕਰਨਾ ਪਵੇਗਾ।

# ਭਾਰਤ ਵਿਚ ਦੇਖਣ ਨੂੰ ਤਾਂ ਸਭਨਾਂ ਲਈ ਇਕੋ ਕਾਨੂੰਨ, ਪਰ ਅਸਲੀਅਤ ਵਿਚ ਕੁਝ ਹੋਰ—ਭਾਈ ਲਖਬੀਰ ਸਿੰਘ ਨੰਬਰਦਾਰ





ਫ਼ਿਰੋਜ਼ਪੁਰ, 09 ਮਾਰਚ (ਮਨੋਹਰ ਲਾਲ) :— ਕਹਿਣ ਸੁਣਨ ਨੂੰ ਤਾਂ ਇਸ ਤਰ੍ਹਾਂ ਲੱਗਦਾ ਹੈ ਕਿ ਭਾਰਤ ਦੇਸ਼ ਵਿਚ ਕਾਨੂੰਨ ਸਭ ਲਈ ਇਕ ਲੱਗਦਾ ਹੈ, ਪਰ ਜਦੋਂ ਡੂੰਘਾਈ ਨਾਲ ਦੇਖੀਏ ਤਾਂ ਪਤਾ ਲੱਗਦਾ ਹੈ ਕਿ ਇਥੇ ਬਹੁ ਗਿਣਤੀ ਅਤੇ ਘੱਟ ਗਿਣਤੀਆਂ ਲਈ ਕਾਨੂੰਨ ਵੱਖਰੇ ਹਨ। ਇਹ ਵਿਚਾਰ ਸਾਂਝੇ ਕਰਦਿਆਂ ਜ਼ਿਲ੍ਹਾ ਜਥੇਦਾਰ ਭਾਈ ਲਖਬੀਰ ਸਿੰਘ ਨੰਬਰਦਾਰ ਨੇ ਕਿਹਾ ਕਿ ਇਕ ਪਾਸੇ ਉਮਰ ਕੈਦ ਤੋਂ ਵੀ ਡਬਲ ਸਜਾ ਪੂਰੀ ਕਰ ਚੁੱਕੇ ਸਿੱਖ ਨੌਜਵਾਨਾਂ ਨੂੰ ਪੈਰੋਲ ਵੀ ਨਹੀਂ ਦਿੱਤੀ ਜਾ ਰਹੀ, ਦੂਜੇ ਪਾਸੇ ਸਿੱਖਾਂ ਦੇ ਕਾਤਲ ਸੱਜਣ ਕੁਮਾਰ ਵਰਗਿਆਂ ਨੂੰ ਬਰੀ ਕੀਤਾ ਜਾ ਰਿਹਾ ਹੈ ਅਤੇ ਦੂਜਾ ਮਨੁੱਖਤਾ ਦਾ ਦੁਸ਼ਮਣ ਅਖੌਤੀ ਸੌਦਾ ਸਾਧ ਜਿਸ ਤੇ ਕਤਲ, ਬਲਾਤਕਾਰ ਜਿਹੇ ਤੇ ਨੌਜਵਾਨਾਂ ਨੂੰ ਨਪੁੰਸਕ ਬਣਾਉਣ ਦੇ ਦੋਸ਼ ਸਿੱਧ ਹੋ ਚੁੱਕੇ ਹਨ ਅਤੇ ਉਮਰ ਕੈਦ ਦੀ ਸਜਾ ਹੋਈ ਹੈ, ਪਰ ਵਾਰ—ਵਾਰ ਪੈਰੋਲ ਦਿੱਤੀ ਜਾਂਦੀ ਹੈ ਅਤੇ ਹੁਣ ਕਤਲ ਕੇਸ ਵਿਚੋਂ ਬਰੀ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅਜਿਹਾ ਹੋਣ ਨਾਲ ਸਿੱਖ ਕੌਮ ਦੇ ਮਨਾਂ ਨੂੰ ਭਾਰੀ ਠੇਸ ਪਹੁੰਚੀ ਹੈ। ਅੱਗੇ ਗੱਲ ਕਰਦਿਆਂ ਸੀਨੀਅਰ ਆਗੂ ਜਥੇਦਾਰ ਹਿੰਮਤ ਸਿੰਘ ਸ਼ਕੂਰ ਨੇ ਕਿਹਾ ਕਿ ਕਾਨੂੰਨ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ ਅਤੇ ਕਾਨੂੰਨ ਦਾ ਮਜਾਕ ਉਡਾਇਆ ਜਾ ਰਿਹਾ ਹੈ। ਅਗਰ ਬਲਾਤਕਾਰੀ, ਕਾਤਲ ਦੀ ਸਜਾ ਮੁਆਫ ਹੋ ਸਕਦੀ ਹੈ ਤਾਂ ਕੀ ਕਾਰਣ ਸਜਾਵਾਂ ਪੂਰੀਆਂ ਕਰ ਚੁੱਕੇ ਸਿੱਖਾਂ ਨਾਲ ਵਿਤਕਰਾ ਕਿਉਂ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM
International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਯੂਨੀਵਰਸਿਟੀ ਕਾਲਜ ਬੇਨੜਾ ਵਿਖੇ ਦਿਵਸ ਨੂੰ ਸਮਰਪਿਤ ਲੈਕਚਰ ਕਰਵਾਇਆ




**ਧੂਰੀ ( ਰਣਜੀਤ ਸਿੰਘ ਪੇਧਨੀ )**-ਯੂਨੀਵਰਸਿਟੀ ਕਾਲਜ ਬੇਨੜਾ ਵਿਖੇ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਦੀ ਸਰਪ੍ਰਸਤੀ ਵਿੱਚ ਐੱਨ.ਐੱਸ.ਐੱਸ. ਯੂਨਿਟਾਂ ਵੱਲੋਂ ਔਰਤ ਦਿਵਸ ਨੂੰ ਸਮਰਪਿਤ ਲੈਕਚਰ ਕਰਵਾਇਆ ਗਿਆ। ਮੁੱਖ ਬੁਲਾਰੇ ਵਜੋਂ ਕਾਲਜ ਦੇ ਪੰਜਾਬੀ ਵਿਭਾਗ ਤੋਂ ਮਹਿਲਾ ਅਧਿਆਪਕ ਪ੍ਰੋ: ਸੁਖਵਿੰਦਰ ਕੌਰ ਨੇ ਸ਼ਮੂਲੀਅਤ ਕੀਤੀ। ਉਨ੍ਹਾਂ ਨੇ ਔਰਤ ਸ਼ਬਦ ਦੇ ਅਰਥ ਦੱਸਦੇ ਹੋਏ ਇਸ ਦਿਵਸ ਨੂੰ ਮਨਾਉਣ ਦੇ ਸ਼ੁਰੂਆਤੀ ਕਾਰਨਾਂ ਦਾ ਜ਼ਿਕਰ ਕੀਤਾ। ਉਨ੍ਹਾਂ ਕਿਹਾ ਮੌਜੂਦਾ ਸਮੇਂ ਇਸ ਦਿਵਸ ਨੂੰ ਮਨਾਉਣ ਦਾ ਉਦੇਸ਼ ਵੱਖ-ਵੱਖ ਖੇਤਰਾਂ ਵਿੱਚ ਖ਼ਾਸ ਯੋਗਦਾਨ ਪਾਉਣ ਵਾਲੀਆਂ ਔਰਤਾਂ ਨੂੰ ਯਾਦ ਕਰਦੇ ਹੋਏ ਔਰਤ ਨੂੰ ਆਪਣੇ ਹੱਕਾਂ ਪ੍ਰਤੀ ਜਾਗਰੂਕ ਕਰਨਾ ਤੇ ਸੰਘਰਸ਼ ਕਰਨ ਲਈ ਪ੍ਰੇਰਿਤ ਕਰਨਾ ਹੈ। ਉਨ੍ਹਾਂ ਨੇ ਗੁਰੂ ਸਾਹਿਬਾਨ ਦੇ ਹਵਾਲੇ ਨਾਲ ਕਿਹਾ ਔਰਤ ਨੂੰ ਸਮਾਜ ਵਿੱਚ ਸਨਮਾਨ ਅਤੇ ਸਮਾਨਤਾ ਦਾ ਅਧਿਕਾਰ ਦੇਣ ਨਾਲ ਹੀ ਇੱਕ ਸੁਚੱਜਾ ਸਮਾਜ ਸਿਰਜਿਆ ਜਾ ਸਕਦਾ ਹੈ। ਐੱਨ.ਐੱਸ.ਐੱਸ. ਦੇ ਪ੍ਰੋਗਰਾਮ ਅਫ਼ਸਰ ਡਾ. ਅਸ਼ੋਕ ਕੁਮਾਰ ਨੇ ਮੁੱਖ ਬੁਲਾਰੇ ਦਾ ਰਸਮੀ ਧੰਨਵਾਦ ਕੀਤਾ। ਇਸ ਮੌਕੇ ਡਾ. ਰਾਕੇਸ਼ ਕੁਮਾਰ ਤੇ ਡਾ. ਕਰਮਜੀਤ ਸਿੰਘ ਹਾਜ਼ਰ ਸਨ।

# ਅੰਤਰਰਾਸ਼ਟਰੀ ਮਹਿਲਾ ਸਨਮਾਨ ਦਿਵਸ ਮੌਕੇ ਮੀਨਾਕਸ਼ੀ ਸਿੰਘਲ ਨੂੰ 'ਨਾਰੀ ਪ੍ਰੇਰਣਾ ਸਨਮਾਨ ਐਵਾਰਡ' ਨਾਲ ਕੀਤਾ ਸਨਮਾਨਿਤ



ਫ਼ਿਰੋਜ਼ਪੁਰ, 09 ਮਾਰਚ (ਮਨੋਹਰ ਲਾਲ) :— ਅੰਤਰਰਾਸ਼ਟਰੀ ਮਹਿਲਾ ਸਨਮਾਨ ਦਿਵਸ ਦੇ ਮੌਕੇ ਤੇ ਅਖਿਲ ਭਾਰਤੀ ਮਹਿਲਾ ਅਗਰਵਾਲ ਸੰਮੇਲਨ ਫਿਰੋਜ਼ਪੁਰ ਛਾਉਣੀ ਵੱਲੋਂ ਇਕ ਭਵਿਆ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸਮਾਜ, ਸਿੱਖਿਆ ਅਤੇ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਵਾਲੀਆਂ ਮਹਿਲਾਵਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਜੇਨੇਸਿਸ ਡੈਂਟਲ ਕਾਲਜ ਐਂਡ ਹਸਪਤਾਲ, ਫਿਰੋਜ਼ਪੁਰ ਦੀ ਚੇਅਰਪਰਸਨ ਸ੍ਰੀਮਤੀ ਮੀਨਾਕਸ਼ੀ ਸਿੰਘਲ ਨੂੰ ਉਨ੍ਹਾਂ ਦੇ ਉਤਕ੍ਰਿਸ਼ਟ ਸਮਾਜਿਕ ਕਾਰਜਾਂ ਅਤੇ ਸਿੱਖਿਆ ਤੇ ਸਿਹਤ ਖੇਤਰ ਵਿੱਚ ਸ਼ਲਾਘਾਯੋਗ ਯੋਗਦਾਨ ਲਈ *"ਨਾਰੀ ਪ੍ਰੇਰਣਾ ਸਨਮਾਨ ਐਵਾਰਡ"* ਨਾਲ ਸਨਮਾਨਿਤ ਕੀਤਾ ਗਿਆ। ਸਮਾਰੋਹ ਦੌਰਾਨ ਆਯੋਜਕਾਂ ਨੇ ਕਿਹਾ ਕਿ ਸ੍ਰੀਮਤੀ ਮੀਨਾਕਸ਼ੀ ਸਿੰਘਲ ਲੰਬੇ ਸਮੇਂ ਤੋਂ ਸਮਾਜ ਸੇਵਾ ਦੇ ਕਾਰਜਾਂ ਵਿੱਚ ਸਰਗਰਮ ਭੂਮਿਕਾ ਨਿਭਾ ਰਹੇ ਹਨ। ਉਨ੍ਹਾਂ ਦੀ ਅਗਵਾਈ ਹੇਠ ਜੇਨੇਸਿਸ ਡੈਂਟਲ ਕਾਲਜ ਐਂਡ ਹਸਪਤਾਲ ਨਾ ਸਿਰਫ ਵਿਦਿਆਰਥੀਆਂ ਨੂੰ ਉੱਚ ਪੱਧਰੀ ਡੈਂਟਲ ਸਿੱਖਿਆ ਪ੍ਰਦਾਨ ਕਰ ਰਿਹਾ ਹੈ, ਸਗੋਂ ਸਮੇਂ—ਸਮੇਂ ਤੇ ਵੱਖ—ਵੱਖ ਸਮਾਜਿਕ ਅਤੇ ਸਿਹਤ ਸੇਵਾਵਾਂ ਨਾਲ ਜੁੜੇ ਪ੍ਰੋਗਰਾਮਾਂ ਰਾਹੀਂ ਲੋੜਵੰਦ ਲੋਕਾਂ ਦੀ ਮਦਦ ਵੀ ਕਰ ਰਿਹਾ ਹੈ। ਵਕਤਾਵਾਂ ਨੇ ਕਿਹਾ ਕਿ ਮੀਨਾਕਸ਼ੀ ਸਿੰਘਲ ਦੀ ਸਮਰਪਣ ਭਾਵਨਾ, ਸੇਵਾ ਭਾਵ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਉਨ੍ਹਾਂ ਨੂੰ ਹੋਰ ਲੋਕਾਂ ਲਈ ਪ੍ਰੇਰਣਾ ਦਾ ਸਰੋਤ ਬਣਾਉਂਦੀ ਹੈ। ਉਨ੍ਹਾਂ ਦੇ ਪਤੀ ਸੀਏ ਵਰਿੰਦਰ ਮੋਹਨ ਸਿੰਘਲ ਵੀ ਪ੍ਰਸਿੱਧ ਸਮਾਜਸੇਵੀ ਹਨ, ਜੋ ਹਮੇਸ਼ਾਂ ਸਮਾਜਿਕ ਕਾਰਜਾਂ ਅਤੇ ਲੋੜਵੰਦਾਂ ਦੀ ਮਦਦ ਲਈ ਅੱਗੇ ਰਹਿੰਦੇ ਹਨ। ਕਾਰਜਕ੍ਰਮ ਦੌਰਾਨ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ *"ਨਾਰੀ ਪ੍ਰੇਰਣਾ ਸਨਮਾਨ ਐਵਾਰਡ"* ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਮੌਜੂਦ ਗਣਮਾਨਯ ਵਿਅਕਤੀਆਂ ਨੇ ਉਨ੍ਹਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦਾ ਕੰਮ ਸਮਾਜ ਲਈ ਪ੍ਰੇਰਣਾਦਾਇਕ ਹੈ ਅਤੇ ਇਸ ਤਰ੍ਹਾਂ ਦੇ ਸਨਮਾਨ ਮਹਿਲਾਵਾਂ ਨੂੰ ਅੱਗੇ ਵੱਧਣ ਅਤੇ ਸਮਾਜ ਸੇਵਾ ਵਿੱਚ ਸਰਗਰਮ ਰਹਿਣ ਲਈ ਪ੍ਰੋਤਸਾਹਿਤ ਕਰਦੇ ਹਨ।

# ਬ੍ਰਾਹਮਣ ਸਮਾਜ 15 ਨੂੰ ਹੋਵੇਗਾ ਲਾਮਬੰਧ—ਹਰੀ ਰਾਮ ਖਿੰਦੜੀ



ਫ਼ਿਰੋਜ਼ਪੁਰ, 09 ਮਾਰਚ (ਮਨੋਹਰ ਲਾਲ) :— ਬ੍ਰਾਹਮਣ ਸਮਾਜ ਨੂੰ ਦਰਪੇਸ਼ ਆ ਰਹੀਆਂ ਮੁਸ਼ਿਕਲਾਂ ਅਤੇ ਭਗਵਾਨ ਪਰਸ਼ੂਰਾਮ ਜੀ ਦੀ ਜਨਮੋ ਸਥਲੀ ਪਿੰਡ ਰਕਾਸਨ ਮਾਤਾ ਰੇਨੂਕਾ ਜੀ ਦੇ ਪੇਕੇ ਪਿੰਡ ਭਰਗੂਵਸੀ ਸਮਾਜਿਕ 2026 ਦਾ ਵਿਮੋਚਨ ਕਰਨ ਲਈ 15 ਮਾਰਚ ਨੂੰ ਹੋਵੇਗੀ ਧਾਰਮਿਕ ਜਥੇਬੰਦੀਆਂ ਦੇ ਅਹਿਮ ਬੈਠਕ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਹਰੀ ਰਾਮ ਖਿੰਦੜੀ ਜਨਰਲ ਸਕੱਤਰ ਬ੍ਰਾਹਮਣ ਸਭਾਨੇ ਦੱਸਿਆ ਕਿ 15 ਮਾਰਚ ਨੂੰ ਹੋਣ ਵਾਲੀ ਮੀਟਿੰਗ ਵਿਚ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦੇ ਪ੍ਰਧਾਨ ਅਤੇ ਉਨ੍ਹਾਂ ਦੀ ਕਾਜਕਾਰਨੀ ਨੂੰ ਸ਼ਿਰਕਤ ਕਰਨ ਦਾ ਖੁੱਲਾ ਸੱਦਾ ਦਿੱਤਾ ਜਾਂਦਾ ਹੈ ਅਤੇ ਇਹ ਮੀਟਿੰਗ ਪ੍ਰਾਚੀਨ ਸ਼ਿਵਾਲਾ ਮੰਦਿਰ ਨੇੜੇ ਜ਼ੀਰਾ ਗੇਟ, ਫ਼ਿਰੋਜ਼ਪੁਰ ਸ਼ਹਿਰ ਵਿਖੇ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਮੀਟਿੰਗ ਦੌਰਾਨ ਹੋਰਨਾਂ ਸਮੱਸਿਆਵਾਂ ਦੇ ਨਾਲ—ਨਾਲ ਬ੍ਰਾਹਮਣ ਸਮਾਜ ਦੀਆਂ ਮੁਸ਼ਿਕਲਾਂ ਅਤੇ ਭਗਵਾਨ ਪਰਸ਼ੂਰਾਮ ਜੀ ਦੇ ਪੇਕੇ ਪਿੰਡ ਭਰਗੂਵੀ ਸਮਾਜਿਕ—2026 ਦਾ ਵਿਮੋਚਨ ਕੀਤਾ ਜਾਵੇਗਾ ਅਤੇ ਬ੍ਰਾਹਮਣ ਸਮਾਜ ਲਈ ਮੰਗ ਪੱਤਰ ਤਿਆਰ ਕਰਨ ਸਬੰਧੀ ਸੁਝਾਅ ਪ੍ਰਾਪਤ ਕੀਤੇ ਜਾਣਣਗੇ ਤਾਂ ਜ਼ੋ ਮੰਗ ਪੱਤਰ ਤਿਆਰ ਕਰਕੇ ਪ੍ਰਸ਼ਾਸਨਿਕ ਅਧਿਕਾਰੀਆਂ ਤੇ ਸਰਕਾਰ ਤੱਕ ਬ੍ਰਾਹਮਣ ਸਮਾਜ ਦੀ ਆਵਾਜ਼ ਬੁਲੰਦ ਕੀਤੀ ਜਾ ਸਕੇ। ਉਨ੍ਹਾਂ ਦੱਸਿਆ ਇਸ ਮੌਕੇ ਮੁੱਖ ਅਤਿਥੀ 1008 ਸ੍ਰੀ ਕਮਲ ਪੁਰੀ ਜੀ ਮਹਾਰਾਜ ਵਿਸ਼ੇਸ਼ ਅਤਿਥੀ 1008 ਸ੍ਰੀ ਮਹਨਤ ਬਲਦੇਵ ਗਿਰੀ ਜੀ ਅਤੇ ਸਵਾਮੀ ਵਿਦਿਆ ਨੰਦ ਜੀ 1008 ਹੋਣਗੇ।